ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 70
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 13 March, 2026) ਸ਼ੁੱਕਰਵਾਰ, 13 ਮਾਰਚ, 2026, 30 ਫੱਗਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਮੂਸੇਵਾਲਾ ਕਤਲ 'ਚ ਪਵਨ ਬਿਸ਼ਨੋਈ ਤੇ ਜਗਤਾਰ ਸਿੰਘ ਨੂੰ ਮਿਲੀ ਜ਼ਮਾਨਤ

ਨਵੀਂ ਦਿੱਲੀ, 12 ਮਾਰਚ (ਚ.ਨ.ਸ.):ਸੁਪਰੀਮ ਕੋਰਟ ਨੇ ਸਿੱਧੂ ਮੂਸੇਵਾਲਾ ਕਤਲ ਕੇਸ ਦੇ ਮੁਲਜ਼ਮਾਂ ਦੀ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਕੀਤੀ। ਅਦਾਲਤ ਨੇ 2 ਮੁਲਜ਼ਮਾਂ ਨੂੰ ਜ਼ਮਾਨਤ ਦੇ ਦਿੱਤੀ ਹੈ। ਮੁਲਜ਼ਮ ਪਵਨ ਤੇ ਜਗਤਾਰ ਸਿੰਘ ਨੂੰ ਹਿਰਾਸਤ ਵਿੱਚੋਂ ਰਿਹਾਅ ਕਰ ਦਿੱਤਾ ਗਿਆ ਹੈ। ਮੁਲਜ਼ਮਾਂ 'ਤੇ ਨਾਮੀ ਗੈਂਗਸਟਰ ਦੇ ਗਿਰੋਹ ਨਾਲ ਜੁੜੇ ਹੋਣ ਅਤੇ ਕਤਲ ਦੀ ਸਾਜ਼ਿਸ਼ ਵਿੱਚ ਵਰਤੀ ਗਈ ਗੱਡੀ ਦਾ ਪ੍ਰਬੰਧ ਕਰਕੇ ਅਪਰਾਧ ਨੂੰ ਅੰਜਾਮ ਦੇਣ ਵਿੱਚ ਲੌਜਿਸਟਿਕ ਸਹਾਇਤਾ ਪ੍ਰਦਾਨ ਕਰਨ ਦਾ ਦੋਸ਼ ਹੈ। ਉਸਨੇ ਅਦਾਲਤ ਵਿੱਚ ਦਲੀਲ ਦਿੱਤੀ ਕਿ ਉਸਦੇ ਖਿਲਾਫ (ਬਾਕੀ ਸਫਾ 2 'ਤੇ)

*ਐਲ.ਪੀ.ਜੀ. ਸੰਕਟ ਵਿਚਾਲੇ ਪ੍ਰਧਾਨ ਮੰਤਰੀ ਦੀ ਸਖ਼ਤੀ !*

## ਮੋਦੀ ਵੱਲੋਂ ਮੰਤਰੀਆਂ ਨੂੰ ਅਫ਼ਵਾਹਾਂ ਫ਼ੈਲਾਉਣ ਵਾਲਿਆਂ 'ਤੇ ਨਜ਼ਰ ਰੱਖਣ ਦੇ ਆਦੇਸ਼



**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 12 ਮਾਰਚ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਕੈਬਨਿਟ ਮੀਟਿੰਗ ਵਿੱਚ ਮੰਤਰੀਆਂ ਨੂੰ ਐਲ.ਪੀ.ਜੀ. ਸਪਲਾਈ ਸਥਿਤੀ ਬਾਰੇ ਅਫਵਾਹਾਂ ਫੈਲਾਉਣ ਵਾਲਿਆਂ 'ਤੇ ਨੇੜਿਓਂ ਨਜ਼ਰ ਰੱਖਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਉਨ੍ਹਾਂ ਨੂੰ ਮੌਜੂਦਾ ਸਥਿਤੀ ਬਾਰੇ ਦਹਿਸ਼ਤ ਫੈਲਾਉਣ ਦੀਆਂ ਕੋਸ਼ਿਸ਼ਾਂ 'ਤੇ ਨੇੜਿਓਂ ਨਜ਼ਰ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਨੇ ਉਨ੍ਹਾਂ ਨੂੰ ਸੋਸ਼ਲ ਮੀਡੀਆ 'ਤੇ ਵਿਰੋਧੀ ਧਿਰ ਦੇ ਕਥਿਤ ਪ੍ਰਚਾਰ ਦਾ ਹਮਲਾਵਰ ਅਤੇ ਵਿਸ਼ਵਾਸ ਨਾਲ ਜਵਾਬ ਦੇਣ ਦੀ ਸਲਾਹ ਦਿੱਤੀ। ਪ੍ਰਧਾਨ ਮੰਤਰੀ ਦੇ ਅਨੁਸਾਰ, ਇਹ ਚੁਣੌਤੀ ਸਿਰਫ ਭਾਰਤ ਤੱਕ ਸੀਮਤ ਨਹੀਂ ਹੈ; ਵਿਸ਼ਵਵਿਆਪੀ ਵਿਕਾਸ ਦੇ ਕਾਰਨ, ਪੂਰੀ ਦੁਨੀਆਂ ਅਜਿਹੀਆਂ ਸਥਿਤੀਆਂ ਦਾ ਸਾਹਮਣਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਥਿਤੀ ਨਾਲ ਨਜਿੱਠਣ ਲਈ ਭਾਰਤ ਦੀਆਂ ਤਿਆਰੀਆਂ ਮਜ਼ਬੂਤ ਹਨ ਅਤੇ ਸਰਕਾਰ ਕਿਸੇ ਵੀ ਚੁਣੌਤੀ ਨੂੰ ਸੰਭਾਲਣ ਲਈ ਪੂਰੀ ਤਰ੍ਹਾਂ ਤਿਆਰ ਹੈ। (ਬਾਕੀ ਸਫਾ 2 'ਤੇ)

### ਪੈਟਰੋਲੀਅਮ ਮੰਤਰਾਲੇ ਵੱਲੋਂ ਐਲ.ਪੀ.ਜੀ. ਦੀ ਕਮੀ ਨਾ ਹੋਣ ਦੇਣ ਦਾ ਦਾਅਵਾ

ਨਵੀਂ ਦਿੱਲੀ, 12 ਮਾਰਚ (ਚ.ਨ.ਸ.): ਭਾਰਤ ਸਰਕਾਰ ਦੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਸਪੱਸ਼ਟ ਕੀਤਾ ਹੈ ਕਿ ਦੇਸ਼ ਨੂੰ ਕੱਚੇ ਤੇਲ ਦੀ ਸਪਲਾਈ ਨਿਰਵਿਘਨ ਅਤੇ ਪੂਰੀ ਤਰ੍ਹਾਂ ਸੁਰੱਖਿਅਤ ਜਾਰੀ ਹੈ। ਘਰੇਲੂ ਖਪਤਕਾਰਾਂ ਨੂੰ ਬੁਕਿੰਗ ਦੇ ਢਾਈ ਦਿਨਾਂ ਦੇ ਅੰਦਰ ਸਿਲੰਡਰ ਮਿਲ ਰਹੇ ਹਨ ਅਤੇ ਇਹ ਆਮ ਡਿਲੀਵਰੀ ਸਾਈਕਲ ਹੈ। ਮੰਤਰਾਲੇ ਨੇ ਨਾਗਰਿਕਾਂ ਨੂੰ ਐਲ.ਪੀ.ਜੀ. ਸਿਲੰਡਰਾਂ ਦੀ ਘਾਟ ਦੇ ਕਾਰਨ 'ਪੈਨਿਕ ਬੁਕਿੰਗ' ਤੋਂ ਬਚਣ ਦੀ ਅਪੀਲ ਕੀਤੀ ਹੈ। ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੀ ਸੰਯੁਕਤ ਸਕੱਤਰ ਸੁਜਾਤਾ ਸ਼ਰਮਾ ਨੇ ਇੱਕ ਬ੍ਰੀਫਿੰਗ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ (ਬਾਕੀ ਸਫਾ 2 'ਤੇ)

## ਪੰਜਾਬ ਵਿਧਾਨ ਸਭਾ ਵੱਲੋਂ ਕੇਂਦਰ ਦੀ ਵਿਦੇਸ਼ ਨੀਤੀ ਦੀ ਅਸਫ਼ਲਤਾ ਅਤੇ ਦੇਸ਼ ਦੀ ਊਰਜਾ ਸੁਰੱਖਿਆ 'ਤੇ ਇਸ ਦੇ ਪ੍ਰਭਾਵ ਬਾਰੇ ਸਰਬਸੰਮਤੀ ਨਾਲ ਮਤਾ ਪਾਸ

**ਚੜ੍ਹਦੀਕਲਾ ਬਿਊਰੋ**

================

ਚੰਡੀਗੜ੍ਹ, 12 ਮਾਰਚ:ਪੰਜਾਬ ਵਿਧਾਨ ਸਭਾ ਨੇ ਅੱਜ ਸਰਬਸੰਮਤੀ ਨਾਲ ਇੱਕ ਮਤਾ ਪਾਸ ਕੀਤਾ ਜਿਸ ਵਿੱਚ ਦੇਸ਼ ਦੀ ਵਿਦੇਸ਼ ਨੀਤੀ ਦੇ ਸਬੰਧ ਵਿੱਚ ਕੇਂਦਰ ਸਰਕਾਰ ਦੀ ਅਸਫਲਤਾ ਅਤੇ ਦੇਸ਼ ਦੀ ਊਰਜਾ ਸੁਰੱਖਿਆ 'ਤੇ ਇਸ ਦੇ ਮਾੜੇ ਪ੍ਰਭਾਵ ਨੂੰ ਉਜਾਗਰ ਕੀਤਾ ਗਿਆ। ਇਹ ਮਤਾ ਖੁਰਾਕ, ਸਿਵਲ ਸਪਲਾਈ, ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਪੇਸ਼ ਕੀਤਾ ਗਿਆ ਸੀ। ਇਸ ਦੌਰਾਨ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਕਮਜ਼ੋਰ ਵਿਦੇਸ਼ ਨੀਤੀ ਕਾਰਨ ਦੇਸ਼ ਭਰ ਦੇ ਲੋਕਾਂ ਨੂੰ ਗੰਭੀਰ ਊਰਜਾ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮਤੇ 'ਤੇ ਮੁੜ ਬਹਿਸ ਨੂੰ ਸ਼ੁਰੂ ਕਰਦਿਆਂ, ਮੰਤਰੀ ਲਾਲ ਚੰਦ ਕਟਾਰੂਚੱਕ ਨੇ ਭਾਰਤ ਦੇ ਆਜ਼ਾਦੀ ਘੁਲਾਟੀਆਂ ਵੱਲੋਂ ਦਿੱਤੀਆਂ ਕੁਰਬਾਨੀਆਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਜਿਸ ਪ੍ਰਭੂਸੱਤਾ ਲਈ ਉਨ੍ਹਾਂ



ਨੇ ਜਾਨਾਂ ਕੁਰਬਾਨ ਕੀਤੀਆਂ ਸਨ, ਉਸ ਨੂੰ ਕੇਂਦਰ ਸਰਕਾਰ ਦੀਆਂ ਕਾਰਵਾਈਆਂ ਨੇ ਕਮਜ਼ੋਰ ਕਰ ਦਿੱਤਾ ਹੈ। ਮੰਤਰੀ ਨੇ ਕਿਹਾ, 'ਆਜ਼ਾਦੀ ਘੁਲਾਟੀਆਂ ਨੇ ਦੇਸ਼ ਨੂੰ ਵਿਦੇਸ਼ੀ ਸਾਮਰਾਜਵਾਦੀ ਸ਼ਾਸਨ ਤੋਂ ਮੁਕਤ ਕਰਨ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ, ਪਰ ਈਰਾਨ-ਅਮਰੀਕਾ-ਇਜ਼ਰਾਈਲ ਯੁੱਧ ਦੇ ਮੱਦੇਨਜ਼ਰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਉਹੀ ਆਜ਼ਾਦੀ ਹੁਣ ਅਮਰੀਕਾ ਨੂੰ ਸੌਂਪ ਦਿੱਤੀ ਹੈ।'

ਉਨ੍ਹਾਂ ਅੱਗੇ ਕਿਹਾ ਕਿ ਚੱਲ ਰਹੇ ਟਕਰਾਅ ਕਾਰਨ ਹੋਰਮੁਜ਼ ਜਲਡਮਰੂ ਬੰਦ ਹੋ ਗਿਆ ਹੈ, ਜਿਸ ਨਾਲ ਭਾਰਤ ਨੂੰ ਊਰਜਾ ਸਪਲਾਈ ਵਿੱਚ ਭਾਰੀ ਵਿਘਨ ਪਿਆ ਹੈ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਈਰਾਨ-ਅਮਰੀਕਾ-ਇਜ਼ਰਾਈਲ ਯੁੱਧ ਦੇ ਨਤੀਜੇ ਵਜੋਂ ਹੋਰਮੁਜ਼ ਜਲਡਮਰੂ ਬੰਦ ਹੋ ਗਿਆ ਹੈ, ਜਿਸ ਕਾਰਨ ਭਾਰਤ ਵਿੱਚ ਐਲਪੀਜੀ ਅਤੇ ਤੇਲ ਦੀ ਸਪਲਾਈ ਵਿੱਚ ਵੱਡੀ ਕਮੀ ਆਈ ਹੈ, ਜਿਸ ਕਾਰਨ ਲੋਕਾਂ ਨੂੰ ਭਾਰੀ ਅਸੁਵਿਧਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਸੇ ਤਰ੍ਹਾਂ ਸਿੱਖਿਆ, ਸੂਚਨਾ ਅਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਦਿਸ਼ਾਹੀਣ ਵਿਦੇਸ਼ ਨੀਤੀ ਨੇ ਭਾਰਤ ਦੀ ਵਿਸ਼ਵਵਿਆਪੀ ਸਥਿਤੀ ਨੂੰ ਕਮਜ਼ੋਰ ਕਰ ਦਿੱਤਾ ਹੈ ਅਤੇ ਦੇਸ਼ ਨੂੰ ਕੂਟਨੀਤਕ ਤੌਰ 'ਤੇ ਇੱਕਲਾ ਕਰ ਦਿੱਤਾ ਹੈ। ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਦਿਸ਼ਾਹੀਣ ਅਤੇ ਅੰਦਰੂਨੀ ਤੌਰ 'ਤੇ ਨੁਕਸਾਨਦੇਹ ਵਿਦੇਸ਼ ਨੀਤੀ ਨੇ ਹਾਲਾਤਾਂ ਨੂੰ ਇੰਨੀ ਮਾੜੀ ਸਥਿਤੀ ਵਿੱਚ ਪਹੁੰਚਾ ਦਿੱਤਾ ਹੈ ਕਿ ਭਾਰਤ ਲਗਭਗ ਇੱਕਲਾ ਰਹਿ ਗਿਆ ਹੈ ਅਤੇ ਇਸਦਾ ਅੰਤਰਰਾਸ਼ਟਰੀ ਪੱਧਰ 'ਤੇ ਕੋਈ ਦੋਸਤ ਨਹੀਂ ਹੈ।

ਉਨ੍ਹਾਂ ਅੱਗੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਵੀ ਇਸੇ ਤਰ੍ਹਾਂ ਦੇ ਹਾਲਾਤ ਦੇਖੇ ਗਏ ਸਨ। ਹਰਜੋਤ ਸਿੰਘ ਬੈਂਸ ਨੇ ਅੱਗੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਦੌਰਾਨ ਵੀ, ਭਾਰਤ ਇੱਕ ਮੁਸ਼ਕਲ ਕੂਟਨੀਤਕ ਸਥਿਤੀ ਵਿੱਚ ਸੀ।

ਸੰਕਟ ਦੇ ਆਰਥਿਕ ਪ੍ਰਭਾਵਾਂ ਨੂੰ ਉਜਾਗਰ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਰੂਸ ਅਤੇ ਈਰਾਨ ਵਰਗੇ ਦੇਸ਼ਾਂ ਵਿੱਚ ਤੇਲ ਸੈਕਟਰ ਵਿੱਚ ਭਾਰਤ ਦੇ ਨਿਵੇਸ਼ ਹੁਣ ਗੰਭੀਰ ਅਨਿਸ਼ਚਿਤਤਾ ਦਾ ਸਾਹਮਣਾ ਕਰ ਰਹੇ ਹਨ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਿਰਫ ਇੰਨਾ ਹੀ ਨਹੀਂ, ਸਗੋਂ ਰੂਸ ਅਤੇ ਈਰਾਨ ਦੇ ਤੇਲ ਖੇਤਰ ਵਿੱਚ ਦੇਸ਼ ਵੱਲੋਂ ਕੀਤੇ ਵੱਡੇ ਨਿਵੇਸ਼ ਦਾ ਹੁਣ ਕੋਈ ਲਾਭ ਨਹੀਂ ਮਿਲ ਸਕੇਗਾ।

ਉਨ੍ਹਾਂ ਇਹ ਵੀ ਦੱਸਿਆ ਕਿ ਜੰਗ ਕਾਰਨ ਪੈਦਾ ਹੋਏ ਗੰਭੀਰ ਊਰਜਾ ਸੰਕਟ ਨੇ ਦੇਸ਼ ਭਰ ਦੇ ਸਮਾਜਿਕ ਜੀਵਨ ਨੂੰ ਪ੍ਰਭਾਵਿਤ ਕਰਨਾ ਸ਼ੁਰੂ ਕਰ ਦਿੱਤਾ ਹੈ। ਹਰਜੋਤ ਸਿੰਘ ਬੈਂਸ ਨੇ ਅੱਗੇ ਕਿਹਾ ਕਿ ਜੰਗ ਕਾਰਨ ਪੈਦਾ ਹੋਏ ਵੱਡੇ ਊਰਜਾ ਸੰਕਟ ਕਾਰਨ ਭਾਰਤ ਵਿੱਚ ਜਨਤਾ ਨੂੰ ਕਾਫ਼ੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਹਰਦੀਪ ਸਿੰਘ ਮੁੰਡੀਆਂ ਦੇ ਨਾਲ-ਨਾਲ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ, ਗੁਰਿੰਦਰ ਸਿੰਘ ਗੈਰੀ ਵੜਿੰਗ, ਵਿਜੇ ਸਿੰਗਲਾ, ਬ੍ਰਹਮ ਸ਼ੰਕਰ ਜਿੰਪਾ, ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਮਨਵਿੰਦਰ ਸਿੰਘ ਗਿਆਸਪੁਰਾ, ਬਲਕਾਰ ਸਿੰਘ, ਇੰਦਰਬੀਰ ਸਿੰਘ ਨਿੱਜਰ, ਗੁਰਪ੍ਰੀਤ ਸਿੰਘ ਬਣਾਂਵਾਲੀ ਅਤੇ ਲਾਲਜੀਤ ਸਿੰਘ ਭੁੱਲਰ ਨੇ ਵੀ ਚਰਚਾ ਦੌਰਾਨ ਇਸੇ ਤਰ੍ਹਾਂ ਦੇ ਵਿਚਾਰ ਪ੍ਰਗਟ ਕੀਤੇ ਅਤੇ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਮਤੇ ਦਾ ਸਮਰਥਨ ਕੀਤਾ।

*ਪੋਸਟਮਾਰਟਮ ਰਿਪੋਰਟ 'ਚ ਹੋਇਆ ਖ਼ੁਲਾਸਾ*

## ਰਣਜੀਤ ਸਿੰਘ ਦੀ ਮੌਤ ਤਸ਼ੱਦਦ ਕਾਰਨ ਨਹੀਂ, ਗੋਲ਼ੀ ਲੱਗਣ ਨਾਲ ਹੋਈ

### ਰਿਪੋਰਟ ਤੋਂ ਪਰਿਵਾਰ ਸੰਤੁਸ਼ਟ ਨਹੀਂ

**ਚੜ੍ਹਦੀਕਲਾ ਬਿਊਰੋ**

================

ਗੁਰਦਾਸਪੁਰ, 12 ਮਾਰਚ: ਪੁਲਿਸ ਨਾਲ ਕਥਿਤ ਮੁਕਾਬਲੇ ਵਿੱਚ ਮਾਰੇ ਗਏ ਨੌਜਵਾਨ ਰਣਜੀਤ ਸਿੰਘ ਦੀ ਪੋਸਟਮਾਰਟਮ ਰਿਪੋਰਟ ਵਿੱਚ ਖ਼ੁਲਾਸਾ ਕੀਤਾ ਗਿਆ ਹੈ ਕਿ ਉਸ ਦੀ ਮੌਤ ਦਾ ਕਾਰਨ ਗੋਲੀ ਲੱਗਣਾ ਸੀ ਜਦਕਿ ਪਰਿਵਾਰ ਕਹਿੰਦਾ ਆ ਰਿਹਾ ਸੀ ਕਿ ਰਣਜੀਤ ਦੀ ਮੌਤ ਤਸ਼ੱਦਦ ਕਾਰਨ ਹੋਈ ਹੈ। ਪੋਸਟਮਾਰਟਮ ਰਿਪੋਰਟ 'ਤੇ ਰਣਜੀਤ ਸਿੰਘ ਦਾ ਪਰਿਵਾਰ ਸੰਤੁਸ਼ਟ ਨਹੀਂ ਹੈ ਅਤੇ ਪਰਿਵਾਰ ਦਾ ਕਹਿਣਾ ਹੈ ਕਿ ਉਹ ਟਿੱਪਣੀ ਕਰਨ ਤੋਂ ਪਹਿਲਾਂ ਪੋਸਟਮਾਰਟਮ ਦੀ ਵੀਡੀਓਗਰਾਫ਼ੀ



ਦੇਖਣਗੇ। ਭਾਵੇਂ ਕਿ ਪੋਸਟਮਾਰਟਮ ਰਿਪੋਰਟ ਪੁਲਿਸ ਦੇ ਹੱਕ ਵਿੱਚ ਹੈ ਪਰ ਪੁਲਿਸ ਇਸ ਗੱਲ 'ਤੇ ਚੁੱਪ ਹੈ ਕਿ ਹੱਥਕੜੀ ਵਿੱਚ ਜਕੜੇ ਰਣਜੀਤ ਸਿੰਘ ਨੇ ਇੱਕ ਮੋਟਰਸਾਈਕਲ ਅਤੇ ਇੱਕ ਪਿਸਤੌਲ ਕਿਵੇਂ ਅਤੇ ਕਿੱਥੋਂ ਹਾਸਲ ਕੀਤਾ ਜਿਸ ਨਾਲ ਉਸ ਨੇ ਮੁਕਾਬਲੇ ਦੌਰਾਨ ਸੀ.ਆਈ.ਏ. ਇੰਚਾਰਜ (ਬਾਕੀ ਸਫਾ 2 'ਤੇ)

## ਪਿਛਲੀਆਂ ਸਰਕਾਰਾਂ ਨੇ ਦਹਾਕੇ ਤੋਂ ਵੱਧ ਸਮੇਂ ਤੱਕ ਨੌਜਵਾਨਾਂ ਨੂੰ ਨੌਕਰੀਆਂ ਤੋਂ ਵਾਂਝਾ ਰੱਖਿਆ: ਮਾਨ

### 'ਆਪ' ਸਰਕਾਰ ਨੇ 4 ਸਾਲਾਂ 'ਚ ਬਿਨਾਂ ਰਿਸ਼ਵਤ ਤੋਂ 65,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ'

**ਚੜ੍ਹਦੀਕਲਾ ਬਿਊਰੋ**

================

ਮੋਹਾਲੀ, 12 ਮਾਰਚ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮਿਸ਼ਨ ਰੋਜ਼ਗਾਰ' ਪਹਿਲਕਦਮੀ ਤਹਿਤ ਅੱਜ ਵੱਖ-ਵੱਖ ਵਿਭਾਗਾਂ ਵਿੱਚ ਭਰਤੀ 818 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਗਈਆਂ ਸਰਕਾਰੀ ਨੌਕਰੀਆਂ ਦੀ ਗਿਣਤੀ ਵਧ ਕੇ 65,264 ਹੋ ਗਈ ਹੈ।

ਨਿਯੁਕਤੀ ਪੱਤਰ ਵੰਡਣ ਲਈ ਕਰਵਾਏ ਸਮਾਗਮ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਮੀਲ



ਪੱਥਰ ਨੂੰ ਪੰਜਾਬ ਦੇ ਨੌਜਵਾਨਾਂ ਲਈ ਪਾਰਦਰਸ਼ੀ ਅਤੇ ਮੈਰਿਟ ਦੇ ਆਧਾਰ ਉੱਤੇ ਰੋਜ਼ਗਾਰ ਮੌਕੇ ਯਕੀਨੀ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੀਕ ਦੱਸਿਆ। ਉਨ੍ਹਾਂ ਕਿਹਾ, "ਅੱਜ ਵੱਖ-ਵੱਖ ਵਿਭਾਗਾਂ ਵਿੱਚ 818 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾ ਰਹੇ ਹਨ।" ਉਨ੍ਹਾਂ ਕਿਹਾ ਕਿ ਅੱਜ ਜਿਨ੍ਹਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾ ਰਹੇ ਹਨ, ਉਨ੍ਹਾਂ ਵਿੱਚ ਬਿਜਲੀ ਵਿਭਾਗ ਵਿੱਚ 459, ਸਥਾਨਕ ਸਰਕਾਰਾਂ ਵਿਭਾਗ ਵਿੱਚ 215, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਿੱਚ 129 ਅਤੇ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਵਿੱਚ 15 ਪ੍ਰੋਫੈਸਰ ਅਤੇ ਸਹਾਇਕ ਪ੍ਰੋਫੈਸਰ ਸ਼ਾਮਲ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਨੇ ਹੁਣ ਤੱਕ ਪੰਜਾਬ ਭਰ ਵਿੱਚ ਨੌਜਵਾਨਾਂ ਨੂੰ 65,264 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਸਰਕਾਰ ਵੱਲੋਂ ਲਗਾਤਾਰ ਰੋਜ਼ਗਾਰ ਪੈਦਾ ਕਰਨ 'ਤੇ ਧਿਆਨ ਦੇਣ (ਬਾਕੀ ਸਫਾ 2 'ਤੇ)

### ਸੂਬਾ ਸਰਕਾਰ ਐਲ.ਪੀ.ਜੀ. ਸੰਕਟ ਨੂੰ ਲੈ ਕੇ ਪੂਰੀ ਤਰ੍ਹਾਂ ਸੁਚੇਤ: ਮਾਨ

ਮੋਹਾਲੀ, 12 ਮਾਰਚ (ਚ.ਨ.ਸ.): ਖਾੜੀ ਦੇਸਾਂ ਵਿੱਚ ਚੱਲ ਰਹੀ ਜੰਗ ਨਾਲ ਸਬੰਧਤ ਚਿੰਤਾਵਾਂ ਅਤੇ ਐਲਪੀਜੀ ਸਿਲੰਡਰਾਂ ਦੀ ਸੰਭਾਵਿਤ ਕਮੀ ਬਾਰੇ ਫੈਲ ਰਹੀਆਂ ਅਫਵਾਹਾਂ ਦੇ ਮੱਦੇਨਜ਼ਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਪੂਰੀ ਤਰ੍ਹਾਂ ਸੁਚੇਤ ਹੈ ਅਤੇ ਸਥਿਤੀ 'ਤੇ ਨੇੜਿਓਂ ਨਜਰ (ਬਾਕੀ ਸਫਾ 2 'ਤੇ)

## ਲੋਕ ਸਭਾ ਨਿਯਮਾਂ ਅਧੀਨ ਚਲਦੀ ਹੈ ਅਤੇ ਨਿਰਪੱਖਤਾ ਨਾਲ ਚਲਦੀ ਰਹੇਗੀ: ਬਿਰਲਾ

**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 12 ਮਾਰਚ: ਲੋਕ ਸਭਾ ਸਪੀਕਰ ਓਮ ਬਿਰਲਾ ਨੇ ਵੀਰਵਾਰ ਨੂੰ ਕਿਹਾ ਕਿ ਸਦਨ ਪੂਰੀ ਤਰ੍ਹਾਂ ਆਪਣੇ ਨਿਯਮਾਂ ਅਤੇ ਕਾਇਦੇ-ਕਾਨੂੰਨਾਂ ਅਨੁਸਾਰ ਚੱਲਦਾ ਹੈ ਅਤੇ ਅੱਗੇ ਵੀ ਅਜਿਹਾ ਕਰਨਾ ਜਾਰੀ ਰੱਖੇਗਾ, ਚਾਹੇ ਇਹ ਕਿਸੇ ਮੈਂਬਰ ਨੂੰ ਸਵੀਕਾਰ ਹੋਵੇ ਜਾਂ ਨਾ, ਅਤੇ ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਸਦਨ ਦੀ ਕਾਰਵਾਈ ਪੂਰੀ ਇਮਾਨਦਾਰੀ ਅਤੇ ਨਿਰਪੱਖਤਾ ਨਾਲ ਚਲਾਉਣਗੇ।



ਉਨ੍ਹਾਂ ਨੂੰ ਸਪੀਕਰ ਦੇ ਅਹੁਦੇ ਤੋਂ ਹਟਾਉਣ ਦੇ ਪ੍ਰਸਤਾਵ ਦੇ ਸਦਨ ਵਿੱਚ ਡਿੱਗ ਜਾਣ ਤੋਂ ਇੱਕ ਦਿਨ ਬਾਅਦ, ਬਿਰਲਾ ਨੇ ਇਹ ਵੀ ਕਿਹਾ ਕਿ ਸਪੀਕਰ ਦੀ ਕੁਰਸੀ ਕਿਸੇ ਇੱਕ ਵਿਅਕਤੀ ਦੀ ਨਹੀਂ ਹੁੰਦੀ ਸਗੋਂ ਇਹ ਸਦਨ ਦੇ ਮਾਣ-ਸਨਮਾਨ ਦਾ ਪ੍ਰਤੀਕ ਹੈ। ਬਿਰਲਾ ਨੇ ਕਿਹਾ ਕਿ ਉਹ ਬਹਿਸ ਦੌਰਾਨ ਉਨ੍ਹਾਂ ਵਿੱਚ ਪ੍ਰਗਟਾਏ ਗਏ ਭਰੋਸੇ ਲਈ ਸਦਨ ਦੇ ਮੈਂਬਰਾਂ ਦੇ ਧੰਨਵਾਦੀ ਹਨ ਅਤੇ ਉਨ੍ਹਾਂ ਨੇ ਉਨ੍ਹਾਂ ਸਾਰਿਆਂ ਦਾ ਧੰਨਵਾਦ ਕੀਤਾ ਜੋ ਉਨ੍ਹਾਂ ਦੇ ਹੱਕ ਵਿੱਚ ਅਤੇ ਵਿਰੋਧ ਵਿੱਚ ਬੋਲੇ।ਸੱਤਾਧਾਰੀ ਪੱਖ ਦੇ ਮੈਂਬਰਾਂ ਵੱਲੋਂ ਡੈਸਕ (ਬਾਕੀ ਸਫਾ 2 'ਤੇ)

### ਸੰਸਦ 'ਚ ਰਾਹੁਲ ਗਾਂਧੀ ਨੇ ਐਲ.ਪੀ.ਜੀ. ਸੰਕਟ ਦਾ ਮੁੱਦਾ ਚੁੱਕਿਆ

ਨਵੀਂ ਦਿੱਲੀ, 12 ਮਾਰਚ (ਚ.ਨ.ਸ.): ਰਾਹੁਲ ਗਾਂਧੀ ਨੇ ਵੀਰਵਾਰ ਨੂੰ ਲੋਕ ਸਭਾ ਵਿੱਚ ਐਲਪੀਜੀ ਸੰਕਟ ਦਾ ਮੁੱਦਾ ਉਠਾਇਆ। ਉਨ੍ਹਾਂ ਕਿਹਾ, 'ਦਰਦ ਹੁਣੇ ਸ਼ੁਰੂ ਹੋਇਆ ਹੈ। ਰੈਸਟੋਰੈਂਟ ਬੰਦ ਹੋ ਰਹੇ ਹਨ, ਐਲ.ਪੀ.ਜੀ. ਨੂੰ ਲੈ ਕੇ ਦਹਿਸ਼ਤ ਹੈ, ਅਤੇ ਸੜਕਾਂ ਦੇ ਕਿਨਾਰੇ ਵਿਕਰੇਤਾ ਪ੍ਰਭਾਵਿਤ ਹੋ ਰਹੇ ਹਨ।' ਉਨ੍ਹਾਂ ਕਿਹਾ ਕਿ ਕਿਸੇ ਵੀ ਦੇਸ਼ ਦੀ ਨੀਂਹ ਉਸ ਦੀ ਊਰਜਾ ਸੁਰੱਖਿਆ ਹੈ। ਜੇਕਰ ਅਮਰੀਕਾ ਇਹ ਫੈਸਲਾ ਕਰਦਾ ਹੈ ਕਿ ਅਸੀਂ ਰੂਸ ਤੋਂ ਗੈਸ ਜਾਂ ਤੇਲ ਖਰੀਦ ਸਕਦੇ ਹਾਂ, ਤਾਂ ਇਹ ਸਮਝ ਤੋਂ ਪਰੇ ਹੈ। ਮੈਂ ਇਹ ਸਮਝਣ ਦੀ ਕੋਸ਼ਿਸ਼ ਕਰ ਰਿਹਾ ਹਾਂ ਕਿ ਇਹ ਬੁਝਾਰਤ ਕੀ ਹੈ ਅਤੇ ਇਹ ਸਮਝੌਤੇ ਨਾਲ ਜੁੜਿਆ ਜਾਪਦਾ ਹੈ। ਤੇਲ ਮੰਤਰੀ ਖੁਦ ਕਹਿ ਚੁੱਕੇ ਹਨ ਕਿ ਉਹ (ਬਾਕੀ ਸਫਾ 2 'ਤੇ)

## ਪੰਜਾਬ ਵਿਧਾਨ ਸਭਾ 'ਚ ਸੁਖਪਾਲ ਸਿੰਘ ਖਹਿਰਾ ਖ਼ਿਲਾਫ਼ ਲਿਆਂਦਾ ਮਤਾ

**ਚੜ੍ਹਦੀਕਲਾ ਬਿਊਰੋ**

================

ਚੰਡੀਗੜ੍ਹ, 12 ਮਾਰਚ: ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੌਰਾਨ ਅੱਜ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਦੀਆਂ ਮੁਸ਼ਕਿਲਾਂ ਉਸ ਵੇਲੇ ਵਧ ਗਈਆਂ ਜਦੋਂ ਸਦਨ ਵਿੱਚ ਉਨ੍ਹਾਂ ਦੇ ਖ਼ਿਲਾਫ਼ ਇੱਕ ਅਹਿਮ ਮਤਾ ਪਾਸ ਕੀਤਾ ਗਿਆ। ਖਹਿਰਾ ਵੱਲੋਂ ਮਹਿਲਾਵਾਂ ਨੂੰ ਮਿਲਣ ਵਾਲੀ 1,000 ਰੁਪਏ ਦੀ ਵਿੱਤੀ ਸਹਾਇਤਾ ਅਤੇ ਬੰਧੂਆ ਮਜ਼ਦੂਰਾਂ ਸਬੰਧੀ ਦਿੱਤੇ ਗਏ ਕਥਿਤ ਬਿਆਨਾਂ ਨੂੰ ਲੈ ਕੇ ਸੱਤਾਧਿਰ ਨੇ ਸਖ਼ਤ ਰੁਖ਼ ਅਪਣਾਇਆ ਹੈ। ਵਿਧਾਨ ਸਭਾ ਵਿੱਚ ਪਾਸ ਕੀਤੇ ਗਏ ਮਤੇ ਅਨੁਸਾਰ, ਸੁਖਪਾਲ ਸਿੰਘ ਖਹਿਰਾ ਦੇ ਮਾਮਲੇ ਨੂੰ ਹੁਣ 'ਵਿਸ਼ੇਸ਼ ਅਧਿਕਾਰ ਕਮੇਟੀ' ਕੋਲ ਭੇਜ ਦਿੱਤਾ ਗਿਆ ਹੈ। ਸਦਨ ਵਿੱਚ 'ਆਪ' ਵਿਧਾਇਕਾਂ ਵੱਲੋਂ ਇਲਜ਼ਾਮ ਲਾਇਆ ਗਿਆ ਕਿ ਖਹਿਰਾ ਨੇ ਮਹਿਲਾਵਾਂ ਨੂੰ ਦਿੱਤੀ ਜਾਣ ਵਾਲੀ ਸਹਾਇਤਾ ਰਾਸ਼ੀ ਦਾ ਮਜ਼ਾਕ ਉਡਾ ਕੇ ਪੰਜਾਬ ਦੀਆਂ ਧੀਆਂ-ਭੈਣਾਂ ਦਾ ਨਿਰਾਦਰ ਕੀਤਾ ਹੈ। ਮਜ਼ਦੂਰ ਵਰਗ ਬਾਰੇ ਕੀਤੀ ਗਈ ਟਿੱਪਣੀ ਨੂੰ ਅਪਮਾਨਜਨਕ ਦੱਸਦਿਆਂ ਇਸ ਨੂੰ ਗਰੀਬ ਤਬਕੇ ਦੀ ਤੌਹੀਨ ਕਰਾਰ ਦਿੱਤਾ ਗਿਆ ਹੈ। ਸੱਤਾਧਿਰ ਦੇ ਵਿਧਾਇਕਾਂ ਨੇ ਦੋਸ਼ ਲਾਇਆ ਕਿ ਇੱਕ ਜ਼ਿੰਮੇਵਾਰ ਚੁਣੇ ਹੋਏ ਨੁਮਾਇੰਦੇ ਵੱਲੋਂ ਅਜਿਹੀ ਭਾਸ਼ਾ ਦੀ ਵਰਤੋਂ ਕਰਨਾ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਮਹਿਲਾਵਾਂ ਅਤੇ ਮਜ਼ਦੂਰ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੇ ਸਨਮਾਨ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ। ਹੁਣ ਵਿਸ਼ੇਸ਼ ਅਧਿਕਾਰ ਕਮੇਟੀ ਇਸ ਮਾਮਲੇ ਦੀ ਜਾਂਚ ਕਰੇਗੀ ਅਤੇ ਆਪਣੀ ਰਿਪੋਰਟ ਸੌਂਪੇਗੀ।

**ਸੱਤਾਧਿਰ ਵੱਲੋਂ ਖਹਿਰਾ 'ਤੇ ਮਹਿਲਾਵਾਂ ਤੇ ਚੁਣੇ ਹੋਏ ਨੁਮਾਇੰਦਿਆਂ ਦੇ ਅਪਮਾਨ ਦਾ ਦੋਸ਼**

### ਮਹਿਲਾ ਕਮਿਸ਼ਨ ਨੇ ਖਹਿਰਾ ਨੂੰ ਜਵਾਬ ਦੇਣ ਲਈ ਦਿੱਤਾ ਹ਼ਫਤੇ ਦਾ ਸਮਾਂ

ਚੰਡੀਗੜ੍ਹ, 12 ਮਾਰਚ (ਚ.ਨ.ਸ.): ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਦੇ ਸਾਹਮਣੇ ਵਿਧਾਇਕ ਸੁਖਪਾਲ ਖਹਿਰਾ ਦਾ ਬੇਟਾ ਮਹਿਤਾਬ ਸਿੰਘ ਖਹਿਰਾ ਤੇ ਕੰਵਰ ਸਿੱਧੂ ਸਵੇਰੇ ਕਮਿਸ਼ਨ ਸਾਹਮਣੇ ਪੇਸ਼ ਹੋਏ। ਮਹਿਲਾ ਕਮਿਸ਼ਨ ਦੇ ਦਫ਼ਤਰ ਦੇ ਬਾਹਰ ਆ ਕੇ ਉਹਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਵਲੋਂ ਮਹਿਲਾ ਕਮਿਸ਼ਨ ਤੋਂ ਇਕ ਹਫਤੇ ਦਾ ਸਮਾਂ ਜਵਾਬ ਦੇਣ ਲਈ ਮੰਗਿਆ ਗਿਆ ਹੈ। ਉਨ੍ਹਾਂ ਵਲੋਂ ਦਲੀਲ ਦਿੱਤੀ ਗਈ ਹੈ ਕਿ ਐਸ.ਐਸ.ਪੀ. ਕਪੂਰਥਲਾ ਨੂੰ ਨੋਟਿਸ ਭੇਜ ਕੇ ਵਿਧਾਇਕ ਖਹਿਰਾ ਦੀ ਸਟੇਟਸ ਰਿਪੋਰਟ ਮੰਗੀ ਗਈ ਹੈ, ਜਦ ਕਿ ਵਿਧਾਇਕ ਖਹਿਰਾ ਨੂੰ ਸਿੱਧਾ ਕੋਈ ਨੋਟਿਸ (ਬਾਕੀ ਸਫਾ 2 'ਤੇ)

### ਈਰਾਨ ਦੇ ਨਵੇਂ ਸੁਪਰੀਮ ਲੀਡਰ ਵੱਲੋਂ ਅਮਰੀਕਾ ਨੂੰ ਹਵਾਈ ਅੱਡੇ ਬੰਦ ਕਰਨ ਦੀ ਧਮਕੀ

ਤਹਿਰਾਨ, 12 ਮਾਰਚ (ਚ.ਨ.ਸ.): ਈਰਾਨ ਦੇ ਨਵੇਂ ਨਿਯੁਕਤ ਸੁਪਰੀਮ ਲੀਡਰ ਆਇਤੁੱਲਾ ਮੋਜਤਬਾ ਖਮੇਨੇਈ ਨੇ ਆਪਣੀ ਨਿਯੁਕਤੀ ਤੋਂ ਬਾਅਦ ਆਪਣਾ ਪਹਿਲਾ ਅਧਿਕਾਰਤ ਬਿਆਨ ਜਾਰੀ ਕਰਦਿਆਂ ਅਮਰੀਕਾ ਅਤੇ ਖੇਤਰੀ ਸੁਰੱਖਿਆ ਦੇ ਸਬੰਧ ਵਿੱਚ ਬੇਹੱਦ ਸਖ਼ਤ ਰੁਖ ਅਖਤਿਆਰ ਕੀਤਾ ਹੈ। ਇੱਕ ਰਿਕਾਰਡ ਕੀਤੇ ਟੈਲੀਵਿਜ਼ਨ ਸੰਬੋਧਨ ਵਿੱਚ ਉਨ੍ਹਾਂ ਨੇ ਖੇਤਰ ਵਿੱਚ ਅਮਰੀਕੀ ਫੌਜੀ ਮੌਜੂਦਗੀ ਨੂੰ ਸਿੱਧੀ ਚੁਣੌਤੀ ਦਿੱਤੀ ਹੈ। ਆਪਣੇ ਸੰਬੋਧਨ ਦੇ ਮੁੱਖ ਅੰਸ਼ਾਂ ਵਿੱਚ ਖਮੇਨੇਈ ਨੇ ਮੰਗ ਕੀਤੀ ਕਿ ਖੇਤਰ ਵਿੱਚ ਸਾਰੇ ਅਮਰੀਕੀ ਫੌਜੀ ਅੱਡਿਆਂ ਨੂੰ ਤੁਰੰਤ ਬੰਦ ਕੀਤਾ ਜਾਵੇ। ਉਨ੍ਹਾਂ ਨੇ ਸਪੱਸ਼ਟ ਚਿਤਾਵਨੀ ਦਿੱਤੀ ਕਿ ਜੇਕਰ ਅਮਰੀਕੀ ਫੌਜ ਇੱਥੋਂ ਬਾਹਰ ਨਹੀਂ ਨਿਕਲਦੀ, ਤਾਂ ਉਨ੍ਹਾਂ ਦੇ ਅੱਡਿਆਂ 'ਤੇ (ਬਾਕੀ ਸਫਾ 2 'ਤੇ)

## ਪੰਜਾਬ 'ਚ ਮੀਂਹ ਨਾਲ ਗਰਮੀ ਤੋਂ ਮਿਲੀ ਰਾਹਤ

**ਚੜ੍ਹਦੀਕਲਾ ਬਿਊਰੋ**

================

ਚੰਡੀਗੜ੍ਹ, 12 ਮਾਰਚ: ਪੰਜਾਬ ਵਿੱਚ ਮੌਸਮ ਅਚਾਨਕ ਬਦਲ ਗਿਆ। ਅੱਜ ਸਵੇਰੇ 5 ਵਜੇ ਦੇ ਕਰੀਬ ਅੰਮ੍ਰਿਤਸਰ ਵਿੱਚ ਤੇਜ਼ ਹਵਾਵਾਂ ਦੇ ਨਾਲ ਮੀਂਹ



ਸ਼ੁਰੂ ਹੋਇਆ, ਜਿਸ ਨਾਲ ਮੌਸਮ ਸੁਹਾਵਣਾ ਹੋ ਗਿਆ ਅਤੇ ਤਾਪਮਾਨ ਵਿੱਚ ਗਿਰਾਵਟ ਆਈ। ਪਿਛਲੇ ਕੁਝ ਦਿਨਾਂ ਤੋਂ ਪੈ ਰਹੀ ਗਰਮੀ ਅਤੇ ਹੁੰਮਸ ਤੋਂ ਰਾਹਤ ਮਿਲੀ। ਮੀਂਹ ਨੇ ਪੂਰੇ ਸ਼ਹਿਰ ਵਿੱਚ ਠੰਢਕ ਦਾ ਅਹਿਸਾਸ ਕਰਵਾਇਆ। ਇਸ ਦੌਰਾਨ ਸਵੇਰ ਤੋਂ ਹੀ ਕਈ ਇਲਾਕਿਆਂ ਵਿੱਚ ਬੱਦਲਵਾਈ ਸੀ। ਪਿਛਲੇ 24 ਘੰਟਿਆਂ 'ਚ ਸੂਬੇ ਵਿੱਚ ਵੱਧ ਤੋਂ ਵੱਧ ਤਾਪਮਾਨ 1.2 ਡਿਗਰੀ ਘੱਟ ਗਿਆ ਪਰ ਇਹ ਆਮ ਨਾਲੋਂ 5.8 ਡਿਗਰੀ ਵੱਧ ਸੀ। ਭਾਖੜਾ ਡੈਮ ਖੇਤਰ ਵਿੱਚ ਸਭ ਤੋਂ ਵੱਧ ਤਾਪਮਾਨ 34.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਮੌਸਮ ਵਿਭਾਗ ਮੁਤਾਬਕ 14 ਤੋਂ 16 ਮਾਰਚ ਦੇ ਵਿਚਕਾਰ ਮੌਸਮ ਬਦਲ ਸਕਦਾ ਹੈ। ਇਸ ਸਮੇਂ ਦੌਰਾਨ, ਰਾਜ ਦੇ ਵੱਖ-ਵੱਖ ਹਿੱਸਿਆਂ ਵਿੱਚ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਲਕੀ ਬਾਰਿਸ਼ ਅਤੇ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਹੈ। 17 ਮਾਰਚ ਨੂੰ ਮੌਸਮ ਫਿਰ ਤੋਂ ਖੁਸ਼ਕ ਹੋਣ ਦੀ ਉਮੀਦ ਹੈ। 14 ਮਾਰਚ ਨੂੰ ਮੁੱਖ ਤੌਰ 'ਤੇ ਪਠਾਨਕੋਟ, ਹੁਸ਼ਿਆਰਪੁਰ ਅਤੇ ਰੂਪਨਗਰ ਵਿੱਚ ਗਰਜ-ਤੂਫ਼ਾਨ ਦੇ ਨਾਲ ਹਲਕੀ ਬੂੰਦਾ-ਬਾਂਦੀ ਹੋਣ ਦੀ ਉਮੀਦ ਹੈ। 15 ਮਾਰਚ ਨੂੰ ਮੀਂਹ ਦੀ ਤੀਬਰਤਾ ਵਧ ਸਕਦੀ ਹੈ। ਇਸ ਦਿਨ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, (ਬਾਕੀ ਸਫਾ 2 'ਤੇ)

### ਪਹਾੜਾਂ ਵਿੱਚ ਮੁੜ ਬਦਲਿਆ ਮੌਸਮ, ਕਈ ਥਾਵਾਂ 'ਤੇ ਬਰਫ਼ਬਾਰੀ

ਸ਼ਿਮਲਾ, 12 ਮਾਰਚ (ਚ.ਨ.ਸ.):ਮਨਾਲੀ ਵਿਚ ਕਈ ਥਾਵਾਂ 'ਤੇ ਬਰਫਬਾਰੀ ਹੋਈ ਹੈ, ਜਿਸ ਕਰਕੇ ਸੈਲਾਨੀਆਂ ਜੋ ਘੁੰਮਣ ਲਈ ਗਏ ਹੋਏ ਹਨ, ਉਨ੍ਹਾਂ ਦੇ ਚਿਹਰੇ ਵੀ ਖਿੜੇ ਹੋਏ ਨਜ਼ਰ ਆ ਰਹੇ ਹਨ ਤੇ ਦੂਜੇ ਪਾਸੇ ਪੰਜਾਬ ਵਿਚ ਵੀ ਪਿਛਲੇ ਦਿਨੀਂ ਦੌਰਾਨ ਗਰਮੀ ਵਿਚ ਵਾਧਾ ਹੋਇਆ ਸੀ ਪਰ ਪਹਾੜਾਂ ਵਿਚ ਹੋਈ ਬਰਫਬਾਰੀ ਨੇ ਮੌਸਮ ਵਿਚ ਇਕ ਵਾਰ ਫਿਰ ਤੋਂ ਥੋੜ੍ਹਾ ਜਿਹਾ ਬਦਲਾਅ ਲਿਆਂਦਾ ਹੈ। ਮੈਦਾਨੀ ਇਲਾਕਿਆਂ ਵਿਚ ਤਾਪਮਾਨ ਵਿਚ ਵਾਧਾ ਹੋ ਰਿਹਾ ਸੀ ਉਸ 'ਤੇ ਹੁਣ ਥੋੜ੍ਹਾ ਵਿਰ੍ਹਾਮ ਲੱਗਾ ਹੈ। ਅਟਲ ਟਨਲ ਰੋਹਤਾਂਗ ਸਣੇ ਸ਼ਿੰਕੁਲਾ ਦੱਰਾ, ਰੋਹਤਾਂਗ ਪਾਸ, ਕੋਕਸਰ ਤੇ ਲਾਹੌਲਘਾਟੀ ਵਿਚ ਬਰਫਬਾਰੀ ਹੋਈ ਹੈ। ਇਸ ਨਾਲ ਉੱਚੇ ਖੇਤਰਾਂ ਦੇ (ਬਾਕੀ ਸਫਾ 2 'ਤੇ)

*ਵੱਡੀ ਕਾਰਵਾਈ ਦੀ ਤਿਆਰੀ 'ਚ ਟਰੰਪ*

## ਭਾਰਤ ਸਮੇਤ 16 ਦੇਸ਼ਾਂ ਦੇ ਉਦਯੋਗਿਕ ਉਤਪਾਦਨ ਦੀ ਜਾਂਚ ਦੇ ਦਿੱਤੇ ਆਦੇਸ਼

**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 12 ਮਾਰਚ: ਅਮਰੀਕੀ ਵਪਾਰ ਪ੍ਰਤੀਨਿਧ (ਯੂ.ਐੱਸ.ਟੀ.ਆਰ.) ਨੇ 11 ਮਾਰਚ ਨੂੰ ਭਾਰਤ ਅਤੇ ਚੀਨ ਸਮੇਤ 16 ਅਰਥਚਾਰਿਆਂ ਦੀਆਂ ਨੀਤੀਆਂ ਅਤੇ ਉਦਯੋਗਿਕ ਗਤੀਵਿਧੀਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਸੈਕਸ਼ਨ 301 ਦੇ ਤਹਿਤ ਵਪਾਰਕ ਜਾਂਚ ਦੇ ਇੱਕ ਨਵੇਂ ਦੌਰ ਦੀ ਸ਼ੁਰੂਆਤ ਕੀਤੀ ਹੈ।



ਟਰੰਪ ਪ੍ਰਸ਼ਾਸਨ ਦੇ ਵਿਆਪਕ ਟੈਰਿਫਾਂ ਨੂੰ ਰੱਦ ਕਰਨ ਦੇ ਅਮਰੀਕੀ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ, ਰਾਸ਼ਟਰਪਤੀ ਡੋਨਾਲਡ ਟਰੰਪ ਨੇ 24 ਫਰਵਰੀ ਤੋਂ 150 ਦਿਨਾਂ ਲਈ ਸਾਰੇ ਦੇਸ਼ਾਂ 'ਤੇ 10 ਫੀਸਦੀ ਟੈਰਿਫ ਲਗਾਉਣ ਦਾ ਐਲਾਨ ਕੀਤਾ ਹੈ। ਹੁਣ ਇਸ ਜਾਂਚ ਦੀ ਸ਼ੁਰੂਆਤ ਵਪਾਰਕ ਨਿਗਰਾਨੀ ਵਿੱਚ ਇੱਕ ਵੱਡੇ ਵਾਧੇ ਦਾ ਸੰਕੇਤ ਹੈ।

**ਇਹ ਜਾਂਚ ਕੀ ਹੈ ?**

ਅਮਰੀਕੀ ਵਪਾਰ ਪ੍ਰਤੀਨਿਧ (ਯੂ.ਐੱਸ.ਟੀ.ਆਰ.) ਨੇ ਐਲਾਨ ਕੀਤਾ ਹੈ ਕਿ ਉਸ ਨੇ ਭਾਰਤ, ਚੀਨ, ਜਾਪਾਨ ਅਤੇ ਯੂਰਪੀਅਨ ਯੂਨੀਅਨ (ਈ ਯੂ) ਸਮੇਤ ਆਪਣੇ ਵਪਾਰਕ ਭਾਈਵਾਲਾਂ ਵਿਰੁੱਧ ਜਾਂਚ ਸ਼ੁਰੂ ਕੀਤੀ ਹੈ ਤਾਂ ਜੋ ਅਮਰੀਕੀ ਨਿਰਮਾਣ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਗੈਰ-ਵਾਜਬ (ਬਾਕੀ ਸਫਾ 2 'ਤੇ)

*ਬੀ.ਸੀ.ਸੀ.ਆਈ. ਪੁਰਸਕਾਰ ਸਮਾਰੋਹ*

## ਸ਼ੁਭਮਨ ਗਿੱਲ ਬਣੇ 'ਕ੍ਰਿਕਟਰ ਆਫ਼ ਦ ਈਅਰ'

### ਰਾਹੁਲ ਦ੍ਰਾਵਿੜ ਦਾ ਵੀ ਹੋਵੇਗਾ ਸਨਮਾਨ




**ਚੜ੍ਹਦੀਕਲਾ ਬਿਊਰੋ**

================

ਮੁੰਬਈ, 12 ਮਾਰਚ:ਟੀ-20 ਵਿਸ਼ਵ ਕੱਪ 2026 ਜਿੱਤਣ ਤੋਂ ਬਾਅਦ ਭਾਰਤੀ ਟੀਮ ਨੂੰ ਜਲਦ ਹੀ ਸਨਮਾਨਿਤ ਕੀਤਾ ਜਾਵੇਗਾ। ਸੂਰਿਆਕੁਮਾਰ ਯਾਦਵ ਦੀ ਕਪਤਾਨੀ ਹੇਠ ਟੀਮ ਇੰਡੀਆ ਨੇ ਰਿਕਾਰਡ ਤੀਜੀ ਵਾਰ ਟੀ-20 ਟਰਾਫੀ ਜਿੱਤੀ। ਹਾਲਾਂਕਿ, ਇਸ ਵਾਰ ਵਿਸ਼ਵ ਕੱਪ ਜਿੱਤਣ ਤੋਂ ਬਾਅਦ, ਟੀਮ ਇੰਡੀਆ ਨੂੰ ਪਿਛਲੇ ਖਿਤਾਬਾਂ ਵਾਂਗ 'ਵਿਕਟਰੀ ਪਰੇਡ' ਦਾ ਹਿੱਸਾ ਬਣਨ ਦਾ ਮੌਕਾ ਨਹੀਂ ਮਿਲਿਆ। ਹਾਲਾਂਕਿ, ਬੀ.ਸੀ.ਸੀ.ਆਈ. ਆਪਣੇ ਸਾਲਾਨਾ ਪੁਰਸਕਾਰ ਸਮਾਰੋਹ ਵਿੱਚ ਇਸ ਦੀ ਭਰਪਾਈ ਕਰਨ ਜਾ ਰਿਹਾ ਹੈ, ਜਿੱਥੇ ਟੀਮ ਨੂੰ ਸਨਮਾਨਿਤ ਕੀਤਾ ਜਾਵੇਗਾ। ਹੋਰ ਭਾਰਤੀ ਕ੍ਰਿਕਟ ਸਿਤਾਰਿਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ, ਜਿਸ ਵਿੱਚ ਇਸ ਵਾਰ ਸਭ ਤੋਂ ਵੱਡਾ ਪੁਰਸਕਾਰ ਕਪਤਾਨ ਸ਼ੁਭਮਨ ਗਿੱਲ ਨੂੰ ਦਿੱਤਾ ਜਾਵੇਗਾ। ਟੈਸਟ ਅਤੇ ਵਨ ਡੇ ਕਪਤਾਨ ਗਿੱਲ ਨੂੰ ਪਿਛਲੇ ਸਾਲ ਲਈ ਕ੍ਰਿਕਟਰ ਆਫ ਦ ਈਅਰ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾਵੇਗਾ। ਐਤਵਾਰ, 15 ਮਾਰਚ ਨੂੰ, ਬੀ.ਸੀ.ਸੀ.ਆਈ. ਨਵੀਂ ਦਿੱਲੀ ਵਿੱਚ ਨਮਨ ਪੁਰਸਕਾਰਾਂ ਦੀ ਮੇਜ਼ਬਾਨੀ ਕਰੇਗਾ। ਬੋਰਡ ਹਰ ਸਾਲ ਵੱਖ-ਵੱਖ ਸ਼੍ਰੇਣੀਆਂ ਵਿੱਚ ਖਿਡਾਰੀਆਂ, ਸਾਬਕਾ ਖਿਡਾਰੀਆਂ, ਕੋਚਾਂ ਅਤੇ ਅੰਪਾਇਰਾਂ ਨੂੰ ਪੇਸ਼ ਕਰਦਾ ਹੈ। ਇਹ ਪੁਰਸਕਾਰ ਪਿਛਲੇ ਸਾਲ ਦੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਮਾਨਤਾ ਦਿੰਦੇ ਹਨ। ਇਸ ਸਾਲ, ਇਹ ਪੁਰਸਕਾਰ ਉਨ੍ਹਾਂ ਲੋਕਾਂ ਨੂੰ ਦਿੱਤਾ ਜਾਵੇਗਾ ਜਿਨ੍ਹਾਂ ਨੇ 2025 ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਵਿੱਚ ਸਟਾਰ ਬੱਲੇਬਾਜ਼ ਸ਼ੁਭਮਨ ਗਿੱਲ ਅਤੇ ਸਾਬਕਾ ਕੋਚ ਰਾਹੁਲ ਦ੍ਰਾਵਿੜ ਸ਼ਾਮਲ ਹਨ। ਰਿਪੋਰਟ ਦੇ ਅਨੁਸਾਰ ਸਟਾਰ ਬੱਲੇਬਾਜ਼ ਸ਼ੁਭਮਨ ਗਿੱਲ, ਜਿਸ ਨੂੰ ਪਿਛਲੇ ਸਾਲ ਟੈਸਟ ਅਤੇ (ਬਾਕੀ ਸਫਾ 2 'ਤੇ)

## ਈਰਾਨ ਨੇ ਭਾਰਤੀ ਜਹਾਜ਼ਾਂ ਨੂੰ ਹੋਰਮੁਜ਼ ਜਲਡਮਰੂ 'ਚੋਂ ਲੰਘਣ ਦੀ ਦਿੱਤੀ ਇਜਾਜ਼ਤ

**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 12 ਮਾਰਚ:ਈਰਾਨ ਨੇ ਹੋਰਮੁਜ਼ ਜਲਡਮਰੂ ਵਿਚੋਂ ਭਾਰਤੀ ਝੰਡੇ ਵਾਲੇ ਜਹਾਜ਼ਾਂ ਨੂੰ ਸੁਰੱਖਿਅਤ ਰਸਤਾ ਦੇ ਦਿੱਤਾ ਹੈ। ਰਿਪੋਰਟਾਂ ਅਨੁਸਾਰ ਅਮਰੀਕਾ-ਇਜ਼ਰਾਈਲੀ ਹਿੱਤਾਂ ਨਾਲ ਨਾ ਜੁੜੇ ਜਹਾਜ਼ਾਂ ਨੂੰ ਇਸ ਰਸਤੇ ਤੋਂ ਲੰਘਣ ਦੀ ਇਜਾਜ਼ਤ ਦਿੱਤੀ ਜਾਵੇਗੀ। ਇਸੇ ਕਰਕੇ ਭਾਰਤੀ ਜਹਾਜ਼ਾਂ ਨੂੰ ਫਿਲਹਾਲ ਸੁਰੱਖਿਅਤ ਰਸਤਾ ਦਿੱਤਾ ਗਿਆ ਹੈ।



ਪੱਛਮੀ ਏਸ਼ੀਆ ਵਿਚ ਚੱਲ ਰਹੇ ਤਣਾਅ ਅਤੇ ਈਰਾਨ-ਇਜ਼ਰਾਈਲ-ਅਮਰੀਕਾ ਟਕਰਾਅ ਦੇ ਵਿਚਕਾਰ ਭਾਰਤ ਨੂੰ ਇਕ ਵੱਡੀ ਕੂਟਨੀਤਕ ਸਫਲਤਾ ਮਿਲੀ ਹੈ। ਈਰਾਨ ਨੇ ਭਾਰਤੀ ਝੰਡੇ ਵਾਲੇ ਤੇਲ ਟੈਂਕਰਾਂ ਨੂੰ ਰਣਨੀਤਕ ਤੌਰ 'ਤੇ ਮਹੱਤਵਪੂਰਨ ਹੋਰਮੁਜ਼ ਜਲਡਮਰੂ ਤੋਂ ਸੁਰੱਖਿਅਤ ਢੰਗ ਨਾਲ ਲੰਘਣ ਦੀ ਇਜਾਜ਼ਤ ਦੇ ਦਿੱਤੀ ਹੈ।

ਇਹ ਵਿਕਾਸ ਭਾਰਤੀ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਅਤੇ ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਵਿਚਕਾਰ ਉੱਚ ਪੱਧਰੀ ਗੱਲਬਾਤ ਤੋਂ ਬਾਅਦ ਹੋਇਆ ਹੈ। ਇਸ ਤੋਂ ਬਾਅਦ ਕਰੀਬ ਦੋ ਭਾਰਤੀ ਟੈਂਕਰ ਪੁਸ਼ਪਕ ਅਤੇ ਪਰਿਮਲ, ਹੋਰਮੁਜ਼ ਜਲਡਮਰੂ ਤੋਂ ਸੁਰੱਖਿਅਤ ਢੰਗ ਨਾਲ ਲੰਘ ਰਹੇ ਹਨ ਤੇ ਇਹ (ਬਾਕੀ ਸਫਾ 2 'ਤੇ)

# ਅਦਾਲਤ ਵੱਲੋਂ ਇਮਾਨਦਾਰੀ ਸਾਬਤ ਹੋਣ ਤੋਂ ਬਾਅਦ ਕੇਜਰੀਵਾਲ ਨੇ ਮਾਨ ਨਾਲ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ

## 'ਆਪ' ਆਗੂਆਂ ਨੂੰ ਝੂਠੇ ਦੋਸ਼ ਹੇਠ ਜੇਲ੍ਹ ਭੇਜਿਆ, ਪਰ ਅਦਾਲਤ ਨੇ ਸਾਰੇ ਦੋਸ਼ ਖਾਰਜ ਕਰ ਦਿੱਤੇ: ਕੇਜਰੀਵਾਲ

ਅੰਮ੍ਰਿਤਸਰ, 12 ਮਾਰਚ (ਬਬਲੂ ਮਹਾਜਨ) : ਅਦਾਲਤ ਵੱਲੋਂ ਦਿੱਲੀ ਸ਼ਰਾਬ ਮਾਮਲੇ ਵਿੱਚ ਲੱਗੇ ਸਾਰੇ ਦੋਸ਼ਾਂ ਨੂੰ ਖਾਰਜ ਕਰਨ ਅਤੇ 'ਕੱਟੜ ਇਮਾਨਦਾਰ' ਵਜੋਂ ਆਪਣੀ ਇਮਾਨਦਾਰੀ ਦੀ ਸ਼ਾਖ ਬਰਕਰਾਰ ਰੱਖਣ ਤੋਂ ਬਾਅਦ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਆਪਣੀ ਪਤਨੀ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਅਰਦਾਸ ਕੀਤੀ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਪਤਨੀ ਸਮੇਤ ਹੋਰ ਪਤਵੰਤਿਆਂ ਨੇ ਵੀ ਦਰਬਾਰ ਸਾਹਿਬ ਵਿਖੇ ਮੱਥਾ ਟੇਕਿਆ।

ਇਸ ਮੌਕੇ 'ਆਪ' ਸੁਪਰੀਮੋ ਨੇ ਕਿਹਾ ਕਿ 'ਆਪ' ਦੀ ਲੀਡਰਸ਼ਿਪ 'ਤੇ ਝੂਠੇ ਦੋਸ ਲਗਾਉਣ ਅਤੇ ਸਿਆਸੀ ਚਿੱਕੜ ਉਛਾਲਣ ਦੀ ਸੋਚੀ ਸਮਝੀ ਮੁਹਿੰਮ ਚਲਾਈ ਗਈ ਸੀ, ਜਿਸ ਤਹਿਤ ਪਾਰਟੀ ਦੇ ਪੰਜ ਪ੍ਰਮੁੱਖ ਆਗੂਆਂ ਨੂੰ ਫਰਜ਼ੀ ਦੋਸਾਂ ਹੇਠ ਕੈਦ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇੱਕ ਮੌਜੂਦਾ ਮੁੱਖ ਮੰਤਰੀ ਨੂੰ ਵੀ ਅੱਧੀ ਰਾਤ ਨੂੰ ਉਨ੍ਹਾਂ ਦੀ ਰਿਹਾਇਸ਼ ਤੋਂ ਘਸੀਟ ਕੇ ਜੇਲ੍ਹ ਸੁੱਟ ਦਿੱਤਾ ਗਿਆ ਸੀ, ਪਰ ਅਦਾਲਤ ਨੇ ਮੁਕੱਦਮਾ ਚਲਾਉਣ ਲਈ ਲੋੜੀਂਦੇ ਸਬੂਤਾਂ ਦੀ ਅਣਹੋਂਦ ਕਾਰਨ ਸਾਰੇ ਦੋਸਾਂ ਨੂੰ ਰੱਦ ਕਰ ਦਿੱਤਾ ਅਤੇ ਉਨ੍ਹਾਂ ਨੂੰ ਪੂਰੀ ਰਾਹਤ ਦਿੱਤੀ।

ਮੀਡੀਆ ਨਾਲ ਗੱਲਬਾਤ ਦੌਰਾਨ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ, "ਇਹ ਵਾਹਿਗੁਰੂ ਦੀ ਕਿਰਪਾ ਅਤੇ ਅਸੀਰਵਾਦ ਤੋਂ ਬਿਨਾਂ ਨਹੀਂ ਹੋ ਸਕਦਾ ਸੀ। ਮੈਂ ਪਹਿਲਾਂ ਵੀ ਕਈ ਵਾਰ ਦਰਬਾਰ ਸਾਹਿਬ ਆਇਆ ਹਾਂ ਅਤੇ ਵਾਹਿਗੁਰੂ ਦਾ ਆਸੀਰਵਾਦ ਲਿਆ ਹੈ। ਹੁਣ ਜਦੋਂ ਸਾਡਾ ਸਨਮਾਨ ਬਹਾਲ ਹੋ ਗਿਆ ਹੈ ਅਤੇ ਅਸੀਂ ਸਾਰੇ ਦੋਸਾਂ ਤੋਂ ਮੁਕਤ ਹੋ ਗਏ ਹਾਂ, ਅੱਜ ਮੈਂ, ਮੇਰੀ ਪਤਨੀ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਪਤਨੀ ਸਾਡੇ ਪਰਿਵਾਰਾਂ ਸਮੇਤ ਵਾਹਿਗੁਰੂ ਅੱਗੇ ਨਤਮਸਤਕ ਹੋਣ ਅਤੇ ਸ਼ੁਕਰਾਨਾ ਕਰਨ ਲਈ ਆਏ ਹਾਂ। ਵਾਹਿਗੁਰੂ ਸਾਡਾ ਮਾਰਗਦਰਸਨ ਕਰਦੇ ਰਹਿਣ ਅਤੇ ਸਾਡੇ 'ਤੇ ਆਪਣੀਆਂ ਅਸੀਸਾਂ ਵਰ੍ਹਾਉਂਦੇ ਰਹਿਣ। ਵਾਹਿਗੁਰੂ ਨੇ ਸਾਨੂੰ ਲੋਕਾਂ ਦੀ ਸੇਵਾ ਕਰਨ ਦੀ ਬਹੁਤ ਵੱਡੀ ਜ਼ਿੰਮੇਵਾਰੀ ਦਿੱਤੀ ਹੈ ਅਤੇ ਅਸੀਂ ਉਸੇ ਭਾਵਨਾ ਨਾਲ ਲੋਕਾਂ ਦੀ ਸੇਵਾ ਕਰਦੇ ਰਹਾਂਗੇ।"

'ਆਪ' ਸੁਪਰੀਮੋ ਨੇ ਕਿਹਾ, "ਪਿਛਲੇ ਚਾਰ ਸਾਲਾਂ ਤੋਂ ਸਾਡੀ ਸਰਕਾਰ ਵੱਲੋਂ ਪੰਜਾਬ ਵਿੱਚ ਅਹਿਮ ਪਹਿਲਕਦਮੀਆਂ ਕੀਤੀਆਂ ਗਈਆਂ ਹਨ। ਸਰਕਾਰ ਵੱਲੋਂ ਸਕੂਲਾਂ, ਹਸਪਤਾਲਾਂ, ਸਿਹਤ ਸੰਭਾਲ ਲਈ ਕ੍ਰਾਂਤੀਕਾਰੀ ਕਦਮ ਚੁੱਕੇ ਗਏ ਹਨ ਅਤੇ ਹੁਣ ਔਰਤਾਂ ਦੀ ਭਲਾਈ ਲਈ ਕਦਮ ਚੁੱਕੇ ਗਏ ਹਨ। ਜਦੋਂ ਸਾਨੂੰ ਲੋਕਾਂ ਦਾ ਆਸੀਰਵਾਦ ਮਿਲਦਾ ਹੈ ਤਾਂ ਹੀ ਸਾਡੇ ਵਰਗੇ ਆਮ ਲੋਕ ਸਭ ਕੁਝ ਪ੍ਰਾਪਤ ਕਰਨ ਦੇ ਯੋਗ ਹੁੰਦੇ ਹਨ। ਨਹੀਂ ਤਾਂ, ਅਜਿਹੇ ਤਾਕਤਵਰ ਲੋਕਾਂ ਦੇ ਸਾਹਮਣੇ ਸਾਡੇ ਵਰਗੇ ਆਮ ਲੋਕਾਂ ਦਾ ਕੋਈ ਸਟੈਂਡ ਨਹੀਂ ਹੁੰਦਾ। ਅਸੀਂ ਮਜਬੂਤੀ ਨਾਲ ਖੜ੍ਹੇ ਹੋਣ ਦੇ ਯੋਗ ਹਾਂ ਕਿਉਂਕਿ ਵਾਹਿਗੁਰੂ ਦੀਆਂ ਅਸੀਸਾਂ ਸਾਡੇ ਨਾਲ ਹਨ ਅਤੇ ਅਸੀਂ ਸੱਚ ਦੇ ਰਾਹ 'ਤੇ ਚੱਲ ਰਹੇ ਹਾਂ।"



ਅਰਵਿੰਦ ਕੇਜਰੀਵਾਲ ਨੇ ਕਿਹਾ, "ਪੰਜਾਬ ਵਿੱਚ ਅਜੇ ਵੀ ਬਹੁਤ ਕੁਝ ਕਰਨਾ ਬਾਕੀ ਹੈ। ਜੇਕਰ ਅਸੀਂ ਚਾਰ ਵਾਅਦੇ ਕਰੀਏ ਅਤੇ ਬਦਲੇ ਵਿੱਚ ਸੱਤ ਜਾਂ ਅੱਠ ਕੰਮ ਕਰ ਦਈਏ ਤਾਂ ਇਹ ਮਹਾਨਤਾ ਨੂੰ ਦਰਸਾਉਂਦਾ ਹੈ। ਪਰ ਅੱਠ ਵਾਅਦੇ ਕਰਨ ਅਤੇ ਸਿਰਫ ਚਾਰ ਪੂਰੇ ਕਰਨ ਵਿੱਚ ਕੋਈ ਮਹਾਨਤਾ ਨਹੀਂ ਹੈ। ਸਾਡੇ ਵੱਲੋਂ ਕੀਤੇ ਗਏ ਸਾਰੇ ਵਾਅਦੇ ਪੂਰੇ ਹੋ ਗਏ ਹਨ। ਅਗਲੇ ਸਾਲ ਲਈ ਮਾਨ ਸਾਹਿਬ ਅਤੇ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਵਿਆਪਕ ਯੋਜਨਾ ਉਲੀਕੀ ਗਈ ਹੈ। ਹੁਣ ਪੰਜਾਬ ਨੂੰ ਅਗਲੇ ਪੱਧਰ 'ਤੇ ਲਿਜਾਣਾ ਹੈ। ਬੁਨਿਆਦੀ ਢਾਂਚੇ ਅਤੇ ਨੌਜਵਾਨਾਂ ਨੂੰ ਰੋਜ਼ਗਾਰ ਪ੍ਰਦਾਨ ਕਰਨ ਲਈ ਅਜੇ ਬਹੁਤ ਕੰਮ ਕਰਨੇ ਬਾਕੀ ਹਨ।"

ਉਨ੍ਹਾਂ ਕਿਹਾ, "ਸ਼ੁੱਕਰਵਾਰ ਤੋਂ ਪੰਜਾਬ ਨਿਵੇਸ਼ਕ ਸੰਮੇਲਨ ਸੁਰੂ ਹੋ ਰਿਹਾ ਹੈ ਅਤੇ ਹੁਣ ਬਹੁਤ ਸਾਰੇ ਉਦਯੋਗ ਪੰਜਾਬ ਵਿੱਚ ਆਉਣੇ ਸ਼ੁਰੂ ਹੋ ਗਏ ਹਨ। ਦੇਸ ਭਰ ਦੇ ਵੱਡੇ ਉਦਯੋਗਪਤੀ ਪੰਜਾਬ ਵਿੱਚ ਨਿਵੇਸ ਕਰਨ ਵਿੱਚ ਦਿਲਚਸਪੀ ਦਿਖਾ ਰਹੇ ਹਨ। ਪੰਜਾਬ ਦੇ ਤਿੰਨ ਕਰੋੜ ਲੋਕਾਂ ਨਾਲ ਮਿਲ ਕੇ ਅਸੀਂ ਸੂਬੇ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਜਾਵਾਂਗੇ।"

ਅਰਵਿੰਦ ਕੇਜਰੀਵਾਲ ਨੇ ਆਪਣੇ ਐਕਸ ਹੈਂਡਲ 'ਤੇ ਇਹ ਵੀ ਲਿਖਿਆ, "ਵੀਰਵਾਰ ਨੂੰ ਭਗਵੰਤ ਸਿੰਘ ਮਾਨ ਅਤੇ ਮੈਂ ਆਪਣੇ ਪਰਿਵਾਰਾਂ ਸਮੇਤ ਸ੍ਰੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਮੇਰੇ ਅਤੇ ਮੇਰੀ ਪਾਰਟੀ ਦੇ ਕਈ ਆਗੂਆਂ 'ਤੇ ਝੂਠੇ ਦੋਸ਼ ਲਗਾਏ ਗਏ ਸਨ। ਅਦਾਲਤ ਨੇ ਸਾਰੇ ਦੋਸਾਂ ਨੂੰ ਖਾਰਜ ਕਰ ਦਿੱਤਾ ਅਤੇ ਸਪੱਸ਼ਟ ਤੌਰ 'ਤੇ ਕਿਹਾ ਕਿ ਮੁਕੱਦਮਾ ਚਲਾਉਣ ਲਈ ਇਹ ਸਬੂਤ ਕਾਫੀ ਨਹੀਂ ਹਨ। ਸੱਚ ਦੀ ਇਹ ਜਿੱਤ ਵਾਹਿਗੁਰੂ ਦੀ ਕਿਰਪਾ ਤੋਂ ਬਿਨਾਂ ਸੰਭਵ ਨਹੀਂ ਸੀ। ਸੱਚ ਦੇ ਮਾਰਗ 'ਤੇ ਚੱਲਣ ਵਾਲਿਆਂ ਨੂੰ ਹਮੇਸਾ ਗੁਰੂ ਦਾ ਆਸੀਰਵਾਦ ਮਿਲਦਾ ਹੈ।"

ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਹਾਲ ਹੀ ਦੇ ਦਿਨਾਂ ਵਿੱਚ ਦਿੱਲੀ ਦੀ ਇੱਕ ਅਦਾਲਤ ਵੱਲੋਂ ਸੱਚਾਈ ਦਾ ਫੈਸਲਾ ਆਇਆ ਹੈ ਕਿ ਆਮ ਆਦਮੀ ਪਾਰਟੀ ਦੇ ਚੋਟੀ ਦੇ ਆਗੂਆਂ ਉੱਤੇ ਲਗਾਏ ਗਏ ਦੋਸ, ਜਿਸ ਲਈ ਉਨ੍ਹਾਂ ਨੂੰ ਜੇਲ੍ਹ ਭੇਜਿਆ ਗਿਆ ਸੀ, ਪੂਰੀ ਤਰ੍ਹਾਂ ਝੂਠੇ ਸਨ। ਅਦਾਲਤ ਨੇ ਕਿਹਾ ਕਿ ਮੁਕੱਦਮਾ ਜਾਰੀ ਰੱਖਣ ਲਈ ਇਹ ਸੂਬਤ ਕਾਫੀ ਨਹੀਂ ਸਨ। ਉਹ ਇਹ ਨਹੀਂ ਕਹਿ ਰਹੇ ਹਨ ਕਿ ਆਗੂਆਂ ਨੂੰ ਮੁਕੱਦਮੇ ਤੋਂ ਬਾਅਦ ਬਰੀ ਕਰ ਦਿੱਤਾ ਗਿਆ ਹੈ, ਸਗੋਂ ਉਹ ਕਹਿ ਰਹੇ ਹਨ ਕਿ ਮਾਮਲਾ ਕਦੇ ਸੁਰੂ ਹੀ ਨਹੀਂ ਹੋਇਆ ਅਤੇ ਕੋਈ ਟਰਾਇਲ ਹੀ ਨਹੀਂ ਹੋਇਆ। ਇਸ ਲਈ ਆਪ ਲਈ ਸੱਚ ਦੀ ਇਸ ਕਿਰਨ ਵਾਸਤੇ ਸੁਕਰਾਨੇ ਵਜੋਂ ਅਸੀਂ ਅੱਜ ਆਪਣਾ ਸਿਰ ਝੁਕਾਉਣ ਅਤੇ ਪ੍ਰਾਰਥਨਾ ਕਰਨ ਲਈ ਆਏ ਹਾਂ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਪੰਜਾਬ ਲਈ ਚੜ੍ਹਦੀ ਕਲਾ ਅਤੇ ਸਾਰਿਆਂ ਦੀ ਭਲਾਈ ਲਈ ਅਰਦਾਸ ਕੀਤੀ ਹੈ ਅਤੇ ਪਰਮਾਤਮਾ ਅੱਗੇ ਬੇਨਤੀ ਕੀਤੀ ਹੈ ਕਿ ਉਹ ਸਾਨੂੰ ਲੋਕ ਸੇਵਾ ਦੀ ਜ਼ਿੰਮੇਵਾਰੀ ਨੂੰ ਪੂਰਾ ਕਰਨ ਲਈ ਬਲ ਅਤੇ ਤਾਕਤ ਬਖ਼ਸ਼ੇ। ਸਾਡੀ ਸਰਕਾਰ ਦੇ ਲਗਭਗ ਚਾਰ ਸਾਲ ਪੂਰੇ ਹੋਣ ਵਾਲੇ ਹਨ ਅਤੇ ਬਜਟ ਸੈਸਨ ਵੀ ਚੱਲ ਰਿਹਾ ਹੈ। ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਅਤੇ ਇਸਦੇ ਵਿਕਾਸ ਵਾਸਤੇ ਲੋਕ-ਪੱਖੀ ਬਜਟ ਪੇਸ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਸੰਕਲਪ ਨਾਲ ਕਿ ਅਸੀਂ ਸਾਰੇ ਪੰਜਾਬ ਨੂੰ ਮੋਹਰੀ ਸੂਬਾ ਬਣਾਉਣ ਵਿੱਚ ਤਹਿ ਦਿਲੋਂ ਯੋਗਦਾਨ ਪਾਵਾਂਗੇ, ਅਸੀਂ ਅੱਜ ਆਪਣੇ ਪਰਿਵਾਰਾਂ ਸਮੇਤ ਪਰਮਾਤਮਾ ਦਾ ਧੰਨਵਾਦ ਕਰਨ ਲਈ ਆਏ ਹਾਂ।

ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ ਕਿ ਅਸੀਂ ਅਰਦਾਸ ਕਰਦੇ ਹਾਂ ਕਿ ਪਰਮਾਤਮਾ ਸਾਨੂੰ ਸੱਚਾਈ ਅਤੇ ਇਮਾਨਦਾਰੀ ਦੇ ਮਾਰਗ 'ਤੇ ਚੱਲਣ ਦੀ ਤਾਕਤ ਦੇਵੇ ਤਾਂ ਜੋ ਅਸੀਂ ਦੇਸ ਅਤੇ ਸਮਾਜ ਦੀ ਸੇਵਾ ਕਰ ਸਕੀਏ। ਉਨ੍ਹਾਂ ਅੱਗੇ ਕਿਹਾ ਕਿ ਜਿਵੇਂ ਹੀ ਅਸੀਂ ਦਰਬਾਰ ਸਾਹਿਬ ਦੇ ਗਲਿਆਰੇ ਵਿੱਚ ਦਾਖਲ ਹੋਏ ਤਾਂ ਇਹ ਸਬਦ ਪੜ੍ਹੇ ਜਾ ਰਹੇ ਸਨ ਕਿ ਜੇਕਰ ਪਰਮਾਤਮਾ ਤੁਹਾਡੇ ਨਾਲ ਹੈ, ਤਾਂ ਤੁਹਾਨੂੰ ਕਿਸੇ ਵੀ ਚੀਜ ਤੋਂ ਡਰਨ ਦਾ ਕੋਈ ਲੋੜ ਨਹੀਂ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਹਮੇਸਾ ਵਾਹਿਗੁਰੂ ਅੱਗੇ ਝੁਕਣ ਵਾਲੇ ਲੋਕ ਹਾਂ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਕਿਸਾਨਾਂ ਦੀਆਂ ਖ਼ੁਦਕੁਸੀਆਂ ਦੇ ਮਾਮਲਿਆਂ ਵਿੱਚ ਭਾਰੀ ਗਿਰਾਵਟ ਆਈ ਹੈ। ਸਰਕਾਰ ਨੂੰ ਪ੍ਰਾਪਤ ਹੋਈ ਤਾਜਾ ਰਿਪੋਰਟ ਅਨੁਸਾਰ ਖ਼ੁਦਕੁਸੀਆਂ ਵਿੱਚ ਲਗਾਤਾਰ ਕਮੀ ਆ ਰਹੀ ਹੈ ਕਿਉਂਕਿ ਨਹਿਰੀ ਪਾਣੀ ਹੁਣ ਖੇਤਾਂ ਤੱਕ ਪਹੁੰਚ ਰਿਹਾ ਹੈ। 16 ਮਾਰਚ 2022 ਨੂੰ ਪਾਣੀ ਸਿਰਫ 21 ਫ਼ੀਸਦ ਖੇਤਾਂ ਤੱਕ ਪਹੁੰਚਿਆ ਸੀ, ਜਦੋਂ ਕਿ ਅੱਜ ਮਾਰਚ 2026 ਵਿੱਚ ਇਹ ਲਗਭਗ 75 ਤੋਂ 80 ਫ਼ੀਸਦ ਤੱਕ ਪਹੁੰਚ ਗਿਆ ਹੈ। ਬਿਜਲੀ ਬੋਰਡ ਨੇ ਖੁਦ ਐਲਾਨ ਕੀਤਾ ਹੈ ਕਿ ਉਹ ਟੈਰਿਫ ਘਟਾ ਸਕਦਾ ਹੈ। ਬਿਜਲੀ ਦੀ ਖਪਤ ਘੱਟ ਗਈ ਹੈ ਅਤੇ ਦਿਨ ਵੇਲੇ ਬਿਜਲੀ ਸਪਲਾਈ ਕੀਤੀ ਜਾ ਰਹੀ ਹੈ। ਕਿਸਾਨਾਂ ਨੂੰ ਐਮਐਸਪੀ ਵੀ ਮਿਲ ਰਿਹਾ ਹੈ।

## ਮੂਸੇਵਾਲਾ ਕਤਲ 'ਚ ਪਵਨ ਬਿਸ਼ਨੋਈ

ਇੱਕੋ ਇੱਕ ਦੋਸ਼ ਇਹ ਸੀ ਕਿ ਉਸਨੇ ਅਪਰਾਧ ਵਿੱਚ ਕਥਿਤ ਤੌਰ 'ਤੇ ਵਰਤੀ ਗਈ ਬੋਲੈਰੋ ਗੱਡੀ ਦਾ ਪ੍ਰਬੰਧ ਕੀਤਾ ਸੀ। ਜ਼ਿਕਰਯੋਗ ਹੈ ਕਿ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੀ 29 ਮਈ, 2022 ਨੂੰ ਮਾਨਸਾ ਜ਼ਿਲ੍ਹੇ ਵਿੱਚ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਉਦੋਂ ਤੋਂ ਪਿਤਾ ਬਲਕੌਰ ਸਿੰਘ ਲਗਾਤਾਰ ਅਦਾਲਤਾਂ ਦੇ ਚੱਕਰ ਕੱਟ ਰਹੇ ਹਨ ਤਾਂ ਕਿ ਉਹ ਆਪਣੇ ਪੁੱਤ ਦੇ ਕਾਤਲਾਂ ਨੂੰ ਸਜ਼ਾ ਦਿਵਾ ਸਕਣ।

## ਮੋਦੀ ਵੱਲੋਂ ਮੰਤਰੀਆਂ ਨੂੰ ਅਫ਼ਵਾਹਾਂ

ਪ੍ਰਧਾਨ ਮੰਤਰੀ ਮੋਦੀ ਨੇ ਕੈਬਨਿਟ ਮੰਤਰੀਆਂ ਨੂੰ ਚੇਤਾਵਨੀ ਦਿੱਤੀ ਕਿ ਕੁਝ ਵਿਅਕਤੀ ਜਨਤਾ ਵਿੱਚ ਡਰ ਪੈਦਾ ਕਰਨ ਲਈ ਮੌਜੂਦਾ ਸਥਿਤੀ ਦਾ ਫਾਇਦਾ ਉਠਾਉਣ ਦੀ ਕੋਸ਼ਿਸ਼ ਕਰ ਸਕਦੇ ਹਨ। ਉਨ੍ਹਾਂ ਮੰਤਰੀਆਂ ਨੂੰ ਅਜਿਹੀਆਂ ਗਤੀਵਿਧੀਆਂ ਦੀ ਨਿਗਰਾਨੀ ਕਰਨ ਦੀ ਅਪੀਲ ਕੀਤੀ ਜੋ ਸਥਿਤੀ ਨੂੰ ਘਬਰਾਹਟ ਵਿੱਚ ਵਧਾਉਣ ਦੀ ਕੋਸ਼ਿਸ਼ ਕਰਦੀਆਂ ਹਨ। ਸਰਕਾਰ ਦਾ ਮੰਨਣਾ ਹੈ ਕਿ ਜਨਤਾ ਦਾ ਵਿਸ਼ਵਾਸ ਸਿਰਫ ਸਹੀ ਜਾਣਕਾਰੀ ਸਾਂਝੀ ਕਰਕੇ ਹੀ ਬਣਾਈ ਰੱਖਿਆ ਜਾ ਸਕਦਾ ਹੈ। ਕੈਬਨਿਟ ਮੀਟਿੰਗ ਵਿੱਚ, ਨਰਿੰਦਰ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਬਾਲਣ ਸੰਕਟ ਇੱਕ ਵਿਸ਼ਵਵਿਆਪੀ ਚੁਣੌਤੀ ਹੈ ਅਤੇ ਭਾਰਤ ਇਸ ਤੋਂ ਮੁਕਤ ਨਹੀਂ ਹੈ। ਹਾਲਾਂਕਿ, ਉਨ੍ਹਾਂ ਭਰੋਸਾ ਦਿੱਤਾ ਕਿ ਭਾਰਤ ਦੀਆਂ ਤਿਆਰੀਆਂ ਵਿਆਪਕ ਹਨ। ਸਰਕਾਰ ਕੋਲ ਇੱਕ ਸਿਹਤਮੰਦ ਸਪਲਾਈ ਲੜੀ ਬਣਾਈ ਰੱਖਣ ਲਈ ਕਾਫ਼ੀ ਸਰੋਤ ਹਨ। ਮੰਤਰੀਆਂ ਨੂੰ ਇਨ੍ਹਾਂ ਤਿਆਰੀਆਂ ਬਾਰੇ ਜਨਤਾ ਨੂੰ ਹਮਲਾਵਰਤਾ ਨਾਲ ਜਾਣਕਾਰੀ ਦੇਣ ਦੇ ਨਿਰਦੇਸ਼ ਦਿੱਤੇ ਗਏ ਹਨ।

## ਪੈਟਰੋਲੀਅਮ ਮੰਤਰਾਲੇ ਵੱਲੋਂ ਐਲ.ਪੀ.ਜੀ. ਦੀ ਕਮੀ ਨਾ

ਭਾਰਤ ਦੀ ਕੱਚੇ ਤੇਲ ਦੀ ਸਪਲਾਈ ਸੁਰੱਖਿਅਤ ਹੈ। ਉਨ੍ਹਾਂ ਕਿਹਾ ਕਿ ਫੀਡਬੈਕ ਤੋਂ ਪਤਾ ਲੱਗਦਾ ਹੈ ਕਿ ਕੁਝ ਲੋਕ ਗਲਤ ਜਾਣਕਾਰੀ ਦੇ ਕਾਰਨ ਪੈਨਿਕ ਹੋ ਕੇ ਬੁਕਿੰਗ ਕਰ ਰਹੇ ਹਨ ਅਤੇ ਸਿਲੰਡਰਾਂ ਨੂੰ ਜਮ੍ਹਾ ਕਰ ਰਹੇ ਹਨ। ਮੈਂ ਸਪੱਸ਼ਟ ਕਰਨਾ ਚਾਹੁੰਦੀ ਹਾਂ ਕਿ ਘਰੇਲੂ ਐਲ.ਪੀ.ਜੀ. ਲਈ ਸਾਡਾ ਆਮ ਡਿਲਿਵਰੀ ਸਾਈਕਲ ਲਗਭਗ ਢਾਈ ਦਿਨਾਂ ਦਾ ਹੈ, ਇਸ ਲਈ ਮੈਂ ਬੇਨਤੀ ਕਰਦੀ ਹਾਂ ਗਾਹਕਾਂ ਨੂੰ ਸਿਲੰਡਰ ਬੁੱਕ ਕਰਨ ਲਈ ਜਲਦਬਾਜ਼ੀ ਕਰਨ ਦੀ ਕੋਈ ਲੋੜ ਨਹੀਂ ਹੈ ਘਬਰਾ ਕੇ ਬੁਕਿੰਗ ਦੀ ਕੋਈ ਲੋੜ ਨਹੀਂ ਹੈ। ਪੈਟਰੋਲੀਅਮ ਮੰਤਰਾਲੇ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਦੋ ਐਲਐਨਜੀ ਕਾਰਗੋ ਭਾਰਤ ਲਈ ਰਵਾਨਾ ਹੋ ਗਏ ਹਨ। ਦੇਸ਼ ਕੁਝ ਦਿਨਾਂ ਦੇ ਅੰਦਰ ਆਪਣੀ ਪੂਰੀ ਸਮਰੱਥਾ 'ਤੇ ਪਹੁੰਚ ਜਾਵੇਗਾ। ਸਾਡੀਆਂ ਰਿਫਾਇਨਰੀਆਂ ਵੱਧ ਤੋਂ ਵੱਧ ਸਮਰੱਥਾ 'ਤੇ ਕੰਮ ਕਰ ਰਹੀਆਂ ਹਨ, ਜਿਨ੍ਹਾਂ ਵਿੱਚੋਂ ਕੁਝ 100% ਤੋਂ ਵੱਧ ਸਮਰੱਥਾ 'ਤੇ ਕੰਮ ਕਰ ਰਹੀਆਂ ਹਨ। ਉਨ੍ਹਾਂ ਭਰੋਸਾ ਦਿੱਤਾ ਹੈ ਕਿ ਦੇਸ਼ ਦੀ ਊਰਜਾ ਸੁਰੱਖਿਆ ਪੂਰੀ ਤਰ੍ਹਾਂ ਮਜ਼ਬੂਤ ਹੈ। ਹਾਲਾਂਕਿ, ਅਫਵਾਹਾਂ ਕਾਰਨ ਪੈਨਿਕ ਬੁਕਿੰਗ ਨੂੰ ਰੋਕਣ ਲਈ, ਸਰਕਾਰ ਨੇ ਐਲ.ਪੀ.ਜੀ. ਸਿਲੰਡਰਾਂ ਦੀ ਬੁਕਿੰਗ ਦੇ ਨਿਯਮਾਂ ਵਿੱਚ ਮਹੱਤਵਪੂਰਨ ਬਦਲਾਅ ਕੀਤੇ ਹਨ। ਮੰਤਰਾਲੇ ਨੇ ਸਪੱਸ਼ਟ ਕੀਤਾ ਹੈ ਕਿ ਘਰੇਲੂ ਗੈਸ ਖਪਤਕਾਰਾਂ ਲਈ ਸਪਲਾਈ ਚੇਨ ਅਤੇ ਲੌਜਿਸਟਿਕਸ ਪੂਰੀ ਤਰ੍ਹਾਂ ਆਮ ਅਤੇ ਸੁਚਾਰੂ ਢੰਗ ਨਾਲ ਕੰਮ ਕਰ ਰਹੇ ਹਨ। ਇਸ ਵੇਲੇ ਘਰੇਲੂ ਘਰਾਂ ਲਈ ਐਲਪੀਜੀ ਸਿਲੰਡਰਾਂ ਲਈ ਆਮ ਡਿਲੀਵਰੀ ਚੱਕਰ ਸਿਰਫ਼ ਢਾਈ ਦਿਨਾਂ 'ਤੇ ਸਥਿਰ ਰਹਿੰਦਾ ਹੈ। ਖਪਤਕਾਰਾਂ ਨੂੰ ਬੁਕਿੰਗ ਦੇ ਵੱਧ ਤੋਂ ਵੱਧ ਢਾਈ ਦਿਨਾਂ ਦੇ ਅੰਦਰ ਸਿਲੰਡਰ ਮਿਲ ਰਹੇ ਹਨ। ਇਸ ਤੋਂ ਇਲਾਵਾ, ਸਰਕਾਰੀ ਨੀਤੀਗਤ ਉਪਾਵਾਂ ਦੇ ਸਕਾਰਾਤਮਕ ਨਤੀਜੇ ਵਜੋਂ ਤਰਲ ਪੈਟਰੋਲੀਅਮ ਗੈਸ ਉਤਪਾਦਨ ਵਿੱਚ 25% ਦਾ ਵਾਧਾ ਹੋਇਆ ਹੈ। ਪੈਟਰੋਲੀਅਮ ਮੰਤਰਾਲੇ ਨੇ ਖਪਤਕਾਰਾਂ ਨੂੰ ਭਰੋਸਾ ਦਿੱਤਾ ਹੈ ਕਿ ਗੈਸ ਸਪਲਾਈ ਦੀ ਕੋਈ ਕਮੀ ਨਹੀਂ ਹੈ, ਅਤੇ ਇਸ ਲਈ ਬਾਜ਼ਾਰ ਵਿੱਚ ਘਬਰਾਹਟ ਜਾਂ ਪੈਨਿਕ ਬੁਕਿੰਗ ਦੀ ਕੋਈ ਲੋੜ ਨਹੀਂ ਹੈ। ਸ਼ਰਮਾ ਨੇ ਕਿਹਾ ਕਿ ਮੰਗ ਨੂੰ ਪ੍ਰਬੰਧਿਤ ਕਰਨ ਲਈ, ਦੋ ਐਲਪੀਜੀ ਬੁਕਿੰਗਾਂ ਵਿਚਕਾਰ ਘੱਟੋ-ਘੱਟ ਪਾੜੇ ਨੂੰ ਅਸਥਾਈ ਤੌਰ 'ਤੇ 21 ਦਿਨਾਂ ਤੋਂ ਵਧਾ ਕੇ 25 ਦਿਨ ਕਰ ਦਿੱਤਾ ਗਿਆ ਹੈ। ਡਿਸਟ੍ਰੀਬਿਊਟਰ ਪੱਧਰ 'ਤੇ ਗੈਸ ਦੀ ਦੁਰਵਰਤੋਂ ਨੂੰ ਰੋਕਣ ਲਈ ਇੱਕ ਡਿਲਿਵਰੀ ਪ੍ਰਮਾਣਿਕਤਾ ਕੋਡ (ਡੀ.ਏ.ਸੀ.) ਪ੍ਰਣਾਲੀ ਲਾਗੂ ਕੀਤੀ ਗਈ ਹੈ।

## ਰਣਜੀਤ ਸਿੰਘ ਦੀ ਮੌਤ ਤਸ਼ੱਦਦ ਕਾਰਨ

ਗੁਰਮੀਤ ਸਿੰਘ 'ਤੇ ਗੋਲੀ ਚਲਾਈ। ਰਣਜੀਤ ਸਿੰਘ ਦੇ ਤਾਇਆ ਹਰਵਿੰਦਰ ਸਿੰਘ ਮੱਲ੍ਹੀ ਦਾ ਸ਼ੁਰੂ ਤੋਂ ਦਾਅਵਾ ਹੈ ਕਿ ਉਸ ਨੂੰ ਹਿਰਾਸਤ ਵਿੱਚ ਪੁੱਛ-ਗਿੱਛ ਦੌਰਾਨ ਮਾਰਿਆ ਗਿਆ ਸੀ। ਦੱਸਣਯੋਗ ਹੈ ਕਿ ਰਣਜੀਤ ਸਿੰਘ ਦਾ ਪੋਸਟ ਮਾਰਟਮ ਬੀਤੀ 3 ਮਾਰਚ ਨੂੰ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਸੁਰੇਖਾ ਡਡਵਾਲ ਦੀ ਮੌਜੂਦਗੀ ਵਿੱਚ ਕੀਤਾ ਗਿਆ ਸੀ। ਅਦਾਲਤ ਨੇ ਪੁਲਿਸ ਜੀਪ ਦੇ ਪਲਟਣ ਤੋਂ 25 ਕਿੱਲੋਮੀਟਰ ਦੂਰ, ਪੁਰਾਣਾਸ਼ਾਲਾ ਵਿੱਚ ਹੋਏ ਮੁਕਾਬਲੇ ਵਾਲੀ ਥਾਂ ਦੇ ਨੇੜੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਵੀ ਮੰਗੀ ਸੀ। ਦੂਸਰੇ ਪਾਸੇ ਪੁਲਿਸ ਨੇ ਦਾਅਵਾ ਕੀਤਾ ਸੀ ਕਿ ਰਣਜੀਤ ਸਿੰਘ ਉਸ ਨੂੰ ਹਥਿਆਰਾਂ ਦੀ ਬਰਾਮਦਗੀ ਲਈ ਲਿਜਾ ਰਹੀ ਜੀਪ ਦੇ ਪਲਟਣ ਮਗਰੋਂ ਭੱਜਣ ਵਿੱਚ ਕਾਮਯਾਬ ਹੋ ਗਿਆ ਸੀ। ਪੋਸਟਮਾਰਟਮ ਕਰਨ ਵਾਲੇ ਡਾਕਟਰ ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਤੋਂ ਸਨ। ਉਨ੍ਹਾਂ ਵਿੱਚ ਡਾ. ਸੁਖਦੀਪ ਸਿੰਘ (ਮੈਡੀਕਲ ਅਫ਼ਸਰ), ਡਾ. ਸਤਿੰਦਰ ਪਾਲ ਸਿੰਘ (ਐਸੋਸੀਏਟ ਪ੍ਰੋਫੈਸਰ), ਡਾ. ਹਰਸ਼ ਕੁਮਾਰ (ਸੀਨੀਅਰ ਰੈਜ਼ੀਡੈਂਟ) ਸ਼ਾਮਲ ਸਨ।

## ਪਿਛਲੀਆਂ ਸਰਕਾਰਾਂ ਨੇ ਦਹਾਕੇ ਤੋਂ

ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਬਿਜਲੀ ਵਿਭਾਗ ਵਿੱਚ ਇਸ ਵੇਲੇ 1,750 ਹੋਰ ਉਮੀਦਵਾਰਾਂ ਦੀ ਭਰਤੀ ਚੱਲ ਰਹੀ ਹੈ ਅਤੇ ਜੂਨ 2026 ਤੱਕ ਇਹ ਵੀ ਪੂਰੀ ਹੋ ਜਾਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਸਾਰੀਆਂ ਨੌਕਰੀਆਂ ਪੂਰੀ ਤਰ੍ਹਾਂ ਯੋਗਤਾ, ਪਾਰਦਰਸ਼ਤਾ ਅਤੇ ਬਿਨਾਂ ਕਿਸੇ ਸਿਫ਼ਾਰਸ਼ ਦੇ ਦਿੱਤੀਆਂ ਗਈਆਂ ਹਨ।" ਉਨ੍ਹਾਂ ਕਿਹਾ ਕਿ ਭਰਤੀ ਪ੍ਰਕਿਰਿਆ ਦੀ ਨਿਰਪੱਖਤਾ ਕਾਰਨ ਕਈ ਉਮੀਦਵਾਰਾਂ ਨੇ ਵੱਖ-ਵੱਖ ਵਿਭਾਗਾਂ ਵਿੱਚ ਕਈ-ਕਈ ਨੌਕਰੀਆਂ ਪ੍ਰਾਪਤ ਕੀਤੀਆਂ ਹਨ।

ਸਾਲ 2022 ਤੋਂ ਪਹਿਲਾਂ ਦੀ ਸਥਿਤੀ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਕ ਦਹਾਕੇ ਤੋਂ ਵੱਧ ਸਮੇਂ ਤੱਕ ਪੰਜਾਬ ਦੇ ਨੌਜਵਾਨਾਂ ਨੂੰ ਲਗਾਤਾਰ ਸਰਕਾਰਾਂ ਦੁਆਰਾ ਸਰਕਾਰੀ ਨੌਕਰੀਆਂ ਤੋਂ ਵਾਂਝਾ ਰੱਖਿਆ ਗਿਆ। ਉਨ੍ਹਾਂ ਕਿਹਾ, "ਇਹ ਮੰਦਭਾਗਾ ਹੈ ਕਿ ਲਗਪਗ ਇਕ ਦਹਾਕੇ ਤੋਂ ਵੱਧ ਸਮੇਂ ਤੱਕ ਪੰਜਾਬ ਦੇ ਨੌਜਵਾਨਾਂ ਨੂੰ ਲਗਾਤਾਰ ਸਰਕਾਰੀ ਨੌਕਰੀਆਂ ਨਹੀਂ ਦਿੱਤੀਆਂ ਗਈਆਂ। ਇਨ੍ਹਾਂ ਨੇ ਸਾਡੀਆਂ ਪੀੜ੍ਹੀਆਂ ਦਾ ਭਵਿੱਖ ਤਬਾਹ ਕਰ ਦਿੱਤਾ, ਜਿਸ ਕਾਰਨ ਉਹ ਕਿਸੇ ਵੀ ਤਰ੍ਹਾਂ ਰਹਿਮ ਦੇ ਹੱਕਦਾਰ ਨਹੀਂ ਹਨ।" ਉਨ੍ਹਾਂ ਅੱਗੇ ਕਿਹਾ ਕਿ ਅਹੁਦਾ ਸੰਭਾਲਣ ਤੋਂ ਬਾਅਦ ਪੰਜਾਬ ਸਰਕਾਰ ਨੇ ਨੌਜਵਾਨਾਂ ਲਈ ਰੋਜ਼ਗਾਰ ਯਕੀਨੀ ਬਣਾਉਣ ਲਈ ਮਿਸ਼ਨ ਰੋਜ਼ਗਾਰ ਸ਼ੁਰੂ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਦੇ ਹਰ ਪਿੰਡ, ਕਸਬੇ ਅਤੇ ਸ਼ਹਿਰ ਵਿੱਚ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਯਕੀਨੀ ਬਣਾਏ ਹਨ। ਉਨ੍ਹਾਂ ਨਵ-ਨਿਯੁਕਤ ਨੌਜਵਾਨਾਂ ਨੂੰ ਇਮਾਨਦਾਰੀ, ਸਮਰਪਣ ਅਤੇ ਵਚਨਬੱਧਤਾ ਨਾਲ ਆਪਣੇ ਫ਼ਰਜ਼ ਨਿਭਾਉਣ ਲਈ ਪ੍ਰੇਰਿਤ ਕੀਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਤੋਂ ਇਹ ਨੌਜਵਾਨ ਸਰਕਾਰ ਦੇ ਪਰਿਵਾਰ ਦਾ ਹਿੱਸਾ ਹਨ ਅਤੇ ਇਕੱਠੇ ਮਿਲ ਕੇ ਅਸੀਂ ਪੰਜਾਬ ਨੂੰ ਦੁਬਾਰਾ 'ਰੰਗਲਾ ਪੰਜਾਬ' ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗੇ।"

ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਹੌਸਲਾ ਅਫ਼ਜ਼ਾਈ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਫ਼ਲਤਾ ਆਪਣੇ ਅੰਦਰ ਕਈ ਕਿੱਸੇ ਸਮੋਈ ਰੱਖਦੀ ਹੈ, ਜਦੋਂ ਕਿ ਅਸਫ਼ਲਤਾ ਦੀ ਕੋਈ ਬਾਤ ਨਹੀਂ ਪਾਉਂਦਾ ਅਤੇ ਸਖ਼ਤ ਮਿਹਨਤ, ਵਚਨਬੱਧਤਾ ਤੇ ਲਗਨ ਹਰੇਕ ਵਿਅਕਤੀ ਲਈ ਸਫ਼ਲਤਾ ਦੀਆਂ ਕੁੰਜੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਵਿੱਚ ਹਰ ਰੋਜ਼ ਸਰਕਾਰੀ ਨੌਕਰੀਆਂ ਲਈ ਕੋਈ ਨਾ ਕੋਈ ਪ੍ਰੀਖਿਆ ਲਈ ਜਾ ਰਹੀ ਹੈ, ਜੋ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਸਤੇ ਖੋਲ੍ਹ ਰਹੀ ਹੈ।" ਉਨ੍ਹਾਂ ਕਿਹਾ ਕਿ ਹਰ ਸਰਕਾਰੀ ਅਧਿਕਾਰੀ ਪੰਜਾਬ ਦੀ ਤਰੱਕੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਨੌਜਵਾਨਾਂ ਨੂੰ ਨੌਕਰੀਆਂ ਮੁਹੱਈਆ ਕਰਨਾ ਕੋਈ ਅਹਿਸਾਨ ਨਹੀਂ ਹੈ, ਸਗੋਂ ਉਨ੍ਹਾਂ ਦੀ ਪ੍ਰਤਿਭਾ ਅਤੇ ਯੋਗਤਾ ਦੇ ਆਧਾਰ 'ਤੇ ਸਹੀ ਮੌਕਾ ਦਿੱਤਾ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਨ੍ਹਾਂ ਨੌਜਵਾਨਾਂ ਨੂੰ ਪੂਰੀ ਤਰ੍ਹਾਂ ਯੋਗਤਾ ਦੇ ਆਧਾਰ 'ਤੇ ਨੌਕਰੀਆਂ ਮਿਲੀਆਂ ਹਨ।" ਉਨ੍ਹਾਂ ਨੌਜਵਾਨਾਂ ਨੂੰ ਸਰਕਾਰੀ ਪ੍ਰਣਾਲੀ ਦੇ ਅਨਿੱਖੜਵੇਂ ਮੈਂਬਰ ਬਣਨ ਅਤੇ ਮਿਸ਼ਨਰੀ ਜੋਸ਼ ਨਾਲ ਲੋਕਾਂ ਦੀ ਸੇਵਾ ਕਰਨ ਦੀ ਅਪੀਲ ਕੀਤੀ।

ਭਰਤੀ ਹੋਏ ਨੌਜਵਾਨਾਂ ਨੂੰ ਸਮਾਜ ਦੀ ਭਲਾਈ ਲਈ ਕੰਮ ਕਰਨ ਦਾ ਸੱਦਾ ਦਿੰਦੇ ਹੋਏ ਮੁੱਖ ਮੰਤਰੀ ਨੇ ਉਮੀਦ ਪ੍ਰਗਟਾਈ ਕਿ ਉਹ ਆਪਣੇ ਅਹੁਦਿਆਂ ਦੀ ਵਰਤੋਂ ਲੋੜਵੰਦ ਅਤੇ ਪੱਛੜੇ ਵਰਗਾਂ ਦੀ ਸਹਾਇਤਾ ਲਈ ਕਰਨਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਭਰਤੀ ਪ੍ਰਕਿਰਿਆ ਪੂਰੀ ਪਾਰਦਰਸ਼ਤਾ ਅਤੇ ਸਖ਼ਤ ਮੁਕਾਬਲੇਬਾਜ਼ੀ ਰਾਹੀਂ ਕੀਤੀ ਗਈ ਸੀ। ਉਨ੍ਹਾਂ ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਲੋਕਾਈ ਦੀ ਵੱਧ ਤੋਂ ਵੱਧ ਭਲਾਈ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਖ਼ਜ਼ਾਨੇ ਦੇ ਇਕ-ਇਕ ਪੈਸੇ ਦੀ ਵਰਤੋਂ ਲੋਕਾਂ ਦੀ ਭਲਾਈ ਲਈ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਹੁਣ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਲਾਮਿਸਾਲ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਕ ਅਜਿਹੇ ਸਮੇਂ ਜਦੋਂ ਦੇਸ਼ ਦੀਆਂ ਜਾਇਦਾਦਾਂ ਕੇਂਦਰ ਸਰਕਾਰ ਵੱਲੋਂ ਆਪਣੇ ਚਹੇਤਿਆਂ ਨੂੰ ਮਾਮੂਲੀ ਕੀਮਤਾਂ 'ਤੇ ਸੌਂਪੀਆਂ ਜਾ ਰਹੀਆਂ ਸਨ ਤਾਂ ਉਦੋਂ ਪੰਜਾਬ ਸਰਕਾਰ ਨੇ ਇਕ ਨਿੱਜੀ ਥਰਮਲ ਪਲਾਂਟ ਖਰੀਦ ਕੇ ਇਤਿਹਾਸ ਰਚਿਆ ਹੈ।"

ਮੁੱਖ ਮੰਤਰੀ ਨੇ ਔਰਤਾਂ ਦੀ ਭਲਾਈ ਲਈ ਪੰਜਾਬ ਸਰਕਾਰ ਵੱਲੋਂ ਚੁੱਕੇ ਜਾ ਰਹੇ ਕਦਮਾਂ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਸਕੀਮ' ਤਹਿਤ ਜਨਰਲ ਵਰਗ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦੋਂ ਕਿ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਵਿੱਤੀ ਸਹਾਇਤਾ ਵਜੋਂ ਮਿਲਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਮ ਲੋਕਾਂ, ਖਾਸ ਕਰ ਕੇ ਗਰੀਬਾਂ ਲਈ 1,000-1,500 ਰੁਪਏ ਮਹੱਤਵਪੂਰਨ ਹਨ।" ਉਨ੍ਹਾਂ ਇਸ ਸਹਾਇਤਾ ਨੂੰ ਮਾਵਾਂ ਅਤੇ ਧੀਆਂ ਦੇ ਸਤਿਕਾਰ ਦਾ ਪ੍ਰਤੀਕ ਦੱਸਿਆ।

ਮੁੱਖ ਮੰਤਰੀ ਨੇ ਟਿੱਪਣੀ ਕੀਤੀ ਕਿ ਜੋ ਲੋਕ ਇਸ ਯੋਜਨਾ ਦਾ ਮਜ਼ਾਕ ਉਡਾ ਰਹੇ ਹਨ ਜਾਂ ਬੇਬੁਨਿਆਦ ਸਵਾਲ ਉਠਾ ਰਹੇ ਹਨ, ਉਹ ਆਮ ਨਾਗਰਿਕਾਂ ਲਈ 1,000 ਰੁਪਏ ਦੀ ਅਹਿਮੀਅਤ ਨੂੰ ਸਮਝਣ ਵਿੱਚ ਨਾਕਾਮ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜੋ ਲੋਕ ਗੈਰ-ਕਾਨੂੰਨੀ ਢੰਗ ਨਾਲ ਕਮਾਏ ਪੈਸੇ ਨਾਲ ਇਕ ਵਾਰ ਦੇ ਖਾਣੇ 'ਤੇ 5,000 ਰੁਪਏ ਤੋਂ ਵੱਧ ਖਰਚ ਦਿੰਦੇ ਹਨ, ਉਹ 1,000 ਰੁਪਏ ਦੀ ਕੀਮਤ ਨੂੰ ਨਹੀਂ ਸਮਝ ਸਕਦੇ, ਜੋ ਉਨ੍ਹਾਂ ਲੋਕਾਂ ਲਈ ਵੱਡੀ ਵਿੱਤੀ ਸਹਾਇਤਾ ਹੈ, ਜਿਨ੍ਹਾਂ ਨੂੰ ਤਿਉਹਾਰਾਂ 'ਤੇ ਵੀ ਕੰਮ ਕਰਨ ਜਾਣਾ ਪੈਂਦਾ ਹੈ।" ਉਨ੍ਹਾਂ ਕਿਹਾ ਕਿ ਅਜਿਹੇ ਅਮੀਰ ਆਗੂ ਅਤੇ ਉਨ੍ਹਾਂ ਦੇ ਪਰਿਵਾਰ ਆਮ ਘਰਾਂ ਲਈ ਇਸ ਸਹਾਇਤਾ ਦੀ ਮਹੱਤਤਾ ਦੀ ਕਦਰ ਨਹੀਂ ਕਰ ਸਕਦੇ।

ਸਮਾਗਮ ਵਾਲੀ ਥਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਇਸ ਨੂੰ ਵਿਕਾਸ ਭਵਨ ਕਿਹਾ ਜਾਂਦਾ ਹੈ ਪਰ ਇੱਥੋਂ ਵੱਡੀ ਗਿਣਤੀ ਵਿੱਚ ਨੌਕਰੀਆਂ ਮਿਲਣ ਕਾਰਨ ਇਸ ਦਾ ਨਾਮ 'ਅਪਾਇੰਟਮੈਂਟ ਲੈਟਰ ਭਵਨ' ਰੱਖਿਆ ਜਾ ਸਕਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ 65,000 ਤੋਂ ਵੱਧ ਨੌਜਵਾਨਾਂ ਨੂੰ ਸਿਰਫ਼ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ।" ਉਨ੍ਹਾਂ ਕਿਹਾ ਕਿ ਪੰਜਾਬ ਲਈ ਸਕਾਰਾਤਮਕ ਸੰਕੇਤ ਹੈ, ਹੁਣ ਪੰਜਾਬ ਵਿੱਚ ਸਰਕਾਰੀ ਨੌਕਰੀਆਂ ਲੈਣ ਲਈ ਵਿਦੇਸ਼ਾਂ ਤੋਂ ਨੌਜਵਾਨਾਂ ਦੀ ਵਾਪਸੀ ਦਾ ਰੁਝਾਨ ਦੇਖਿਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਇਹ ਵੀ ਟਿੱਪਣੀ ਕੀਤੀ ਕਿ ਰਵਾਇਤੀ ਪਾਰਟੀਆਂ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਲੋਕ-ਕੇਂਦ੍ਰਿਤ ਸ਼ਾਸਨ ਮਾਡਲ ਤੋਂ ਅਸਹਿਜ ਮਹਿਸੂਸ ਕਰ ਰਹੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਪਾਰਟੀਆਂ ਸੱਤਾ ਲਈ ਕੁਰਸੀ ਦੀ ਖੇਡ ਖੇਡਦੀਆਂ ਸਨ ਅਤੇ ਲੋਕਾਂ ਤੇ ਦੇਸ਼ ਨੂੰ ਲੁੱਟਣ ਲਈ ਵਾਰੀ ਬੰਨ੍ਹੀ ਰੱਖਦੀਆਂ ਸਨ।" ਉਨ੍ਹਾਂ ਅੱਗੇ ਕਿਹਾ ਕਿ ਇਹ ਰਾਜਨੀਤੀ ਉਦੋਂ ਬੰਦ ਹੋਈ, ਜਦੋਂ ਪੰਜਾਬ ਦੇ ਲੋਕਾਂ ਨੇ ਮੌਜੂਦਾ ਸਰਕਾਰ ਨੂੰ ਵੱਡਾ ਫਤਵਾ ਦਿੱਤਾ, ਜਿਸ ਨਾਲ ਲੋਕ-ਪੱਖੀ ਪਹਿਲਕਦਮੀਆਂ ਦੀ ਲੜੀ ਸ਼ੁਰੂ ਹੋਈ।

*ਨਵੇਂ ਭਰਤੀ ਹੋਏ ਨੌਜਵਾਨਾਂ ਨੇ ਆਪਣੀ ਸਫ਼ਲਤਾ ਦੀਆਂ ਕਹਾਣੀਆਂ ਸਾਂਝੀਆਂ ਕੀਤੀਆਂ; ਮੈਰਿਟ ਆਧਾਰਤ ਚੋਣ ਰਾਹੀਂ ਸਰਕਾਰੀ ਨੌਕਰੀਆਂ ਪ੍ਰਾਪਤ ਕਰਨ ਲਈ ਕੀਤਾ ਧੰਨਵਾਦ*

ਇਸ ਦੌਰਾਨ ਕਈ ਨਵੇਂ ਭਰਤੀ ਹੋਏ ਉਮੀਦਵਾਰਾਂ ਨੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਨੌਕਰੀਆਂ ਦੇਣ ਲਈ ਮੁੱਖ ਮੰਤਰੀ ਦਾ ਧੰਨਵਾਦ ਕੀਤਾ। ਨਾਭਾ ਤੋਂ ਜਗਜੀਤ ਸਿੰਘ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਢਿੱਲੇ ਰਵੱਈਏ ਕਾਰਨ ਉਨ੍ਹਾਂ ਨੂੰ ਸਰਕਾਰੀ ਨੌਕਰੀ ਮਿਲਣ ਦੀ ਉਮੀਦ ਖ਼ਤਮ ਹੋ ਗਈ ਸੀ ਪਰ 'ਆਪ' ਦੀ ਸਰਕਾਰ ਬਣਨ ਤੋਂ ਬਾਅਦ ਉਨ੍ਹਾਂ ਨੂੰ ਵਾਪਸ
ਉਮੀਦ ਬੱਝੀ। ਫਿਰੋਜ਼ਪੁਰ ਤੋਂ ਤਜਿੰਦਰ ਸਿੰਘ ਨੇ ਕਿਹਾ ਕਿ ਜਦੋਂ ਉਨ੍ਹਾਂ ਨੂੰ ਨੌਕਰੀ ਸਬੰਧੀ ਫੋਨ ਆਇਆ ਤਾਂ ਉਨ੍ਹਾਂ ਦੇ ਪਰਿਵਾਰ ਨੂੰ ਡਰ ਸੀ ਕਿ ਉਨ੍ਹਾਂ ਨੂੰ ਰਿਸ਼ਵਤ ਦੇਣੀ ਪਵੇਗੀ, ਪਰ ਉਸ ਨੇ ਇਕ ਵੀ ਪੈਸਾ ਖਰਚੇ ਬਿਨਾਂ ਨੌਕਰੀ ਪ੍ਰਾਪਤ ਕੀਤੀ।

ਮਲੇਰਕੋਟਲਾ ਦੀ ਗੁਰਪ੍ਰੀਤ ਕੌਰ, ਜੋ ਇਸ ਸਮੇਂ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਕੰਮ ਕਰ ਰਹੀ ਹੈ, ਨੇ ਕਿਹਾ ਕਿ ਉਸ ਨੇ ਹੁਣ ਮੈਰਿਟ ਆਧਾਰ 'ਤੇ ਸਹਿਕਾਰੀ ਇੰਸਪੈਕਟਰ ਵਜੋਂ ਦੂਜੀ ਨੌਕਰੀ ਪ੍ਰਾਪਤ ਕੀਤੀ ਹੈ। ਇਸੇ ਤਰ੍ਹਾਂ ਜਲੰਧਰ ਦੇ ਦਿਨੇਸ਼ ਬੱਤਰਾ ਨੇ ਕਿਹਾ ਕਿ ਉਸ ਨੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਪੀ.ਐਸ.ਪੀ.ਸੀ.ਐਲ. ਵਿੱਚ ਏ.ਜ਼ੇ.ਐਸ. ਮਕੈਨੀਕਲ ਵਜੋਂ ਆਪਣੀ ਦੂਜੀ ਨੌਕਰੀ ਪ੍ਰਾਪਤ ਕੀਤੀ ਹੈ।

ਤਲਵਾੜਾ ਦੇ ਇਸ਼ਾਨ ਚੌਧਰੀ ਨੇ ਕਿਹਾ ਕਿ ਉਹ ਆਪਣੇ ਪਰਿਵਾਰ ਦੀ ਤੀਜੀ ਪੀੜ੍ਹੀ ਦਾ ਮੈਂਬਰ ਹੈ, ਜਿਸ ਨੂੰ ਪੀ.ਐਸ.ਪੀ.ਸੀ.ਐਲ. ਵਿੱਚ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਪਟਿਆਲਾ ਤੋਂ ਸੁਖਮਨਪ੍ਰੀਤ ਸਿੰਘ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਇਕ ਮਹੀਨੇ ਬਾਅਦ ਕੈਨੇਡਾ ਤੋਂ ਵਾਪਸ ਆ ਗਿਆ ਸੀ ਅਤੇ ਹੁਣ ਉਸ ਨੇ ਪੀ.ਐਸ.ਪੀ.ਸੀ.ਐਲ. ਵਿੱਚ ਆਪਣੀ ਦੂਜੀ ਨੌਕਰੀ ਪ੍ਰਾਪਤ ਕੀਤੀ ਹੈ।

ਪਟਿਆਲਾ ਦੇ ਪਿੰਡ ਭੂਤਗੜ੍ਹ ਦੇ ਧਰਮਿੰਦਰ ਸਿੰਘ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਹ ਇੱਟਾਂ ਦੇ ਭੱਠੇ 'ਤੇ ਮਜ਼ਦੂਰ ਵਜੋਂ ਕੰਮ ਕਰਦਾ ਸੀ ਪਰ ਹੁਣ ਇਕ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਸਰਕਾਰੀ ਨੌਕਰੀ ਪ੍ਰਾਪਤ ਕੀਤੀ ਹੈ। ਸ੍ਰੀ ਮੁਕਤਸਰ ਸਾਹਿਬ ਤੋਂ ਡਾ. ਨਵਜੋਤ ਸਿੰਘ ਮਾਨ ਨੇ ਖੁਲਾਸਾ ਕੀਤਾ ਕਿ ਦੰਦਾਂ ਦੇ ਡਾਕਟਰਾਂ ਨੂੰ 36 ਸਾਲਾਂ ਦੇ ਵਕਫ਼ੇ ਤੋਂ ਬਾਅਦ ਸਰਕਾਰੀ ਨੌਕਰੀਆਂ ਮਿਲੀਆਂ ਹਨ। ਇਸ ਤੋਂ ਪਹਿਲਾਂ ਦੰਦਾਂ ਦੇ ਡਾਕਟਰਾਂ ਦਾ ਆਖਰੀ ਬੈਚ 1990 ਵਿੱਚ ਭਰਤੀ ਕੀਤਾ ਗਿਆ ਸੀ। ਉਮੀਦਵਾਰਾਂ ਨੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਕਿ ਉਹ ਸਿਰਫ਼ ਮੈਰਿਟ ਅਤੇ ਪਾਰਦਰਸ਼ਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਪ੍ਰਦਾਨ ਕਰ ਰਹੇ ਹਨ।
ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਡਾ. ਬਲਬੀਰ ਸਿੰਘ ਵੀ ਮੌਜੂਦ ਸਨ।

## ਪਹਿਲੇ ਸਫ਼ੇ ਦੀ ਬਾਕੀ

## ਸੂਬਾ ਸਰਕਾਰ ਐਲ.ਪੀ.ਜੀ. ਸੰਕਟ ਨੂੰ ਲੈ ਕੇ ਪੂਰੀ ਤਰ੍ਹਾਂ

ਰੱਖੀ ਜਾ ਰਹੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲੋਕਾਂ ਨੂੰ ਜਰੂਰੀ ਵਸਤੂਆਂ ਤੱਕ ਪਹੁੰਚ ਸਬੰਧੀ ਕਿਸੇ ਵੀ ਮੁਸਕਲ ਦਾ ਸਾਹਮਣਾ ਨਾ ਕਰਨਾ ਪਵੇ। ਮੁੱਖ ਮੰਤਰੀ ਨੇ ਸਪੱਸਟ ਕੀਤਾ ਕਿ ਸਰਕਾਰ ਕਿਸੇ ਵੀ ਹਾਲਤ ਵਿੱਚ ਤਣਾਅ ਪੈਦਾ ਕਰਨ, ਜਮ੍ਹਾਂਖੋਰੀ ਜਾਂ ਖਪਤਕਾਰਾਂ ਦੇ ਸੋਸਣ ਦੀ ਇਜਾਜਤ ਨਹੀਂ ਦੇਵੇਗੀ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਖਾੜੀ ਦੇਸਾਂ ਵਿੱਚ ਤਣਾਅ ਕਾਰਨ ਦੇਸ਼ ਭਰ ਵਿੱਚ ਐਲਪੀਜੀ ਦੀ ਸੰਭਾਵਿਤ ਘਾਟ ਬਾਰੇ ਅਫਵਾਹਾਂ ਤੇਜੀ ਨਾਲ ਫੈਲ ਰਹੀਆਂ ਹਨ, ਜਿਸ ਨਾਲ ਜਨਤਾ ਵਿੱਚ ਬੇਲੋੜਾ ਤਣਾਅ ਪੈਦਾ ਹੋ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਖਾੜੀ ਦੇਸਾਂ ਵਿੱਚ ਜੰਗ ਕਾਰਨ ਐਲਪੀਜੀ ਸਿਲੰਡਰਾਂ ਦੀ ਘਾਟ ਬਾਰੇ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ। ਪੰਜਾਬ ਸਰਕਾਰ ਪੂਰੀ ਤਰ੍ਹਾਂ ਸੁਚੇਤ ਹੈ ਅਤੇ ਸਥਿਤੀ 'ਤੇ ਨੇੜਿਓਂ ਨਜਰ ਰੱਖੀ ਜਾ ਰਹੀ ਹੈ। ਸਾਰੇ ਡਿਪਟੀ ਕਮਿਸਨਰਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ ਦਿੱਤੇ ਗਏ ਹਨ ਕਿ ਲੋਕਾਂ ਲਈ ਜਰੂਰੀ ਵਸਤਾਂ ਦੀ ਕੋਈ ਕਮੀ ਨਾ ਆਵੇ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।"

ਸਥਿਤੀ ਦਾ ਫਾਇਦਾ ਉਠਾਉਣ ਦੀਆਂ ਕੋਸ਼ਿਸਾਂ ਵਿਰੁੱਧ ਚੇਤਾਵਨੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਜਰੂਰੀ ਵਸਤਾਂ ਦੀ ਸਪਲਾਈ ਵਿੱਚ ਹੇਰਾਫੇਰੀ ਕਰਨ ਜਾਂ ਤਣਾਅ ਪੈਦਾ ਕਰਨ ਦੀ ਕੋਸ਼ਿਸ ਕਰਨ ਵਾਲੇ ਵਿਅਕਤੀਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜੇਕਰ ਕੋਈ ਵੀ ਜਰੂਰੀ ਵਸਤਾਂ ਦੀ ਜਮ੍ਹਾਖੋਰੀ ਕਰਕੇ ਜਾਂ ਕਮੀ ਬਾਰੇ ਅਫਵਾਹਾਂ ਫੈਲਾ ਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ ਕਰਦਾ ਹੈ ਤਾਂ ਉਸ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।"

ਉਨ੍ਹਾਂ ਅੱਗੇ ਕਿਹਾ ਕਿ ਐਲਪੀਜੀ ਸਿਲੰਡਰਾਂ ਦੀ ਕਾਲਾਬਾਜਾਰੀ ਜਾਂ ਵੱਧ ਕੀਮਤ ਵਸੂਲਣ ਨੂੰ ਕਿਸੇ ਵੀ ਕੀਮਤ 'ਤੇ ਬਰਦਾਸਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਬਾਜਾਰ 'ਤੇ ਸਖਤ ਨਜਰ ਰੱਖਣ ਦੇ ਨਿਰਦੇਸ ਦਿੱਤੇ ਗਏ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਜੇਕਰ ਕੋਈ ਵੀ ਐਲਪੀਜੀ ਸਿਲੰਡਰਾਂ ਦੀ ਕਾਲਾਬਾਜਾਰੀ ਕਰਨ ਜਾਂ ਨਿਰਧਾਰਤ ਕੀਮਤ ਤੋਂ ਵੱਧ ਪੈਸੇ ਵਸੂਲਣ ਵਿੱਚ ਸਾਮਲ ਪਾਇਆ ਗਿਆ ਤਾਂ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।"

ਮੁੱਖ ਮੰਤਰੀ ਨੇ ਇਹ ਵੀ ਦੱਸਿਆ ਕਿ ਉਨ੍ਹਾਂ ਨੇ ਐਲਪੀਜੀ ਸਿਲੰਡਰਾਂ ਦੀ ਢੁਕਵੀਂ ਸਪਲਾਈ ਬਰਕਰਾਰ ਰੱਖਣ ਸਬੰਧੀ ਮਾਮਲਾ ਕੇਂਦਰ ਸਰਕਾਰ ਕੋਲ ਉਠਾਇਆ ਹੈ ਤਾਂ ਜੋ ਆਉਣ ਵਾਲੇ ਦਿਨਾਂ ਵਿੱਚ ਆਮ ਲੋਕਾਂ ਨੂੰ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਨਾਗਰਿਕਾਂ ਦੇ ਹਿੱਤਾਂ ਦੀ ਰਾਖੀ ਕਰਨ ਅਤੇ ਜਰੂਰੀ ਵਸਤਾਂ ਜਨਤਾ ਲਈ ਆਸਾਨੀ ਨਾਲ ਉਪਲਬਧ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਲੋਕ ਸਭਾ ਨਿਯਮਾਂ ਅਧੀਨ ਚਲਦੀ ਹੈ,

ਬਪਥਪਾਉਣ ਦੇ ਵਿਚਕਾਰ ਉਨ੍ਹਾਂ ਕਿਹਾ, 'ਸਦਨ ਨਿਯਮਾਂ ਅਤੇ ਕਾਇਦੇ-ਕਾਨੂੰਨਾਂ ਨਾਲ ਚੱਲ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਚੱਲਦਾ ਰਹੇਗਾ, ਚਾਹੇ ਇਹ ਕਿਸੇ ਮੈਂਬਰ ਨੂੰ ਸਵੀਕਾਰ ਹੋਵੇ ਜਾਂ ਨਾ। ਮੈਂ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਨਿਰਪੱਖਤਾ ਨਾਲ ਨਿਭਾਉਂਦਾ ਰਹਾਂਗਾ।'

ਬਜਟ ਸੈਸ਼ਨ ਦੇ ਪਹਿਲੇ ਹਿੱਸੇ ਦੌਰਾਨ ਬੇਭਰੋਸਗੀ ਦਾ ਨੋਟਿਸ ਦਿੱਤੇ ਜਾਣ ਤੋਂ ਬਾਅਦ ਵੀਰਵਾਰ ਪਹਿਲੀ ਵਾਰ ਸੀ ਜਦੋਂ ਬਿਰਲਾ ਸਦਨ ਦੀ ਕਾਰਵਾਈ ਚਲਾਉਣ ਲਈ ਆਏ ਸਨ, ਜੋ ਕਿ 13 ਫਰਵਰੀ ਨੂੰ ਖਤਮ ਹੋਇਆ ਸੀ। ਸੈਸ਼ਨ ਦਾ ਦੂਜਾ ਹਿੱਸਾ 9 ਮਾਰਚ ਨੂੰ ਸ਼ੁਰੂ ਹੋਇਆ ਸੀ। ਸਪੀਕਰ ਨੇ ਕਿਹਾ ਕਿ ਪਿਛਲੇ ਦੋ ਦਿਨਾਂ ਦੀ ਬਹਿਸ ਦੌਰਾਨ ਕੁਝ ਮੈਂਬਰਾਂ ਨੇ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਨੂੰ ਬੋਲਣ ਦੇ ਲੋੜੀਂਦੇ ਮੌਕੇ ਨਹੀਂ ਦਿੱਤੇ ਜਾਂਦੇ ਅਤੇ ਉਨ੍ਹਾਂ ਨੂੰ ਜਦੋਂ ਵੀ ਉਹ ਚਾਹੁਣ ਅਤੇ ਕਿਸੇ ਵੀ ਵਿਸ਼ੇ 'ਤੇ ਬੋਲਣ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ। ਬਿਰਲਾ ਨੇ ਕਿਹਾ ਕਿ ਸੰਸਦ ਮੈਂਬਰਾਂ ਨੂੰ ਸਦਨ ਵਿੱਚ ਬੋਲਣ ਦੀ ਆਜ਼ਾਦੀ ਹੈ, ਪਰ ਉਨ੍ਹਾਂ ਨੂੰ ਨਿਯਮਾਂ ਅਤੇ ਕਾਇਦੇ-ਕਾਨੂੰਨਾਂ ਦੀ ਪਾਲਣਾ ਕਰਨੀ ਪੈਂਦੀ ਹੈ।

ਉਨ੍ਹਾਂ ਨੇ ਉਨ੍ਹਾਂ ਦੋਸ਼ਾਂ ਦਾ ਵੀ ਜਵਾਬ ਦਿੱਤਾ ਕਿ ਜਦੋਂ ਕੁਝ ਮੈਂਬਰ ਬੋਲਣਾ ਚਾਹੁੰਦੇ ਹਨ ਤਾਂ ਉਨ੍ਹਾਂ ਦੇ ਮਾਈਕ੍ਰੋਫੋਨ ਬੰਦ ਕਰ ਦਿੱਤੇ ਜਾਂਦੇ ਹਨ। ਉਨ੍ਹਾਂ ਕਿਹਾ, 'ਮੇਰੇ ਕੋਲ ਮਾਈਕ ਚਾਲੂ ਜਾਂ ਬੰਦ ਕਰਨ ਦਾ ਕੋਈ ਸਵਿੱਚ ਨਹੀਂ ਹੈ। ਮਾਈਕ ਉਦੋਂ ਚਾਲੂ ਹੁੰਦਾ ਹੈ ਜਦੋਂ ਕਿਸੇ ਮੈਂਬਰ ਨੂੰ ਸਪੀਕਰ ਦੁਆਰਾ ਬੋਲਣ ਦੀ ਇਜਾਜ਼ਤ ਦਿੱਤੀ ਜਾਂਦੀ ਹੈ।' ਆਪਣੇ ਭਾਸ਼ਣ ਤੋਂ ਤੁਰੰਤ ਬਾਅਦ ਬਿਰਲਾ ਨੇ ਸਦਨ ਦੀ ਕਾਰਵਾਈ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ।

## ਸੰਸਦ 'ਚ ਰਾਹੁਲ ਗਾਂਧੀ ਨੇ ਐਲ.ਪੀ.ਜੀ. ਸੰਕਟ

ਐਪਸਟਾਈਨ ਦੇ ਦੋਸਤ ਹਨ। ਇਸ ਤੋਂ ਬਾਅਦ ਸਦਨ ਵਿੱਚ ਹੰਗਾਮਾ ਹੋ ਗਿਆ। ਸਪੀਕਰ ਬਿਰਲਾ ਨੇ ਰਾਹੁਲ ਨੂੰ ਰੋਕਿਆ, 'ਜਿਸ ਵਿਸ਼ੇ 'ਤੇ ਤੁਸੀਂ ਨੋਟਿਸ ਦਿੱਤਾ ਹੈ ਉਸ 'ਤੇ ਬੋਲੋ। ਜੇਕਰ ਤੁਸੀਂ ਇਸ 'ਤੇ ਬੋਲਣਾ ਚਾਹੁੰਦੇ ਹੋ, ਤਾਂ ਨੋਟਿਸ ਦਿਓ।' ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ। ਬਿਰਲਾ ਨੇ ਪੈਟਰੋਲੀਅਮ ਮੰਤਰੀ ਹਰਦੀਪ ਪੁਰੀ ਨੂੰ ਬੋਲਣ ਲਈ ਕਿਹਾ ਅਤੇ ਜਿਵੇਂ ਹੀ ਪੁਰੀ ਨੇ ਬੋਲਣਾ ਸ਼ੁਰੂ ਕੀਤਾ, 'ਐਪਸਟਾਈਨ, ਐਪਸਟਾਈਨ!' ਦੇ ਨਾਅਰੇ ਲਗਾਏ ਗਏ। ਅੱਜ ਸਵੇਰੇ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਦੇਸ਼ ਵਿੱਚ ਸਿਲੰਡਰ ਸੰਕਟ ਦੇ ਮੁੱਦੇ 'ਤੇ ਲੋਕ ਸਭਾ ਵਿੱਚ ਹੰਗਾਮਾ ਕੀਤਾ। ਸੰਸਦ ਮੈਂਬਰਾਂ ਨੇ ਸੰਸਦ ਦੇ ਬਾਹਰ ਨਾਅਰੇ ਲਗਾਏ।

## ਮਹਿਲਾ ਕਮਿਸ਼ਨ ਨੇ ਖਹਿਰਾ ਨੂੰ ਜਵਾਬ ਦੇਣ

ਨਹੀਂ ਭੇਜਿਆ ਗਿਆ। ਉਨ੍ਹਾਂ ਕਿਹਾ ਕਿ ਉਹ ਸੋਸ਼ਲ ਮੀਡੀਆ 'ਤੇ ਜਾਰੀ ਨੋਟਿਸ ਨੂੰ ਪੜ੍ਹ ਕੇ ਅੱਜ ਪੱਖ ਰੱਖਣ ਲਈ ਆਏ ਹਨ। ਉਹਨਾਂ ਕਿਹਾ ਕਿ ਉਹਨਾਂ ਮਹਿਲਾ ਰਾਜ ਕਮਿਸ਼ਨ ਤੋਂ ਐਸ.ਐਸ.ਪੀ. ਕਪੂਰਥਲਾ ਦੀ ਸਟੇਟਸ ਸਪੋਰਟ ਦੀ ਕਾਪੀ ਮੰਗੀ ਗਈ ਹੈ। ਜਿਸ ਤੋਂ ਬਾਅਦ ਮਹਿਲਾ ਰਾਜ ਕਮਿਸ਼ਨ ਵਲੋਂ ਸੁਖਪਾਲ ਸਿੰਘ ਖਹਿਰਾ ਨੂੰ ਇਕ ਹਫਤੇ ਦਾ ਸਮਾਂ ਆਪਣਾ ਜਵਾਬ ਦਾਖਲ ਕਰਨ ਲਈ ਦਿੱਤਾ ਗਿਆ ਹੈ।

## ਈਰਾਨ ਦੇ ਨਵੇਂ ਸੁਪਰੀਮ ਲੀਡਰ ਵੱਲੋਂ ਅਮਰੀਕਾ ਨੂੰ ਹਵਾਈ ਅੱਡੇ

ਹਮਲੇ ਜਾਰੀ ਰੱਖੇ ਜਾਣਗੇ। ਉਨ੍ਹਾਂ ਨੇ ਕਿਹਾ ਕਿ ਈਰਾਨ ਦਾ ਨਿਸ਼ਾਨਾ ਸਿਰਫ਼ ਅਮਰੀਕੀ ਅੱਡੇ ਹਨ। ਨਵੇਂ ਸੁਪਰੀਮ ਲੀਡਰ ਨੇ ਆਪਣੇ ਵਿਦੇਸ਼ੀ ਰੁਖ ਨੂੰ ਸਪੱਸ਼ਟ ਕਰਦਿਆਂ ਕਿਹਾ ਕਿ ਈਰਾਨ ਆਪਣੇ ਗੁਆਂਢੀ ਦੇਸ਼ਾਂ ਨਾਲ ਦੋਸਤੀ ਅਤੇ ਚੰਗੇ ਸਬੰਧਾਂ ਵਿੱਚ ਵਿਸ਼ਵਾਸ ਰੱਖਦਾ ਹੈ। ਹਾਲਾਂਕਿ, ਉਨ੍ਹਾਂ ਨੇ ਇਹ ਵੀ ਕਿਹਾ ਕਿ ਦੁਸ਼ਮਣ ਦੇਸ਼ਾਂ 'ਤੇ ਦਬਾਅ ਬਣਾਉਣ ਲਈ ਹੋਰਮੁਜ਼ ਦੀ ਜਲਡਮਰੂ ਨੂੰ ਲਗਾਤਾਰ ਬੰਦ ਰੱਖਿਆ ਜਾਵੇਗਾ। ਇਹ ਜਲਮਾਰਗ ਅੰਤਰਰਾਸ਼ਟਰੀ ਤੇਲ ਵਪਾਰ ਲਈ ਬਹੁਤ ਮਹੱਤਵਪੂਰਨ ਮੰਨਿਆ ਜਾਂਦਾ ਹੈ। ਆਪਣੇ ਪਹਿਲੇ ਭਾਸ਼ਣ ਵਿੱਚ ਮੋਜਤਬਾ ਖਮੇਨੇਈ ਨੇ ਦੇਸ਼ ਦੇ ਲੋਕਾਂ ਨੂੰ ਰਾਸ਼ਟਰੀ ਏਕਤਾ ਬਣਾਈ ਰੱਖਣ ਦੀ ਅਪੀਲ ਵੀ ਕੀਤੀ ਹੈ। ਉਨ੍ਹਾਂ ਨੇ ਵਿਸ਼ਵਾਸ ਜਤਾਇਆ ਕਿ ਇਕਜੁੱਟ ਹੋ ਕੇ ਹੀ ਈਰਾਨ ਆਪਣੇ ਦੁਸ਼ਮਣਾਂ ਦੇ ਦਬਾਅ ਦਾ ਸਾਹਮਣਾ ਕਰ ਸਕਦਾ ਹੈ। ਮਾਹਿਰਾਂ ਅਨੁਸਾਰ, ਖਮੇਨੇਈ ਦਾ ਇਹ ਪਹਿਲਾ ਬਿਆਨ ਇਹ ਸੰਕੇਤ ਦਿੰਦਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਈਰਾਨ ਅਤੇ ਅਮਰੀਕਾ ਵਿਚਾਲੇ ਤਣਾਅ ਹੋਰ ਵਧ ਸਕਦਾ ਹੈ।
ਹਰੇਕ ਮੌਤ ਦਾ ਲਵਾਂਗੇ ਬਦਲਾ ਮੋਜਤਬਾ ਨੇ ਕਿਹਾ ਹੈ ਕਿ ਉਹ 'ਸ਼ਹੀਦਾਂ ਦੀਆਂ ਮੌਤਾਂ ਦਾ ਬਦਲਾ ਲੈਣਗੇ।' ਉਨ੍ਹਾਂ ਬੱਚਿਆਂ ਦੀ ਮੌਤ ਦਾ ਬਦਲਾ ਲੈਣ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਸ਼ਹਾਦਤ ਨੂੰ ਭੁਲਾਇਆ ਨਹੀਂ ਜਾਵੇਗਾ।

## ਪੰਜਾਬ 'ਚ ਮੀਂਹ ਨਾਲ ਗਰਮੀ

ਕਪੂਰਥਲਾ, ਜਲੰਧਰ, ਨਵਾਂਸ਼ਹਿਰ, ਫਤਿਹਗੜ੍ਹ ਸਾਹਿਬ, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਪਟਿਆਲਾ ਅਤੇ ਰੂਪਨਗਰ ਵਿੱਚ ਮੀਂਹ ਪੈਣ ਦੀ ਉਮੀਦ ਹੈ। ਚੰਡੀਗੜ੍ਹ ਦੇ ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਮੁਤਾਬਕ ਅਗਲੇ 24 ਘੰਟਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ ਕੋਈ ਮਹੱਤਵਪੂਰਨ ਬਦਲਾਅ ਨਹੀਂ ਹੋਵੇਗਾ। ਉਸ ਤੋਂ ਬਾਅਦ ਤਾਪਮਾਨ 2 ਤੋਂ 4 ਡਿਗਰੀ ਤੱਕ ਘੱਟ ਸਕਦਾ ਹੈ। 14, 15 ਅਤੇ 16 ਮਾਰਚ ਨੂੰ ਸੂਬੇ ਵਿੱਚ ਕੁਝ ਥਾਵਾਂ 'ਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੇ ਨਾਲ-ਨਾਲ ਗਰਜ-ਤੂਫ਼ਾਨ ਆਉਣ ਦੀ ਸੰਭਾਵਨਾ ਹੈ।

## ਪਹਾੜਾਂ ਵਿੱਚ ਮੁੜ ਬਦਲਿਆ

ਤਾਪਮਾਨ ਵਿਚ ਗਿਰਾਵਟ ਦਰਜ ਕੀਤੀ ਗਈ। ਮਨਾਲੀ ਸਣੇ ਕੁਲੂ ਦੀ ਸੈਂਜ ਵੈਲੀ ਵਿਚ ਵੀ ਅੱਜ ਦੁਪਹਿਰ ਹਲਕਾ ਮੀਂਹ ਪਿਆ। ਮੌਸਮ ਵਿਭਾਗ ਨੇ ਦੱਸਿਆ ਕਿ ਲਾਹੌਲ ਸਪੀਤੀ ਦੇ ਉੱਚੇ ਖੇਤਰਾਂ ਵਿਚ ਮੀਂਹ-ਬਰਫਬਾਰੀ ਦਾ ਯੈਲੋ ਅਲਰਟ ਜਾਰੀ ਕੀਤਾ ਹੈ। ਮੰਡੀ, ਕਾਂਗੜਾ, ਚੰਬਾ ਤੇ ਕਿੰਨੌਰ ਦੀਆਂ ਉੱਚੀਆਂ ਚੋਟੀਆਂ 'ਤੇ ਵੀ ਹਲਕੀ ਬਰਫਬਾਰੀ ਤੇ ਹਮੀਰਪੁਰ ਤੇ ਊਨਾ ਵਿਚ ਹਲਕਾ ਮੀਂਹ ਦਾ ਅਨੁਮਾਨ ਹੈ। ਮੌਸਮ ਵਿਭਾਗ ਮੁਤਾਬਕ ਅਗੇਲ 6 ਦਿਨਾਂ ਤੱਕ ਮਨਾਲੀ ਵਿਚ ਮੀਂਹ ਤੇ ਬਰਫਬਾਰੀ ਦੇ ਆਸਾਰ ਹਨ। ਪਹਾੜੀਆਂ ਇਲਾਕਿਆਂ ਵਿਚ ਹੋ ਰਹੀ ਬਰਫਬਾਰੀ ਦਾ ਅਸਰ ਮੈਦਾਨੀ ਇਲਾਕਿਆਂ ਵਿਚ ਦੇਖਣ ਨੂੰ ਮਿਲ ਸਕਦਾ ਹੈ। ਪੰਜਾਬ ਦੇ ਕਈ ਹਿੱਸਿਆਂ ਵਿਚ ਅੱਜ ਮੀਂਹ ਪਿਆ ਤੇ ਕਈ ਥਾਵਾਂ 'ਤੇ ਗੜ੍ਹੇਮਾਰੀ ਵੀ ਹੋਈ। 14 ਮਾਰਚ ਨੂੰ ਵੈਸਟਰਨ ਡਿਸਟਰਬੈਂਸ ਕਰਕੇ ਮੌਸਮ ਵਿਚ ਫਿਰ ਤੋਂ ਬਦਲਾਅ ਆਏਗਾ ਤੇ 15 ਮਾਰਚ ਨੂੰ ਫਿਰ ਤੋਂ ਮੀਂਹ ਤੇ ਬਰਫਬਾਰੀ ਦਾ ਅਨੁਮਾਨ ਹੈ।

## ਈਰਾਨ ਨੇ ਭਾਰਤੀ ਜਹਾਜ਼ਾਂ ਨੂੰ ਹੋਰਮੁਜ਼

ਉਹ ਹੀ ਸਮੁੰਦਰੀ ਰਸਤਾ ਹੈ, ਜਿਥੇ ਵਧਦੇ ਤਣਾਅ ਕਾਰਨ ਬਹੁਤ ਸਾਰੇ ਅੰਤਰਰਾਸ਼ਟਰੀ ਜਹਾਜ਼ਾਂ ਦੀ ਆਵਾਜਾਈ ਪ੍ਰਭਾਵਿਤ ਹੋਈ ਹੈ। ਸੂਤਰਾਂ ਦਾ ਕਹਿਣਾ ਹੈ ਕਿ ਜਦੋਂ ਕਿ ਅਮਰੀਕਾ, ਯੂਰਪ ਅਤੇ ਇਜ਼ਰਾਈਲ ਨਾਲ ਸੰਬੰਧਿਤ ਬਹੁਤ ਸਾਰੇ ਜਹਾਜ਼ਾਂ 'ਤੇ ਪਾਬੰਦੀਆਂ ਲਾਗੂ ਹਨ, ਭਾਰਤੀ ਟੈਂਕਰਾਂ ਨੂੰ ਦਿੱਤੀ ਗਈ ਰਾਹਤ ਨੇ ਭਾਰਤ ਦੀ ਊਰਜਾ ਸਪਲਾਈ ਬਾਰੇ ਚਿੰਤਾਵਾਂ ਨੂੰ ਕੁਝ ਹੱਦ ਤੱਕ ਦੂਰ ਕੀਤਾ ਹੈ।
ਇਸ ਤੋਂ ਪਹਿਲਾਂ ਸਾਊਦੀ ਅਰਬ ਤੋਂ ਕੱਚਾ ਤੇਲ ਲੈ ਕੇ ਜਾਣ ਵਾਲਾ ਇਕ ਲਾਇਬੇਰੀਅਨ ਝੰਡੇ ਵਾਲਾ ਤੇਲ ਟੈਂਕਰ ਅਤੇ ਇਕ ਭਾਰਤੀ ਕੈਪਟਨ ਦੀ ਅਗਵਾਈ ਹੇਠ ਦੋ ਦਿਨ ਪਹਿਲਾਂ ਹੋਰਮੁਜ਼ ਜਲਡਮਰੂ ਤੋਂ ਸੁਰੱਖਿਅਤ ਢੰਗ ਨਾਲ ਲੰਘਿਆ ਸੀ ਅਤੇ ਮੁੰਬਈ ਬੰਦਰਗਾਹ 'ਤੇ ਪਹੁੰਚਿਆ ਸੀ। ਮੰਨਿਆ ਜਾ ਰਿਹਾ ਹੈ ਕਿ ਇਹ ਮੌਜੂਦਾ ਸੰਕਟ ਦੇ ਵਿਚਕਾਰ ਭਾਰਤ ਪਹੁੰਚਣ ਵਾਲਾ ਪਹਿਲਾ ਜਹਾਜ਼ ਹੈ।

## ਸ਼ੁਭਮਨ ਗਿੱਲ ਬਣੇ 'ਕ੍ਰਿਕਟਰ ਆਫ਼ ਦ ਈਅਰ'

ਵਨਡੇ ਵਿੱਚ ਟੀਮ ਇੰਡੀਆ ਦਾ ਕਪਤਾਨ ਨਿਯੁਕਤ ਕੀਤਾ ਗਿਆ ਸੀ, ਨੂੰ ਸਾਲ ਦਾ ਸਰਵੋਤਮ ਕ੍ਰਿਕਟਰ ਪੁਰਸਕਾਰ ਦਿੱਤਾ ਜਾਵੇਗਾ। ਗਿੱਲ ਨੂੰ ਇਹ ਪੁਰਸਕਾਰ ਮੁੱਖ ਤੌਰ 'ਤੇ ਟੈਸਟ ਕ੍ਰਿਕਟ ਵਿੱਚ ਉਸ ਦੇ ਯਾਦਗਾਰੀ ਪ੍ਰਦਰਸ਼ਨ ਲਈ ਦਿੱਤਾ ਜਾਵੇਗਾ। ਕਪਤਾਨ ਬਣਨ 'ਤੇ ਗਿੱਲ ਨੇ ਇੰਗਲੈਂਡ ਦੌਰੇ 'ਤੇ ਆਪਣੀ ਪਹਿਲੀ ਲੜੀ ਵਿੱਚ ਰਿਕਾਰਡ 754 ਦੌੜਾਂ ਬਣਾਈਆਂ, ਜਿਸ ਵਿੱਚ ਚਾਰ ਸੈਂਕੜੇ ਸ਼ਾਮਲ ਸਨ। ਉਸ ਨੇ ਪਿਛਲੇ ਸਾਲ ਭਾਰਤ ਦੀ ਚੈਂਪੀਅਨਜ਼ ਟਰਾਫੀ ਖਿਤਾਬ ਜਿੱਤ ਵਿੱਚ ਵੀ ਯੋਗਦਾਨ ਪਾਇਆ, ਜਿਥੇ ਉਸ ਦੇ ਬੱਲੇ ਨੇ ਇੱਕ ਸੈਂਕੜਾ ਵੀ ਲਾਇਆ ਸੀ। ਹਾਲਾਂਕਿ ਪਿਛਲਾ ਸਾਲ ਟੀ-20 ਫਾਰਮੈਟ ਵਿੱਚ ਉਸ ਦੇ ਲਈ ਚੰਗਾ ਸਾਲ ਨਹੀਂ ਸੀ, ਪਰ ਉਹ 42 ਪਾਰੀਆਂ ਵਿੱਚ 49 ਦੀ ਔਸਤ ਨਾਲ ਕੁੱਲ 1764 ਦੌੜਾਂ ਬਣਾਉਣ ਵਿੱਚ ਕਾਮਯਾਬ ਰਿਹਾ, ਜਿਸ ਵਿੱਚ ਸੱਤ ਸੈਂਕੜੇ ਅਤੇ ਤਿੰਨ ਅਰਧ ਸੈਂਕੜੇ ਸ਼ਾਮਲ ਹਨ। ਦ੍ਰਾਵਿੜ ਨੂੰ ਵੀ ਇੱਕ ਮਹੱਤਵਪੂਰਨ ਸਨਮਾਨ ਮਿਲੇਗਾ। ਸਾਬਕਾ ਭਾਰਤੀ ਕਪਤਾਨ ਅਤੇ ਕੋਚ, ਮਹਾਨ ਬੱਲੇਬਾਜ਼ ਰਾਹੁਲ ਦ੍ਰਾਵਿੜ ਨੂੰ ਸੀਕੇ ਨਾਇਡੂ ਲਾਈਫਟਾਈਮ ਅਚੀਵਮੈਂਟ ਪੁਰਸਕਾਰ ਮਿਲੇਗਾ। ਟੈਸਟ ਕ੍ਰਿਕਟ ਵਿੱਚ ਭਾਰਤ ਦੇ ਦੂਜੇ ਸਭ ਤੋਂ ਵੱਧ ਦੌੜਾਂ ਬਣਾਉਣ ਵਾਲੇ ਦ੍ਰਾਵਿੜ ਨੂੰ ਇੱਕ ਖਿਡਾਰੀ ਅਤੇ ਕੋਚ ਵਜੋਂ ਉਸ ਦੀਆਂ ਪ੍ਰਾਪਤੀਆਂ ਅਤੇ ਯੋਗਦਾਨ ਲਈ ਸਨਮਾਨਿਤ ਕੀਤਾ ਜਾਵੇਗਾ। ਦ੍ਰਾਵਿੜ ਦੀ ਕੋਚਿੰਗ ਹੇਠ ਹੀ ਭਾਰਤ ਨੇ 2024 ਵਿੱਚ ਟੀ-20 ਵਿਸ਼ਵ ਕੱਪ ਲਈ 11 ਸਾਲਾਂ ਦੀ ਉਡੀਕ ਖਤਮ ਕੀਤੀ। ਉਸ ਨੇ ਭਾਰਤ ਨੂੰ 2018 ਅੰਡਰ-19 ਵਿਸ਼ਵ ਕੱਪ ਵਿੱਚ ਵੀ ਅਗਵਾਈ ਕੀਤੀ। ਅੰਡਰ-19 ਵਿਸ਼ਵ ਕੱਪ ਜੇਤੂ ਭਾਰਤੀ ਟੀਮ ਦੇ ਕਪਤਾਨ ਆਯੁਸ਼ ਮਹਾਤਰੇ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਹਾਲਾਂਕਿ, ਇਹ ਪੁਰਸਕਾਰ ਉਸਨੂੰ ਪਿਛਲੇ ਸੀਜ਼ਨ ਵਿੱਚ ਸਰਵੋਤਮ ਘਰੇਲੂ ਆਲਰਾਊਂਡਰ ਚੁਣੇ ਜਾਣ ਲਈ ਦਿੱਤਾ ਜਾਵੇਗਾ।

## ਭਾਰਤ ਸਮੇਤ 16 ਦੇਸ਼ਾਂ ਦੇ ਉਦਯੋਗਿਕ

ਵਿਦੇਸ਼ੀ ਕਾਰਵਾਈਆਂ ਦੀ ਪਛਾਣ ਕੀਤੀ ਜਾ ਸਕੇ ਅਤੇ ਉਨ੍ਹਾਂ ਨੂੰ ਹੱਲ ਕੀਤਾ ਜਾ ਸਕੇ। ਇਹ ਜਾਂਚ 16 ਅਰਥਚਾਰਿਆਂ ਦੀਆਂ ਨੀਤੀਆਂ ਅਤੇ ਉਦਯੋਗਿਕ ਗਤੀਵਿਧੀਆਂ ਨੂੰ ਨਿਸ਼ਾਨਾ ਬਣਾਉਂਦੀ ਹੈ। ਇਸ ਜਾਂਚ ਵਿੱਚ ਸਟੀਲ, ਐਲੂਮੀਨੀਅਮ, ਆਟੋਮੋਬਾਈਲ, ਬੈਟਰੀਆਂ, ਇਲੈਕਟ੍ਰੋਨਿਕਸ, ਕੈਮੀਕਲ, ਮਸ਼ੀਨਰੀ, ਸੈਮੀਕੰਡਕਟਰ ਅਤੇ ਸੋਲਰ ਮੋਡੀਊਲ ਵਰਗੇ ਖੇਤਰ ਸ਼ਾਮਲ ਹਨ।
ਜਾਂਚ ਦੇ ਘੇਰੇ ਵਿੱਚ ਕਿਹੜੇ 16 ਅਰਥਚਾਰੇ ਹਨ?
ਇਸ ਵਿੱਚ 15 ਦੇਸ਼ ਅਤੇ 27 ਦੇਸ਼ਾਂ ਦਾ ਯੂਰਪੀ ਸੰਘ (ਈ ਯੂ) ਬਲਾਕ ਸ਼ਾਮਲ ਹੈ। ਦੇਸ਼ਾਂ ਵਿੱਚ ਚੀਨ, ਸਿੰਗਾਪੁਰ, ਸਵਿਟਜ਼ਰਲੈਂਡ, ਨਾਰਵੇ, ਇੰਡੋਨੇਸ਼ੀਆ, ਮਲੇਸ਼ੀਆ, ਕੰਬੋਡੀਆ, ਥਾਈਲੈਂਡ, ਦੱਖਣੀ ਕੋਰੀਆ, ਵੀਅਤਨਾਮ, ਤਾਈਵਾਨ, ਬੰਗਲਾਦੇਸ਼, ਮੈਕਸੀਕੋ, ਜਾਪਾਨ ਅਤੇ ਭਾਰਤ ਸ਼ਾਮਲ ਹਨ।
ਇਹ ਜਾਂਚ ਕਿਉਂ ਕੀਤੀ ਜਾ ਰਹੀ ਹੈ?
ਅਮਰੀਕੀ ਸੁਪਰੀਮ ਕੋਰਟ ਵੱਲੋਂ ਟਰੰਪ ਪ੍ਰਸ਼ਾਸਨ ਵੱਲੋਂ ਲਗਾਏ ਗਏ ਟੈਰਿਫਾਂ ਨੂੰ ਰੱਦ ਕਰਨ ਤੋਂ ਬਾਅਦ, 20 ਫਰਵਰੀ ਨੂੰ ਟਰੰਪ ਨੇ ਅਦਾਲਤ ਵੱਲੋਂ ਅਪ੍ਰਮਾਣਿਤ ਕੀਤੇ ਗਏ ਟੈਰਿਫਾਂ ਦੀ ਥਾਂ 'ਤੇ ਸਾਰੇ ਦੇਸ਼ਾਂ 'ਤੇ 10 ਫੀਸਦੀ ਦਾ ਅਸਥਾਈ ਆਯਾਤ ਡਿਊਟੀ ਲਗਾਉਣ ਦੇ ਐਲਾਨਨਾਮੇ 'ਤੇ ਦਸਤਖਤ ਕੀਤੇ ਸਨ। ਰਾਸ਼ਟਰਪਤੀ ਨੇ ਕਿਹਾ ਸੀ ਕਿ ਅਮਰੀਕਾ ਕੋਲ ਅਜਿਹੇ ਟੈਕਸ ਲਗਾਉਣ ਦੇ ਹੋਰ ਵਿਕਲਪ ਮੌਜੂਦ ਹਨ। ਵ੍ਹਾਈਟ ਹਾਊਸ ਦੀ ਤਰਫ਼ੋਂ ਦੱਸਿਆ ਗਿਆ ਕਿ ਰਾਸ਼ਟਰਪਤੀ ਨੇ ਯੂ.ਐਸ.ਟੀ.ਆਰ. ਨੂੰ ਸੈਕਸ਼ਨ 301 ਦੀ ਵਰਤੋਂ ਕਰਕੇ ਅਜਿਹੀਆਂ ਨੀਤੀਆਂ ਦੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਹਨ ਜੋ ਅਮਰੀਕੀ ਵਪਾਰ 'ਤੇ ਬੋਝ ਪਾਉਂਦੀਆਂ ਹਨ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਇਨਫ਼ੋਸਿਸ 2700 ਨੌਜਵਾਨਾਂ ਨੂੰ ਸਿੱਧਾ ਤੇ ਹਜ਼ਾਰਾਂ ਨੂੰ ਅਸਿੱਧੇ ਤਰੀਕੇ ਨਾਲ ਰੋਜ਼ਗਾਰ ਦੇਵੇਗੀ : ਭਗਵੰਤ ਸਿੰਘ ਮਾਨ

ਮੁਹਾਲੀ, 12 ਮਾਰਚ (ਚ.ਨ.ਸ.): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਖਿਆ ਕਿ ਪੰਜਾਬ ਆਪਣੀ ਉਦਯੋਗਿਕ ਤਰੱਕੀ ਵਿੱਚ ਫੈਸਲਾਕੁਨ ਬਦਲਾਅ ਦੇਖ ਰਿਹਾ ਹੈ, 2022 ਤੋਂ ਪਹਿਲਾਂ ਵਾਲੀ ਲੁੱਟ-ਖਸੁੱਟ ਤੋਂ ਬਾਅਦ ਹੁਣ ਵਿਸ਼ਵ-ਵਿਆਪੀ ਨਿਵੇਸ਼ਕ ਸੂਬੇ ਵਿੱਚ ਵਾਪਸ ਆ ਰਹੇ ਹਨ। ਮੁਹਾਲੀ ਵਿੱਚ ਇਨਫੋਸਿਸ ਦੇ 286 ਕਰੋੜ ਰੁਪਏ ਦੇ ਲਾਗਤ ਵਾਲੇ ਕੈਂਪਸ ਦੇ ਨੀਂਹ ਪੱਥਰ ਸਮਾਗਮ ਤੋਂ ਬਾਅਦ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰਾਜੈਕਟ 2,700 ਨੌਜਵਾਨਾਂ ਲਈ ਰੋਜ਼ਗਾਰ ਦੇ ਸਿੱਧੇ ਮੌਕੇ ਅਤੇ ਹਜ਼ਾਰਾਂ ਹੋਰਾਂ ਲਈ ਰੋਜ਼ਗਾਰ ਦੇ ਅਸਿੱਧੇ ਮੌਕੇ ਮੁਹੱਈਆ ਕਰੇਗਾ। ਮੁੱਖ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਸਰਕਾਰ ਮਾਰਚ 2022 ਤੋਂ ਲੈ ਕੇ ਹੁਣ ਤੱਕ 1.55 ਲੱਖ ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਪ੍ਰਸਤਾਵ ਪਹਿਲਾਂ ਹੀ ਪ੍ਰਾਪਤ ਕਰ ਚੁੱਕੀ ਹੈ, ਜਿਸ ਨਾਲ 5.44 ਲੱਖ ਤੋਂ ਵੱਧ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਏ ਹਨ। ਉਨ੍ਹਾਂ ਅੱਗੇ ਕਿਹਾ ਕਿ ਮੁਹਾਲੀ ਵਿੱਚ 13 ਤੋਂ 15 ਮਾਰਚ ਤੱਕ ਹੋਣ ਵਾਲਾ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਸੂਬੇ ਦੀ ਉਦਯੋਗਿਕ ਤਰੱਕੀ ਲਈ ਯਾਦਗਾਰੀ ਪਲ ਹੋਵੇਗਾ, ਜਿਸ ਵਿੱਚ ਅਗਲੇ ਤਿੰਨ ਦਿਨ ਪੰਜਾਬ ਦੇ ਆਰਥਿਕ ਵਿਕਾਸ ਲਈ ਸਫ਼ਲਤਾ ਦੀ ਨਵੀਂ ਕਹਾਣੀ ਲਿਖਣਗੇ। ਸੂਚਨਾ ਤਕਨਾਲੋਜੀ ਵਿੱਚ ਵਿਸ਼ਵ ਪ੍ਰਸਿੱਧ ਕੰਪਨੀ ਇਨਫੋਸਿਸ ਦੇ ਨੁਮਾਇੰਦਿਆਂ ਦਾ ਸਵਾਗਤ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਦੇਸ਼ ਦੀ ਆਰਥਿਕ ਤਰੱਕੀ ਵਿੱਚ ਇਨਫੋਸਿਸ ਦੇ ਬਾਨੀ ਐਨ.ਆਰ. ਨਾਰਾਇਣ ਮੂਰਤੀ ਦੇ ਅਥਾਹ ਯੋਗਦਾਨ ਨੂੰ ਵੀ ਯਾਦ ਕੀਤਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ "ਅੱਜ ਪੰਜਾਬ ਲਈ ਖ਼ਾਸ ਕਰ ਕੇ ਉਦਯੋਗਿਕ ਖੇਤਰ ਲਈ ਇਤਿਹਾਸਕ ਦਿਨ ਹੈ। ਮੈਂ ਦੇਸ਼ ਦੀ ਆਰਥਿਕ ਤਰੱਕੀ ਵਿੱਚ ਇਨਫੋਸਿਸ ਦੇ ਬਾਨੀ ਐਨ.ਆਰ. ਨਾਰਾਇਣ ਮੂਰਤੀ ਦੇ ਅਥਾਹ ਯੋਗਦਾਨ ਨੂੰ



ਵੀ ਯਾਦ ਕਰਦਾ ਹਾਂ।"

ਭਾਰਤੀ ਆਈ.ਟੀ. ਖ਼ੇਤਰ ਦੇ ਪਿਤਾਮਾ ਨਾਰਾਇਣ ਮੂਰਤੀ ਨੂੰ ਮਹਾਨ ਹਸਤੀ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬਹੁਤ ਮਾਣ ਤੇ ਸੰਤੁਸਟੀ ਦੀ ਗੱਲ ਹੈ ਕਿ ਇਸ ਮਹਾਨ ਹਸਤੀ ਨੂੰ ਭਾਰਤੀ ਆਈ.ਟੀ. ਖ਼ੇਤਰ ਦੇ ਪਿਤਾਮਾ ਵਜੋਂ ਜਾਣਿਆ ਜਾਂਦਾ ਹੈ। ਅੱਜ ਇਕ ਮਹੱਤਵਪੂਰਨ ਦਿਨ ਹੈ ਕਿਉਂਕਿ ਇਨਫੋਸਿਸ ਦੇ 286 ਕਰੋੜ ਰੁਪਏ ਦੇ ਨਵੇਂ ਪ੍ਰਾਜੈਕਟ ਦਾ ਨੀਂਹ ਪੱਥਰ ਸਮਾਗਮ ਮੁਹਾਲੀ ਵਿੱਚ ਕਰਵਾਇਆ ਜਾ ਰਿਹਾ ਹੈ। ਇਹ ਪ੍ਰਾਜੈਕਟ 2,700 ਨੌਜਵਾਨਾਂ ਨੂੰ ਸਿੱਧੇ ਤੌਰ 'ਤੇ ਰੋਜ਼ਗਾਰ ਪ੍ਰਦਾਨ ਕਰੇਗਾ, ਜਦੋਂ ਕਿ ਹਜ਼ਾਰਾਂ ਨੌਜਵਾਨਾਂ ਲਈ ਅਸਿੱਧੇ ਤੌਰ ਉੱਤੇ ਰੋਜ਼ਗਾਰ ਦੇ ਮੌਕੇ ਖੋਲ੍ਹੇਗਾ।"

ਮੁੱਖ ਮੰਤਰੀ ਨੇ ਕਿਹਾ, "ਇਸ ਪ੍ਰਾਜੈਕਟ ਤਹਿਤ ਪਹਿਲੇ ਪੜਾਅ ਵਿੱਚ ਇਕ ਏਕੀਕ੍ਰਿਤ ਕੈਂਪਸ ਸਥਾਪਤ ਕੀਤਾ ਜਾਵੇਗਾ, ਜਿਸ ਵਿੱਚ ਇਕ ਸਾਫਟਵੇਅਰ ਡਿਵੈਲਪਮੈਂਟ ਬਲਾਕ, ਫੂਡ ਕੋਰਟ ਅਤੇ ਹੋਰ ਸਹੂਲਤਾਂ ਸ਼ਾਮਲ ਹੋਣਗੀਆਂ। ਕੈਂਪਸ ਵਿੱਚ 3.50 ਲੱਖ ਵਰਗ ਫੁੱਟ ਦਾ ਰਕਬਾ ਨਿਰਮਾਣ ਅਧੀਨ ਹੋਵੇਗਾ, ਜਿਸ ਵਿੱਚ ਤਿੰਨ ਹਜ਼ਾਰ ਲੋਕਾਂ ਦੇ ਬੈਠਣ ਦੀ ਸਮਰੱਥਾ ਹੋਵੇਗੀ। ਪੰਜਾਬ ਸਰਕਾਰ ਇਸ ਪ੍ਰਾਜੈਕਟ ਲਈ ਇਨਫੋਸਿਸ ਨੂੰ ਪੂਰਾ ਸਹਿਯੋਗ ਦੇਵੇਗੀ, ਜਿਸ ਨਾਲ ਹੋਰ ਕੰਪਨੀਆਂ ਪੰਜਾਬ ਵਿੱਚ ਨਿਵੇਸ਼ ਕਰਨ ਲਈ ਉਤਸ਼ਾਹਿਤ ਹੋਣਗੀਆਂ ਅਤੇ ਸਾਡੇ ਨੌਜਵਾਨਾਂ ਲਈ ਰੋਜ਼ਗਾਰ ਦੇ ਵਧੇਰੇ ਮੌਕੇ ਪੈਦਾ ਹੋਣਗੇ।" ਇਨਫੋਸਿਸ ਦੇ ਆਲਮੀ ਕੱਦ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਨਫੋਸਿਸ ਤਕਨਾਲੋਜੀ ਅਤੇ ਡਿਜੀਟਲ ਸੇਵਾਵਾਂ ਵਿੱਚ ਵਿਸਵ ਪੱਧਰ 'ਤੇ ਮਸਹੂਰ ਕੰਪਨੀ ਹੈ ਅਤੇ ਇਸ ਵੇਲੇ ਦੁਨੀਆ ਭਰ ਵਿੱਚ ਇਸ ਦੇ 3,37,034 ਕਰਮਚਾਰੀ ਹਨ। ਵਿੱਤੀ ਸਾਲ 2025-26 ਵਿੱਚ ਕੰਪਨੀ ਨੇ ਪਹਿਲੇ ਨੌਂ ਮਹੀਨਿਆਂ ਵਿੱਚ 15.12 ਅਰਬ ਡਾਲਰ ਦੀ ਆਮਦਨ ਰਿਕਾਰਡ ਕੀਤੀ ਹੈ। ਇਸ ਨਾਲ ਪੰਜਾਬ ਹੁਣ ਵਿਸ਼ਵ ਉਦਯੋਗਿਕ ਨਕਸ਼ੇ 'ਤੇ ਉਭਰਿਆ ਹੈ।"

ਮੁੱਖ ਮੰਤਰੀ ਨੇ ਇਹ ਵੀ ਸਾਂਝਾ ਕੀਤਾ, 20 ਮਾਰਚ ਨੂੰ 3,200 ਕਰੋੜ ਦੇ ਨਿਵੇਸ਼ ਨਾਲ ਦੇਸ਼ ਦੇ ਦੂਜੇ ਸਭ ਤੋਂ ਵੱਡੇ ਟਾਟਾ ਸਟੀਲ ਪ੍ਰਾਜੈਕਟ ਦਾ ਉਦਘਾਟਨ ਲੁਧਿਆਣਾ ਵਿੱਚ ਕੀਤਾ ਜਾਵੇਗਾ। ਇਹ ਪ੍ਰਾਜੈਕਟ 2,500 ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰੇਗਾ ਅਤੇ ਪੰਜਾਬ ਦੇ ਆਰਥਿਕ ਵਿਕਾਸ ਨੂੰ ਤੇਜ ਕਰੇਗਾ। ਉਨ੍ਹਾਂ ਖੁਲਾਸਾ ਕੀਤਾ ਕਿ ਮਾਰਚ 2022 ਤੋਂ ਪੰਜਾਬ ਨੂੰ 1.55 ਕਰੋੜ ਤੋਂ ਵੱਧ ਦੇ ਨਿਵੇਸ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਸ ਨਾਲ 5.44 ਲੱਖ ਨੌਜਵਾਨਾਂ ਲਈ ਰੋਜਗਾਰ ਪੈਦਾ ਹੋਵੇਗਾ।

ਉਨ੍ਹਾਂ ਅੱਗੇ ਕਿਹਾ ਕਿ ਨੈਸਲੇ, ਕਲਾਸ, ਫਰੈਡਨਬਰਗ ਗਰੁੱਪ, ਕਾਰਗਿਲ, ਵਰਬੀਓ ਅਤੇ ਡੈਨੋਨ ਵਰਗੀਆਂ ਗਲੋਬਲ ਕੰਪਨੀਆਂ ਪਹਿਲਾਂ ਹੀ ਪੰਜਾਬ ਵਿੱਚ ਆਪਣੀਆਂ ਇਕਾਈਆਂ ਸਥਾਪਤ ਕਰ ਚੁੱਕੀਆਂ ਹਨ, ਜਦੋਂ ਕਿ ਜਾਪਾਨ, ਅਮਰੀਕਾ, ਜਰਮਨੀ, ਯੂਕੇ, ਯੂਏਈ, ਸਵਿਟਜਰਲੈਂਡ, ਫਰਾਂਸ ਅਤੇ ਸਪੇਨ ਸਮੇਤ ਵਿਕਸਤ ਦੇਸਾਂ ਤੋਂ ਵੀ ਨਿਵੇਸ ਆ ਰਿਹਾ ਹੈ। ਮੁੱਖ ਮੰਤਰੀ ਨੇ ਜੋਰ ਦੇ ਕੇ ਕਿਹਾ ਕਿ ਉਦਯੋਗਿਕ ਖੇਤਰ ਤਾਂ ਹੀ ਤਰੱਕੀ ਕਰ ਸਕਦਾ ਹੈ, ਜਦੋਂ ਸਰਕਾਰ ਅਤੇ ਉਦਯੋਗ ਇਕੱਠੇ ਕੰਮ ਕਰਨ। ਮੁੱਖ ਮੰਤਰੀ ਨੇ ਕਿਹਾ, "ਮੇਰਾ ਦ੍ਰਿੜ੍ਹ ਵਿਸਵਾਸ ਹੈ ਕਿ ਉਦਯੋਗਿਕ ਖੇਤਰ ਤਾਂ ਹੀ ਤਰੱਕੀ ਕਰ ਸਕਦਾ ਹੈ, ਜਦੋਂ ਸਰਕਾਰ ਅਤੇ ਉਦਯੋਗ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨ। ਨਿਵੇਸਕ ਅਤੇ ਉੱਦਮੀ ਪੰਜਾਬ ਦੇ ਉਦਯੋਗਿਕ ਭਵਿੱਖ ਦੇ ਮੁੱਖ ਨਿਰਮਾਤਾਵਾਂ ਵਿੱਚੋਂ ਇੱਕ ਹਨ।" ਨਿਵੇਸਕਾਂ ਨੂੰ ਪ੍ਰਗਤੀਸੀਲ ਪੰਜਾਬ ਨਿਵੇਸ ਸੰਮੇਲਨ ਵਿੱਚ ਹਿੱਸਾ ਲੈਣ ਦਾ ਸੱਦਾ ਦਿੰਦਿਆਂ ਉਨ੍ਹਾਂ ਆਉਣ ਵਾਲੇ ਤਿੰਨ ਦਿਨਾਂ ਨੂੰ ਪੰਜਾਬ ਦੇ ਭਵਿੱਖ ਲਈ ਬੇਹੱਦ ਅਹਿਮ ਦੱਸਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪ੍ਰਗਤੀਸੀਲ ਪੰਜਾਬ ਨਿਵੇਸਕ ਸੰਮੇਲਨ 13 ਮਾਰਚ ਤੋਂ 15 ਮਾਰਚ ਤੱਕ ਮੁਹਾਲੀ ਵਿੱਚ ਕਰਵਾਇਆ ਜਾ ਰਿਹਾ ਹੈ। ਆਉਣ ਵਾਲੇ ਤਿੰਨ ਦਿਨ ਸੂਬੇ ਲਈ ਬਹੁਤ ਮਹੱਤਵਪੂਰਨ ਹਨ।"

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਵਾਜਬ ਬਿਜਲੀ ਦਰਾਂ, ਜਮੀਨ ਦੀ ਉਪਲਬਧਤਾ ਅਤੇ ਨਿਵੇਸਕਾਂ ਲਈ ਕਾਰੋਬਾਰ ਪੱਖੀ ਮਾਹੌਲ ਸਿਰਜ ਕੇ ਇੱਕ ਮਜਬੂਤ ਨਿਵੇਸ ਈਕੋਸਿਸਟਮ ਦੀ ਪੇਸਕਸ ਕਰਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਕਾਰੋਬਾਰ ਕਰਨ ਵਿੱਚ ਆਸਾਨੀ ਵਿੱਚ ਪਹਿਲੇ ਸਥਾਨ 'ਤੇ ਹੈ ਅਤੇ ਪੰਜਾਬ ਵੱਲੋਂ ਪਾਰਦਰਸੀ ਸਿੰਗਲ ਵਿੰਡੋ ਸਿਸਟਮ ਸਥਾਪਤ ਕੀਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਸਰਕਾਰ ਦੇ ਸਖਤ ਯਤਨਾਂ ਸਦਕਾ, ਪੰਜਾਬ ਰਾਈਟ ਟੂ ਬਿਜਨੈਸ ਐਕਟ ਪਾਸ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ।" ਪੰਜਾਬ ਨੂੰ 'ਮੌਕਿਆਂ ਦੀ ਧਰਤੀ' ਦੱਸਦਿਆਂ ਉਨ੍ਹਾਂ ਕਿਹਾ ਕਿ ਵਿਸਵ ਪ੍ਰਸਿੱਧ ਕੰਪਨੀਆਂ ਸੂਬੇ ਦੀ ਸਥਿਰ ਕਾਨੂੰਨ-ਵਿਵਸਥਾ ਕਾਰਨ ਇੱਥੇ ਆਪਣੇ ਕਾਰੋਬਾਰ ਸਥਾਪਤ ਕਰਨ ਲਈ ਉਤਸੁਕ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੁਹਾਲੀ ਦੁਨੀਆ ਦਾ ਅਗਲਾ ਉਦਯੋਗਿਕ ਕੇਂਦਰ ਹੋਵੇਗਾ ਕਿਉਂਕਿ ਇੱਥੇ ਅਥਾਹ ਸੰਭਾਵਨਾਵਾਂ ਮੌਜੂਦ ਹਨ। ਮੁਹਾਲੀ ਵਿੱਚ ਇੱਕ ਅੰਤਰਰਾਸਟਰੀ ਹਵਾਈ ਅੱਡਾ ਮੌਜੂਦ ਹੈ ਅਤੇ ਇਸ ਦੇ 80 ਕਿਲੋਮੀਟਰ ਦੇ ਘੇਰੇ ਵਿੱਚ ਵੱਡੇ ਪੱਧਰ 'ਤੇ ਹੁਨਰਮੰਦ ਨੌਜਵਾਨ ਰਹਿੰਦੇ ਜੋ ਇਸਨੂੰ ਨਿਵੇਸ ਪੱਖੋਂ ਸਭ ਤੋਂ ਢੁਕਵਾਂ ਸਥਾਨ ਬਣਾਉਂਦੇ ਹਨ।"

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੋਜਗਾਰ ਪ੍ਰਦਾਨ ਕਰਨ ਲਈ ਵਚਨਬੱਧ ਹੈ ਤਾਂ ਜੋ ਉਹ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਦੀ ਬਜਾਏ ਬਿਹਤਰ ਕਰੀਅਰ ਚੁਣ ਸਕਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਪੰਜਾਬ ਸਰਕਾਰ ਨੇ ਕਈ ਕ੍ਰਾਂਤੀਕਾਰੀ ਪਹਿਲਕਦਮੀਆਂ ਕੀਤੀਆਂ ਜਿਸ ਕਾਰਨ ਪੰਜਾਬ ਹੁਣ ਹਰ ਖੇਤਰ ਵਿੱਚ ਮੋਹਰੀ ਬਣ ਕੇ ਉਭਰਿਆ ਹੈ।" ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਵੀ ਮੌਜੂਦ ਸਨ।

# ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026 ਅੱਜ ਤੋਂ 15 ਤੱਕ ਮੋਹਾਲੀ ਵਿਖੇ ਕਰਵਾਇਆ ਜਾਵੇਗਾ : ਸੰਜੀਵ ਅਰੋੜਾ

ਚੰਡੀਗੜ੍ਹ, 12 ਮਾਰਚ (ਚ.ਨ.ਸ.): ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਐਲਾਨ ਕੀਤਾ ਕਿ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਪਲਾਕਸ਼ਾ ਯੂਨੀਵਰਸਿਟੀ, ਐਸਏਐਸ ਨਗਰ (ਮੋਹਾਲੀ) ਵਿਖੇ 13 ਤੋਂ 15 ਮਾਰਚ ਤੱਕ ਕਰਵਾਇਆ ਜਾਵੇਗਾ, ਜੋ ਪੰਜਾਬ ਨੂੰ ਨਿਵੇਸ਼ ਅਤੇ ਨਵੀਨਤਾ ਲਈ ਇੱਕ ਪ੍ਰਮੁੱਖ ਸਥਾਨ ਵਜੋਂ ਸਥਾਪਿਤ ਕਰੇਗਾ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਸੰਮੇਲਨ ਭਾਰਤ ਅਤੇ ਵਿਸ਼ਵ ਭਰ ਦੇ ਨਿਵੇਸ਼ਕਾਂ, ਉਦਯੋਗਪਤੀਆਂ ਅਤੇ ਨੀਤੀ ਨਿਰਮਾਤਾਵਾਂ ਨੂੰ ਪੰਜਾਬ ਦੇ ਵਿਆਪਕ ਨਿਵੇਸ਼ ਮੌਕਿਆਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪ੍ਰਮੁੱਖ ਪਲੇਟਫਾਰਮ ਵਜੋਂ ਕੰਮ ਕਰੇਗਾ। ਇਸ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਇਸ ਸੰਮੇਲਨ ਵਿੱਚ 89 ਸੈਸ਼ਨ ਹੋਣਗੇ ਅਤੇ ਇਹ ਸੂਬੇ ਭਰ ਦੇ ਹੁਣ ਤੱਕ ਦੇ ਸਭ ਤੋਂ ਵਿਆਪਕ ਨਿਵੇਸ਼ ਸਮਾਗਮਾਂ ਵਿੱਚੋਂ ਇੱਕ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਸੰਮੇਲਨ ਵਿੱਚ ਯੂਨਾਈਟਿਡ ਕਿੰਗਡਮ, ਜਾਪਾਨ ਅਤੇ ਦੱਖਣੀ ਕੋਰੀਆ ਦੇਸ਼ਾਂ 'ਤੇ ਕੇਂਦ੍ਰਿਤ ਸੈਸ਼ਨ ਹੋਣਗੇ ਅਤੇ ਇਸ ਦੇ ਨਾਲ ਹੀ ਇੱਕ ਸਮਰਪਿਤ ਐਮਐਸਐਮਈ ਸੈਸ਼ਨ ਵੀ ਹੋਵੇਗਾ। ਸੈਕਟਰਲ ਇੰਡਸਟਰੀ ਕਮੇਟੀਆਂ ਦੀਆਂ ਮੀਟਿੰਗਾਂ ਤੋਂ ਇਲਾਵਾ ਆਈਟੀ ਹੱਬ ਵਜੋਂ ਉੱਭਰ ਰਹੇ ਮੋਹਾਲੀ ਦੀ ਭੂਮਿਕਾ, ਆਰਟੀਫੀਸ਼ੀਅਲ ਇੰਟੈਲੀਜੈਂਸ ਤੇ ਵੱਖ-ਵੱਖ ਉਦਯੋਗਿਕ ਖੇਤਰਾਂ 'ਤੇ ਵਿਸ਼ੇਸ਼ ਸੈਸ਼ਨ ਵੀ ਕਰਵਾਏ ਜਾਣਗੇ। ਸੰਮੇਲਨ ਦੌਰਾਨ ਇੱਕ ਉਦਯੋਗਿਕ ਪ੍ਰਦਰਸ਼ਨੀ ਵੀ ਕਰਵਾਈ ਜਾਵੇਗੀ ਜਿੱਥੇ ਪੰਜਾਬ ਦੇ ਉਦਯੋਗਾਂ ਦੇ ਉਤਪਾਦਾਂ ਅਤੇ ਨਵੀਨਤਾਵਾਂ ਨੂੰ ਪ੍ਰਦਰਸ਼ਿਤ ਕੀਤਾ ਜਾਵੇਗਾ ਅਤੇ ਇਸ ਜ਼ਰੀਏ ਸੂਬੇ ਦੀ ਨਿਰਮਾਣ ਸਮਰਥਾ ਅਤੇ ਉੱਦਮੀ ਭਾਵਨਾ ਉਜਾਗਰ ਕੀਤੀ



ਜਾਵੇਗੀ।

ਅਰੋੜਾ ਨੇ ਦੱਸਿਆ ਕਿ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਮੁੱਖ ਮਹਿਮਾਨ ਹੋਣਗੇ, ਜਦੋਂ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੱਲ੍ਹ ਸਵੇਰੇ 10:30 ਵਜੇ ਸੰਮੇਲਨ ਦਾ ਉਦਘਾਟਨ ਕਰਨਗੇ। ਉਦਘਾਟਨ ਸੈਸ਼ਨ ਸਵੇਰੇ 11:00 ਵਜੇ ਤੋਂ ਦੁਪਹਿਰ 1:30 ਵਜੇ ਤੱਕ ਜਾਰੀ ਰਹੇਗਾ। ਇਸ ਤੋਂ ਬਾਅਦ ਦੁਪਹਿਰ ਦਾ ਖਾਣਾ ਤੇ ਸੈਕਟਰ ਅਧਾਰਤ ਵਿਸ਼ੇਸ਼ ਸੈਸ਼ਨ ਹੋਣਗੇ। ਇਸ ਸਮਾਗਮ ਦਾ ਸਮਾਪਤੀ ਸਮਾਰੋਹ 15 ਮਾਰਚ ਨੂੰ ਹੋਵੇਗਾ। ਮੰਤਰੀ ਨੇ ਕਿਹਾ ਕਿ ਇਸ ਸੰਮੇਲਨ ਵਿੱਚ ਹਿੱਸਾ ਲੈਣ ਲਈ ਵਿਸ਼ਵ ਭਰ ਤੋਂ ਨੁਮਾਇੰਦੇ ਅਤੇ ਨਿਵੇਸ਼ਕ ਪਹੁੰਚ ਰਹੇ ਹਨ। ਜਦੋਂ ਕਿ ਮੱਧ ਪੂਰਬ ਦੇ ਕੁਝ ਭਾਗੀਦਾਰ ਉਡਾਣ ਵਿੱਚ ਰੁਕਾਵਟਾਂ ਕਾਰਨ ਯਾਤਰਾ ਨਹੀਂ ਕਰ ਸਕੇ, ਫਿਰ ਵੀ ਸੰਮੇਲਨ ਵਿੱਚ ਸੱਦਾ ਦਿੱਤੇ ਗਏ ਜ਼ਿਆਦਾਤਰ ਅੰਤਰਰਾਸ਼ਟਰੀ ਨਿਵੇਸ਼ਕਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਹ ਸਮਾਗਮ ਨਵੀਂ ਉਦਯੋਗਿਕ ਅਤੇ ਵਪਾਰਕ ਵਿਕਾਸ ਨੀਤੀ ਦੇ ਲਾਂਚ ਤੋਂ ਬਾਅਦ ਪੰਜਾਬ ਨੂੰ ਅਥਾਹ ਸੰਭਾਵਨਾਵਾਂ ਵਜੋਂ ਉਜਾਗਰ ਕਰੇਗਾ, ਜਿਸਦਾ ਦੇਸ਼ ਭਰ ਦੇ ਉਦਯੋਗਪਤੀਆਂ ਦੁਆਰਾ ਵਿਆਪਕ ਤੌਰ 'ਤੇ ਸਵਾਗਤ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਉਦਯੋਗਪਤੀ ਪੰਜਾਬ ਸਰਕਾਰ ਦੁਆਰਾ ਪੇਸ਼ ਕੀਤੇ ਗਏ ਨਿਵੇਸ਼ਕ-ਪੱਖੀ ਨੀਤੀਗਤ ਢਾਂਚੇ ਦੀ ਸ਼ਲਾਘਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸੰਮੇਲਨ ਰਾਹੀਂ ਅਸੀਂ ਚਾਹੁੰਦੇ ਹਾਂ ਕਿ ਉਦਯੋਗਿਕ ਦਿੱਗਜ਼ ਇੱਕ ਦੂਜੇ ਨਾਲ ਤਾਲਮੇਲ ਕਰਕੇ ਭਵਿੱਖ ਵਿੱਚ ਨਿਵੇਸ਼ਾਂ ਲਈ ਪੰਜਾਬ ਦੁਆਰਾ ਪੇਸ਼ ਕੀਤੀਆਂ ਗਈਆਂ ਵਿਆਪਕ ਸੰਭਾਵਨਾਵਾਂ ਬਾਰੇ ਜਾਣੂ ਹੋਣ। ਅਰੋੜਾ ਨੇ ਅੱਗੇ ਕਿਹਾ ਕਿ ਮੋਹਾਲੀ ਤੇਜ਼ੀ ਨਾਲ ਇੱਕ ਪ੍ਰਮੁੱਖ ਆਈਟੀ ਅਤੇ ਨਵੀਨਤਾ ਕੇਂਦਰ ਵਜੋਂ ਉੱਭਰ ਰਿਹਾ ਹੈ, ਜਿਸਨੂੰ ਇੱਕ ਮਜ਼ਬੂਤ ਉਦਯੋਗਿਕ ਵਾਤਾਵਰਣ ਪ੍ਰਣਾਲੀ ਅਤੇ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ ਦਾ ਸਮਰਥਨ ਪ੍ਰਾਪਤ ਹੈ। ਟਿਕਾਊ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੇ ਪਹੁੰਚ ਨੂੰ ਦੁਹਰਾਉਂਦਿਆਂ ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਕੁਦਰਤੀ ਸਰੋਤਾਂ ਦੀ ਰਾਖੀ ਕਰਦੇ ਹੋਏ ਵਾਤਾਵਰਣ-ਪੱਖੀ ਉਦਯੋਗਿਕ ਵਿਕਾਸ ਨੂੰ ਅੱਗੇ ਵਧਾਉਣਾ ਯਕੀਨੀ ਬਣਾ ਰਹੀ ਹੈ।

ਸੂਬੇ ਦੀ ਆਰਥਿਕਤਾ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਲਗਾਤਾਰ ਨਿਵੇਸ਼ਕਾਂ ਲਈ ਪਸੰਦੀਦਾ ਸਥਾਨ ਵਜੋਂ ਉੱਭਰ ਰਿਹਾ ਹੈ ਅਤੇ ਸੂਬੇ ਨੇ ਕਾਰੋਬਾਰ ਕਰਨ ਦੀ ਸੌਖ ਵਿੱਚ ਦਰਜਾਬੰਦੀ ਵਿੱਚ ਆਪਣੀ ਸਥਿਤੀ ਨੂੰ ਹੋਰ ਮਜ਼ਬੂਤ ਕਰਨਾ ਜਾਰੀ ਰੱਖਿਆ ਹੈ। ਇਸ ਪ੍ਰੈਸ ਕਾਨਫਰੰਸ ਦੌਰਾਨ ਸਕੱਤਰ ਉਦਯੋਗ ਅਤੇ ਵਣਜ ਗੁਰਕੀਰਤ ਕਿਰਪਾਲ ਸਿੰਘ, ਸੀਈਓ ਇਨਵੈਸਟ ਪੰਜਾਬ ਅਮਿਤ ਢਾਕਾ ਅਤੇ ਵਾਈਸ ਚੇਅਰਪਰਸਨ ਪੰਜਾਬ ਵਿਕਾਸ ਕਮਿਸ਼ਨ ਸੀਮਾ ਬਾਂਸਲ ਵੀ ਮੌਜੂਦ ਸਨ।

# ਸੂਬਾ ਸਰਕਾਰ ਵੱਲੋਂ ਜਨਤਕ ਸਿਹਤ ਸੰਭਾਲ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ 672 ਸਟਾਫ਼ ਨਰਸਾਂ ਦੀ ਭਰਤੀ ਦਾ ਐਲਾਨ : ਡਾ. ਬਲਬੀਰ ਸਿੰਘ

ਚੰਡੀਗੜ੍ਹ, 12 ਮਾਰਚ (ਚ.ਨ.ਸ.): ਜਨਤਕ ਸਿਹਤ ਸੰਭਾਲ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਚੁੱਕਦਿਆਂ ਭਗਵੰਤ ਮਾਨ ਸਰਕਾਰ ਨੇ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਬਿਹਤਰ ਸੇਵਾਵਾਂ ਮੁਹੱਈਆ ਕਰਨ ਲਈ 672 ਸਟਾਫ਼ ਨਰਸਾਂ ਦੀ ਭਰਤੀ ਲਈ ਇਸ਼ਤਿਹਾਰ ਜਾਰੀ ਕੀਤਾ ਹੈ। ਭਰਤੀ ਸਬੰਧੀ ਇਹ ਇਸ਼ਤਿਹਾਰ ਪ੍ਰਮੁੱਖ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਕੀਤਾ ਗਿਆ ਹੈ, ਜਿਸ ਵਿੱਚ ਯੋਗ ਉਮੀਦਵਾਰਾਂ ਨੂੰ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਫਰੀਦਕੋਟ ਦੇ ਅਧਿਕਾਰਤ ਆਨਲਾਈਨ ਪੋਰਟਲ ਰਾਹੀਂ ਅਰਜ਼ੀ ਦੇਣੀ ਹੋਵੇਗੀ। ਇਹ ਆਨਲਾਈਨ ਅਰਜ਼ੀ ਪੋਰਟਲ 13 ਮਾਰਚ ਤੋਂ 2 ਅਪ੍ਰੈਲ ਤੱਕ ਖੁੱਲ੍ਹਾ ਰਹੇਗਾ। ਇਹਨਾਂ ਅਸਾਮੀਆਂ ਲਈ ਉਮੀਦਵਾਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਅਧੀਨ ਆਪਣੀਆਂ ਅਰਜ਼ੀਆਂ ਯੂਨੀਵਰਸਿਟੀ ਦੀ ਅਧਿਕਾਰਤ ਵੈੱਬਸਾਈਟ ਰਾਹੀਂ ਜਮ੍ਹਾਂ ਕਰਵਾ ਸਕਦੇ ਹਨ। ਇਹ ਭਰਤੀ ਪਹਿਲਾਂ ਮਨਜ਼ੂਰ ਕੀਤੀਆਂ ਗਈਆਂ 406 ਸਟਾਫ ਨਰਸ ਅਸਾਮੀਆਂ, ਜਿਨ੍ਹਾਂ ਵਿੱਚੋਂ 275 ਅਸਾਮੀਆਂ ਲਈ ਅਪੁਆਇੰਟਮੈਂਟ ਆਰਡਰਜ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ, ਤੋਂ ਵੱਖਰੀ ਹੈ। ਨਿਯੁਕਤ ਕੀਤੀਆਂ ਗਈਆਂ ਇਨ੍ਹਾਂ ਨਰਸਾਂ ਨੂੰ ਪੰਜਾਬ ਭਰ ਦੇ ਵੱਖ-ਵੱਖ ਸਬ ਡਿਵੀਜ਼ਨਲ ਹਸਪਤਾਲਾਂ ਅਤੇ ਜ਼ਿਲ੍ਹਾ ਹਸਪਤਾਲਾਂ ਵਿੱਚ ਤਾਇਨਾਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਇਸ ਸਾਲ ਜਨਵਰੀ ਵਿੱਚ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰਤੀ ਕੀਤੀਆਂ ਨਵੀਆਂ 282 ਨਰਸਾਂ ਨੂੰ ਨਿਯੁਕਤੀ ਪੱਤਰ ਸੌਂਪੇ ਸਨ। ਇਹ ਕਦਮ ਸਿਹਤ ਸੰਭਾਲ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਜਨਤਕ ਸਿਹਤ ਖੇਤਰ ਵਿੱਚ ਸੁਚੱਜੇ ਪ੍ਰਸ਼ਾਸਨ ਤੇ ਸਮੇਂ ਸਿਰ ਭਰਤੀ 'ਤੇ ਧਿਆਨ ਕੇਂਦਰਿਤ ਕਰਨ ਦੇ ਨਾਲ-ਨਾਲ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਸਿਹਤ ਸੰਭਾਲ ਵਰਕਫੋਰਸ ਨੂੰ ਮਜ਼ਬੂਤ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਸੂਬੇ ਭਰ ਵਿੱਚ ਸਿਹਤ ਸੰਭਾਲ ਬੁਨਿਆਦੀ ਢਾਂਚੇ ਅਤੇ ਵਰਕਫੋਰਸ ਨੂੰ ਹੋਰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਸਿਹਤ ਸੰਭਾਲ ਸਟਾਫ਼ ਅਤੇ ਬੁਨਿਆਦੀ ਢਾਂਚੇ ਦਾ ਲਗਾਤਾਰ ਵਿਸਥਾਰ ਕੀਤਾ ਹੈ। ਹਾਲ ਹੀ ਦੇ ਸਾਲਾਂ ਵਿੱਚ 1500 ਤੋਂ ਵੱਧ ਡਾਕਟਰਾਂ ਦੀ ਨਿਯੁਕਤੀ ਕੀਤੀ ਗਈ ਹੈ, ਜਿਨ੍ਹਾਂ ਵਿੱਚ 600 ਤੋਂ ਵੱਧ ਮਾਹਰ ਅਤੇ 948 ਜਨਰਲ ਡਾਕਟਰ ਸ਼ਾਮਲ ਹਨ। ਇਹ ਨਿਯੁਕਤੀਆਂ ਪੰਜਾਬ ਵਿੱਚ ਮੌਜੂਦਾ ਸਮੇਂ ਸੇਵਾ ਨਿਭਾ ਰਹੇ ਕੁੱਲ ਡਾਕਟਰਾਂ ਦਾ ਲਗਭਗ 35 ਫ਼ੀਸਦ ਹੈ ਅਤੇ ਇਨ੍ਹਾਂ ਨੇ ਪੰਜਾਬ ਭਰ ਵਿੱਚ ਡਾਕਟਰੀ ਸੇਵਾਵਾਂ ਨੂੰ ਕਾਫ਼ੀ ਮਜ਼ਬੂਤ ਕੀਤਾ ਹੈ। ਇਸ ਤੋਂ ਇਲਾਵਾ ਸਿਹਤ ਸਹੂਲਤਾਂ ਵਿੱਚ 300 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਮੁਫ਼ਤ ਦਵਾਈਆਂ ਤੇ ਆਧੁਨਿਕ ਡਾਕਟਰੀ ਉਪਕਰਣਾਂ ਦੀ ਉਪਲਬਧਤਾ ਵਧਾਈ ਗਈ ਹੈ, ਜਿਸ ਨਾਲ ਮਰੀਜ਼ਾਂ ਦੀ ਦੇਖਭਾਲ ਤੇ ਇਲਾਜ ਦੇ ਨਤੀਜਿਆਂ ਨੂੰ ਹੋਰ ਬਿਹਤਰ ਬਣਾਇਆ ਜਾ ਸਕਿਆ ਹੈ। ਪੰਜਾਬ ਭਰ ਦੇ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦੇ ਸਿਹਤ ਕਵਰੇਜ ਰਾਹੀਂ ਵਿੱਤੀ ਸੁਰੱਖਿਆ ਵੀ ਦਿੱਤੀ ਜਾ ਰਹੀ ਹੈ, ਜਿਸ ਨਾਲ ਸੂਬੇ ਦੇ ਨਾਗਰਿਕਾਂ ਲਈ ਬਿਨਾਂ ਕਿਸੇ ਵਿੱਤੀ ਬੋਝ ਦੇ ਗੁਣਵੱਤਾ ਵਾਲੀ ਸਿਹਤ ਸੰਭਾਲ ਤੱਕ ਪਹੁੰਚ ਯਕੀਨੀ ਬਣਾਈ ਜਾ ਰਹੀ ਹੈ। ਸਟਾਫ਼ ਨਰਸਾਂ ਵਿੱਚ 672 ਹੋਰ ਨਰਸਾਂ ਦੇ ਵਾਧੇ ਨਾਲ ਪੰਜਾਬ ਭਰ ਵਿੱਚ ਸਿਹਤ ਸੰਭਾਲ ਸੇਵਾਵਾਂ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤੀ ਮਿਲੇਗੀ। ਇਹ ਭਰਤੀ ਪ੍ਰਾਇਮਰੀ ਅਤੇ ਸੈਕੰਡਰੀ ਸਿਹਤ ਸੰਭਾਲ ਸਹੂਲਤਾਂ ਵਿਖੇ ਮਰੀਜ਼ਾਂ ਦੀ ਦੇਖਭਾਲ ਨੂੰ ਹੋਰ ਬਿਹਤਰ ਬਣਾਉਣ, ਸਰਕਾਰੀ ਹਸਪਤਾਲਾਂ ਵਿੱਚ ਵੱਧ ਰਹੇ ਓਪੀਡੀ ਤੇ ਆਈਪੀਡੀ ਲੋਡ ਨੂੰ ਸਮਰਥਨ ਦੇਣ, ਜੱਚਾ ਤੇ ਬੱਚਾ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਤੇ ਕੌਮੀ ਤੇ ਪੰਜਾਬ ਸਰਕਾਰ ਦੇ ਸਿਹਤ ਪ੍ਰੋਗਰਾਮਾਂ ਦੇ ਲਾਗੂਕਰਨ ਵਿੱਚ ਸਹਾਈ ਸਿੱਧ ਹੋਵੇਗੀ। ਇਹ ਪਹਿਲ ਤੀਜੇ ਦਰਜੇ ਦੇ ਦੇਖਭਾਲ ਹਸਪਤਾਲਾਂ 'ਤੇ ਰੈਫਰਲ ਬੋਝ ਨੂੰ ਘਟਾਉਣ ਤੇ ਕਮਿਊਨਿਟੀ ਪੱਧਰ 'ਤੇ ਬਿਹਤਰ ਨਿਰੰਤਰ ਦੇਖਭਾਲ ਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਵਿੱਚ ਵੀ ਮਦਦਗਾਰ ਹੋਵੇਗੀ। ਇਹ ਭਰਤੀ ਮੁਹਿੰਮ ਪੰਜਾਬ ਸਰਕਾਰ ਦੀ ਇੱਕ ਮਜ਼ਬੂਤ, ਪਹੁੰਚਯੋਗ ਅਤੇ ਮਰੀਜ਼-ਕੇਂਦ੍ਰਿਤ ਸਿਹਤ ਸੰਭਾਲ ਪ੍ਰਣਾਲੀ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੀ ਹੈ। ਨਰਸਿੰਗ ਕਾਡਰ ਦਾ ਵਿਸਥਾਰ ਅਤੇ ਮਾਹਰ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਕੇ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਲਈ ਵਿਆਪਕ ਸਿਹਤ ਸੰਭਾਲ ਸੁਧਾਰਾਂ ਨੂੰ ਯਕੀਨੀ ਬਣਾ ਰਹੀ ਹੈ।

# ਨਰਿੰਦਰ ਮੋਦੀ ਦੀ ਵਿਦੇਸ਼ ਨੀਤੀ ਨੇ ਦੇਸ਼ ਨੂੰ ਬਰਬਾਦ ਕੀਤਾ : ਬਰਸਟ

ਚੰਡੀਗੜ੍ਹ, 12 ਮਾਰਚ (ਚ.ਨ.ਸ.): ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕੇਂਦਰ ਦੀ ਮੋਦੀ ਸਰਕਾਰ ਦੀ ਵਿਦੇਸ਼ ਨੀਤੀ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇੱਕ ਪਾਸੜ ਵਿਦੇਸ਼ ਨੀਤੀ ਦੇ ਕਾਰਨ ਅੱਜ ਦੇਸ਼ ਨੂੰ ਗੰਭੀਰ ਸੰਕਟ ਦਾ ਸਾਹਮਣਾ



ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਐਲ.ਪੀ.ਜੀ. ਨੂੰ ਲੈ ਕੇ ਜੋ ਹਾਹਾਕਾਰ ਮਚੀ ਹੋਈ ਹੈ, ਉਹ ਕੇਂਦਰ ਸਰਕਾਰ ਦੀ ਗਲਤ ਨੀਤੀਆਂ ਦਾ ਨਤੀਜਾ ਹੈ। ਬਰਸਟ ਨੇ ਕਿਹਾ ਕਿ ਭਾਰਤ ਪਿਛਲੇ 75 ਸਾਲਾਂ ਤੋਂ ਗੁਟ ਨਿਰਲੇਪ ਵਿਦੇਸ਼ ਨੀਤੀ ਅਪਣਾਉਂਦਾ ਆ ਰਿਹਾ ਸੀ। ਭਾਰਤ ਕਦੇ ਵੀ ਕਿਸੇ ਇੱਕ ਧਿਰ ਨਾਲ ਖੜ੍ਹਾ ਨਹੀਂ ਹੋਇਆ, ਸਗੋਂ ਅੰਤਰ ਰਾਸ਼ਟਰੀ ਮਾਮਲਿਆਂ ਵਿੱਚ ਮੱਧਸਥ ਭੂਮਿਕਾ ਨਿਭਾ ਕੇ ਫੈਸਲਾ ਕਰਵਾਉਂਦਾ ਰਿਹਾ ਹੈ। ਪਰ ਮੌਜੂਦਾ ਸਮੇਂ ਵਿੱਚ ਇਰਾਨ-ਇਜ਼ਰਾਇਲ ਯੁੱਧ ਦੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਖੁੱਲ੍ਹੇ ਤੌਰ 'ਤੇ ਇਜ਼ਰਾਇਲ ਅਤੇ ਅਮਰੀਕਾ ਦਾ ਸਾਥ ਦੇਣ ਕਾਰਨ ਇਰਾਨ ਨਾਲ ਭਾਰਤ ਦੇ ਸੰਬੰਧ ਪ੍ਰਭਾਵਿਤ ਹੋਏ ਹਨ, ਜਿਸ ਦਾ ਨਤੀਜਾ ਹੁਣ ਦੇਸ਼ ਨੂੰ ਭੁਗਤਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ ਆਉਣ ਵਾਲੀ ਐਲ.ਪੀ.ਜੀ. ਤੇ ਤੇਲ ਦਾ ਕਰੀਬ 90 ਫੀਸਦੀ ਹਿੱਸਾ ਹੋਰਮੁਜ਼ ਜਲ ਡਮਰੂ ਮਾਰਗ ਰਾਹੀਂ ਆਉਂਦਾ ਹੈ, ਜਿਸ 'ਤੇ ਇਰਾਨ ਦਾ ਕਬਜਾ ਹੈ ਅਤੇ ਹੁਣ ਇਰਾਨ ਸਿਰਫ਼ ਉਹਨਾਂ ਦੇਸ਼ਾਂ ਦੇ ਜਹਾਜ਼ਾਂ ਨੂੰ ਹੀ ਉੱਥੋਂ ਲੰਘਣ ਦੇ ਰਿਹਾ ਹੈ, ਜੋ ਗੁਟ ਨਿਰਲੇਪ ਹਨ ਜਾਂ ਉਸਦੇ ਨਾਲ ਖੜ੍ਹੇ ਹਨ। ਇਰਾਨ ਦੇ ਨਾਰਾਜ਼ ਹੋਣ ਕਾਰਨ ਇਹ ਸਪਲਾਈ ਚੇਨ ਟੁੱਟ ਗਈ ਹੈ। ਜਿਸ ਕਾਰਨ ਪੂਰੇ ਭਾਰਤ ਦੇਸ਼ ਵਿੱਚ ਹਾਹਾਕਾਰ ਮੱਚੀ ਹੋਈ ਹੈ।

ਇਸ ਸੰਕਟ ਦਾ ਸਿੱਧਾ ਅਸਰ ਹੋਟਲ/ਰੈਸਟੋਰੈਂਟ ਉਦਯੋਗ 'ਤੇ ਪੈ ਰਿਹਾ ਹੈ। ਮੁੰਬਈ ਦੇ ਲਗਭਗ 20 ਫੀਸਦੀ ਹੋਟਲ/ਰੈਸਟੋਰੈਂਟ ਬੰਦ ਹੋ ਚੁੱਕੇ ਹਨ, ਜਦਕਿ ਆਉਣ ਵਾਲੇ ਦਿਨਾਂ ਵਿੱਚ 30 ਤੋਂ 40 ਫੀਸਦੀ ਹੋਰ ਹੋਟਲ/ਰੈਸਟੋਰੈਂਟਾਂ ਦੇ ਬੰਦ ਹੋਣ ਦੀ ਸੰਭਾਵਨਾ ਹੈ। ਇਸ ਨਾਲ ਲਗਭਗ ਇੱਕ ਕਰੋੜ ਲੋਕਾਂ ਦੇ ਬੇਰੁਜ਼ਗਾਰ ਹੋਣ ਦੀ ਸੰਭਾਵਨਾ ਹੈ, ਜੋ ਕਿ ਭਾਰਤ ਦੀ ਅਰਥਵਿਵਸਥਾ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਹੋਟਲਾਂ/ਰੈਸਟੋਰੈਂਟਾਂ ਨੂੰ ਐਲ.ਪੀ.ਜੀ. ਸਿਲੈਂਡਰ ਮੁਹੱਈਆ ਕਰਵਾਉਣ ਤੋਂ ਮਨਾ ਕਰ ਦਿੱਤਾ ਗਿਆ ਹੈ, ਜਿਸ ਦਾ ਆਮ ਲੋਕਾਂ, ਹੋਟਲ/ਰੈਸਟੋਰੈਂਟ ਕਾਰੋਬਾਰੀਆਂ, ਉੱਥੇ ਕੰਮ ਕਰਨ ਵਾਲੇ ਲੋਕਾਂ ਅਤੇ ਗ੍ਰਾਹਕਾਂ ਤੇ ਭਾਰੀ ਅਸਰ ਪੈ ਰਿਹਾ ਹੈ। ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਭਾਰਤ ਦੀ ਜਨਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਇਹ ਜਵਾਬ ਮੰਗਦੀ ਹੈ ਕਿ ਇੱਕਤਰਫਾ ਵਿਦੇਸ਼ ਨੀਤੀ ਬਣਾਉਂਦੇ ਸਮੇਂ ਦੇਸ਼ ਦੀ ਆਰਥਿਕਤਾ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਕਿਉਂ ਨਹੀਂ ਸੋਚਿਆ ਗਿਆ। ਬਰਸਟ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੇ ਅਹੁੱਦੇ ਤੋਂ ਅਸਤੀਫਾ ਦੇਣ, ਤਾਂ ਜੋ ਕੋਈ ਦੂਰਦਰਸ਼ੀ ਤੇ ਸੂਝਵਾਨ ਪ੍ਰਧਾਨ ਮੰਤਰੀ ਭਾਰਤ ਦੀ ਵਿਦੇਸ਼ ਨੀਤੀ ਨੂੰ ਸੰਤੁਲਤ ਢੰਗ ਨਾਲ ਬਣਾ ਕੇ ਦੇਸ਼ ਦੀ ਅਰਥਵਿਵਸਥਾ ਨੂੰ ਤਰੱਕੀ ਦੇ ਰਾਹ 'ਤੇ ਲੈ ਜਾ ਸਕੇ।


## ਭਾਰਤ ਸਰਕਾਰ ਦਾ ਟੀਚਾ, ਹਰ ਅੰਨਦਾਤਾ ਖੁਸ਼ਹਾਲ

Government of India



## ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ

ਵੱਲੋਂ

**ਪੀਐਮ ਕਿਸਾਨ ਸੰਮਾਨ ਨਿਧੀ ਦੀ 22ਵੀਂ ਕਿਸ਼ਤ ਦੇ ਤਹਿਤ 9 ਕਰੋੜ 32 ਲੱਖ ਤੋਂ ਵੱਧ ਕਿਸਾਨਾਂ ਦੇ ਬੈਂਕ ਖਾਤਿਆਂ ਵਿਚ ਰੁ.18 ਹਜ਼ਾਰ 640 ਕਰੋੜ ਤੋਂ ਵੱਧ ਦੀ ਸਨਮਾਨ ਰਾਸ਼ੀ ਸਿੱਧੀ ਟ੍ਰਾਂਸਫਰ**

13 ਮਾਰਚ 2026 | ਸ਼ਾਮ 5:00 ਵਜੇ | ਜਯੋਤੀ-ਵਿਸ਼ਨੂੰ ਅੰਤਰਰਾਸ਼ਟਰੀ ਸੱਭਿਆਚਾਰ ਕੇਂਦਰ, ਖਾਨਾਪਾਰਾ, ਗੁਹਾਟੀ, ਅਸਮ

### ਪ੍ਰਧਾਨ ਮੰਤਰੀ ਕਿਸਾਨ ਸੰਮਾਨ ਨਿਧੀ ਯੋਜਨਾ

- ਹੁਣ ਤੱਕ ਕਿਸਾਨਾਂ ਨੂੰ ਮਿਲੀ ਰੁ. 4 ਲੱਖ 9 ਹਜ਼ਾਰ ਕਰੋੜ ਤੋਂ ਵੱਧ ਦੀ ਸਨਮਾਨ ਰਾਸ਼ੀ
- ਵਿਸ਼ਵ ਦੀਆਂ ਸਭ ਤੋਂ ਵੱਡੀਆਂ ਡਾਇਰੈਕਟ ਬੈਨੇਫਿਟ ਟਰਾਂਸਫਰ (DBT) ਯੋਜਨਾਵਾਂ ਵਿੱਚੋਂ ਇੱਕ
- ਕਿਸਾਨਾਂ ਨੂੰ ਸਾਲਾਨਾ ਰੁ. 6000 ਦੀ ਸਹਾਇਤਾ
- ਪੀਐਮ ਕਿਸਾਨ ਦੇ 85% ਤੋਂ ਵੱਧ ਲਾਭਪਾਤਰੀ ਛੋਟੇ ਅਤੇ ਸੀਮਾਂਤ ਕਿਸਾਨ
- ਪੀਐਮ ਕਿਸਾਨ ਦੇ ਹਰ 4 ਲਾਭਪਾਤਰੀਆਂ ਵਿਚੋਂ ਇੱਕ ਮਹਿਲਾ ਲਾਭਪਾਤਰੀ

CBC 01102/13/0012/2526

### ਪਿਛਲੇ 12 ਸਾਲਾਂ ਵਿੱਚ ਖੇਤੀਬਾੜੀ ਵਿੱਚ ਇਤਿਹਾਸਕ ਉਪਲਬਧੀਆਂ

- **150+ ਮਿਲੀਅਨ ਟਨ** ਦੇ ਨਾਲ ਭਾਰਤ ਬਣਿਆ ਵਿਸ਼ਵ ਦਾ ਸਭ ਤੋਂ ਵੱਡਾ ਚਾਵਲ ਉਤਪਾਦਕ ਦੇਸ਼
- ਅਨਾਜ ਉਤਪਾਦਨ **252 ਮਿਲੀਅਨ ਟਨ** ਤੋਂ ਵੱਧ ਕੇ **357 ਮਿਲੀਅਨ ਟਨ** ਤੋਂ ਵੱਧ ਹੋ ਗਿਆ।
- ਬਾਗਬਾਨੀ ਫਸਲਾਂ ਦਾ ਉਤਪਾਦਨ **277 ਮਿਲੀਅਨ ਟਨ** ਤੋਂ ਵੱਧ ਕੇ **369 ਮਿਲੀਅਨ** ਟਨ ਹੋ ਗਿਆ, ਨਾਲ ਹੀ ਭਾਰਤ ਅੰਬ, ਅਮਰੂਦ, ਮੈਂਗੋਸਟੀਨ, ਕੇਲਾ ਅਤੇ ਪਪੀਤਾ ਦਾ ਦੁਨੀਆ ਦਾ ਸਭ ਤੋਂ ਵੱਡਾ ਉਤਪਾਦਕ
- ਦਾਲਾਂ ਦੇ ਆਤਮ-ਨਿਰਭਰਤਾ ਮਿਸ਼ਨ ਅਧੀਨ ਪੰਜੀਕ੍ਰਿਤ ਇੱਛੁਕ ਕਿਸਾਨਾਂ ਤੋਂ ਅਰਹਰ, ਮਾਂਹ ਅਤੇ ਮਸੂਰ ਦੀ ਐਮਐਸਪੀ 'ਤੇ ਖਰੀਦ ਯਕੀਨੀ
- ਸਾਲ 2026-27 ਕੇਂਦਰੀ ਬਜਟ ਵਿਚ ਏਆਈ-ਅਧਾਰਤ ਰਾਸ਼ਟਰੀ ਡਿਜੀਟਲ ਪਲੇਟਫਾਰਮ, 'ਭਾਰਤ VISTAAR' ਦਾ ਐਲਾਨ ਕੀਤਾ, ਜਿਸ ਨਾਲ ਖੇਤੀ ਨਾਲ ਜੁੜੀ ਜਾਣਕਾਰੀ, ਸੇਵਾਵਾਂ ਅਤੇ ਸਲਾਹ ਕਿਸਾਨਾਂ ਤੱਕ ਸਿੱਧੇ ਅਤੇ ਸਰਲ ਭਾਸ਼ਾ ਵਿਚ ਉਪਲਬਧ ਹੋਵੇਗੀ
- **ਰੁ. 26 ਲੱਖ ਕਰੋੜ** ਤੋਂ ਵੱਧ ਐਮਐਸਪੀ 'ਤੇ ਕਣਕ, ਝੋਨਾ, ਕਪਾਹ, ਦਾਲਾਂ ਅਤੇ ਤੇਲ ਬੀਜ ਫਸਲਾਂ ਦੀ ਖਰੀਦ ਕੀਤੀ ਗਈ
- **ਰੁ. 15 ਲੱਖ 50 ਹਜ਼ਾਰ ਕਰੋੜ** ਦੀਆਂ ਖਾਦ ਸਬਸਿਡੀ ਨਾਲ ਕਿਸਾਨਾਂ ਨੂੰ ਸਹੀ ਸਮੇਂ ਵਾਜਬ ਮੁੱਲ 'ਤੇ ਖਾਦ ਦੀ ਸਪਲਾਈ
- ਖੇਤੀਬਾੜੀ ਕਰਜ਼ੇ ਦਾ ਪ੍ਰਵਾਹ **ਰੁ. 8 ਲੱਖ 45 ਹਜ਼ਾਰ ਕਰੋੜ** ਤੋਂ ਵੱਧ ਕੇ ਹੋਇਆ ਰੁ. 28 ਲੱਖ 69 ਹਜ਼ਾਰ ਕਰੋੜ,ਜਿਸ ਨਾਲ ਪੇਂਡੂ ਅਰਥਵਿਵਸਥਾ ਨੂੰ ਮਿਲ ਰਿਹੈ ਮਜ਼ਬੂਤ ਹੁਲਾਰਾ
- ਪੀਐਮ ਫ਼ਸਲ ਬੀਮਾ ਯੋਜਨਾ ਤਹਿਤ ਕੁਦਰਤੀ ਸੰਕਟ ਵਿਚ ਹੋਏ ਨੁਕਸਾਨ ਦੀ ਪੂਰਤੀ ਲਈ ਕਿਸਾਨਾਂ ਨੂੰ ਲਗਭਗ ਰੁ. 2 ਲੱਖ ਕਰੋੜ ਦਾ ਭੁਗਤਾਨ
- ਖੇਤੀਬਾੜੀ ਬਜਟ ਵਿੱਚ ਇਤਿਹਾਸਕ ਵਾਧਾ ਹੋਇਆ, **ਰੁ 27 ਹਜ਼ਾਰ ਕਰੋੜ** ਤੋਂ ਵੱਧ ਹੁਣ ਹੋਇਆ **ਰੁ. 1 ਲੱਖ 40 ਹਜ਼ਾਰ ਕਰੋੜ** ਤੋਂ ਵੱਧ

**ਬੀਜ ਤੋਂ ਲੈ ਕੇ ਬਾਜ਼ਾਰ ਤੱਕ ਹਰ ਕਦਮ 'ਤੇ ਕਿਸਾਨਾਂ ਦੇ ਨਾਲ, ਭਾਰਤ ਸਰਕਾਰ**

ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਡੀਡੀ ਨਿਊਜ਼ ਜਾਂ ਡੀਡੀ ਕਿਸਾਨ ਚੈਨਲ 'ਤੇ ਦੇਖੋ। | ਨਿਊਜ਼ | ਕਿਸਾਨ | ਕਿਸਾਨ ਕਾਲ ਸੈਂਟਰ 1800-180-1551 (ਸਵੇਰੇ 6 ਵਜੇ ਤੋਂ ਰਾਤ 10 ਵਜੇ ਤੱਕ) | ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਵੈਬਸਾਈਟ ਦੇਖਿਆ ਜਾ ਸਕਦਾ ਹੈ pmindiawebcast.nic.in | ਫਾਲੋ ਕਰੋ | ਭਾਰਤੀ ਕਿਸਾਨਾ ਦਾ ਨਵਾਂ ਏਆਈ ਚੈਟ ਬੋਟ ਵਧੇਰੇ ਜਾਣਕਾਰੀ ਦੇ ਲਈ ਸੰਪਰਕ ਕਰੋ 155261 | ਭਾਰਤ ਵਿਸਤਾਰ ਐਪ ਡਾਊਨਲੋਡ ਕਰਨ ਦੇ ਲਈ ਸਕੈਨ ਕਰੋ।

## ਸੰਪਾਦਕੀ

# ਆਂਚ ਰਸੋਈ ਤੱਕ ਪੁੱਜੀ

ਦੁਨੀਆ ਭਰ ਵਿੱਚ ਜੰਗਾਂ ਫੌਜੀ ਮੋਰਚਿਆਂ 'ਤੇ ਲੜੀਆਂ ਜਾਂਦੀਆਂ ਹਨ, ਪਰ ਆਮ ਲੋਕਾਂ ਨੂੰ ਇਸਦੀ ਗਰਮੀ ਦਾ ਖ਼ਮਿਆਜ਼ਾ ਭੁਗਤਣਾ ਪੈਂਦਾ ਹੈ। ਈਰਾਨ 'ਤੇ ਇਜ਼ਰਾਈਲੀ ਅਤੇ ਅਮਰੀਕੀ ਸਾਂਝੇ ਹਮਲੇ ਤੋਂ ਬਾਅਦ, ਇਸ ਯੁੱਧ ਦਾ ਦਾਇਰਾ ਫੈਲ ਗਿਆ ਹੈ, ਅਤੇ ਇਸਦੇ ਪ੍ਰਭਾਵ ਹੁਣ ਡਰ ਦੇ ਰੂਪ ਵਿੱਚ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ। ਸਮੱਸਿਆ ਇਹ ਹੈ ਕਿ ਦੁਨੀਆ ਭਰ ਦੇ ਜ਼ਿਆਦਾਤਰ ਦੇਸ਼ ਜੰਗ ਤੋਂ ਪੈਦਾ ਹੋਣ ਵਾਲੀ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਅਗਲੇ ਕਈ ਮਹੀਨੇ ਪਹਿਲਾਂ ਤੋਂ ਤਿਆਰੀ ਕਰਨ ਲਈ ਹਮੇਸ਼ਾ ਲੋੜੀਂਦੀਆਂ ਸਾਵਧਾਨੀਆਂ ਨਹੀਂ ਵਰਤਦੇ। ਅਕਸਰ, ਇਹਨਾਂ ਅਨਕਿਆਸੀਆਂ ਸਥਿਤੀਆਂ ਵਿੱਚ, ਸਪਲਾਈ ਚੇਨਾਂ ਪਹਿਲਾਂ ਵਿਘਨ ਪਾਉਂਦੀਆਂ ਹਨ, ਜਿਸ ਨਾਲ ਆਮ ਲੋਕਾਂ ਦੇ ਬਚਾਅ ਲਈ ਜ਼ਰੂਰੀ ਵਸਤੂਆਂ ਦੀ ਘਾਟ ਹੋ ਜਾਂਦੀ ਹੈ ਅਤੇ ਫਿਰ ਇਸਦਾ ਪ੍ਰਭਾਵ ਬਾਹਰੀ ਤੌਰ 'ਤੇ ਮਹਿਸੂਸ ਕੀਤਾ ਜਾਂਦਾ ਹੈ, ਜਿਸ ਨਾਲ ਲੋਕਾਂ ਵਿੱਚ ਆਪਣੀਆਂ ਰੋਜ਼ਾਨਾ ਲੋੜਾਂ ਪੂਰੀਆਂ ਕਰਨ ਬਾਰੇ ਚਿੰਤਾ ਵਧਦੀ ਹੈ। ਈਰਾਨ 'ਤੇ ਇਜ਼ਰਾਈਲੀ ਅਤੇ ਅਮਰੀਕੀ ਹਮਲਿਆਂ ਦੇ ਦਸ ਦਿਨਾਂ ਬਾਅਦ, ਕਈ ਦੇਸ਼ਾਂ ਵਿੱਚ ਵੀ ਇਸੇ ਤਰ੍ਹਾਂ ਦੀ ਸਥਿਤੀ ਪੈਦਾ ਹੋ ਰਹੀ ਹੈ। ਭਾਰਤ ਲਈ, ਜਦੋਂ ਤੋਂ ਈਰਾਨ ਨੇ ਹੋਰਮੁਜ਼ ਜਲਡਮਰੂ ਨੂੰ ਰੋਕਿਆ ਹੈ, ਤੇਲ ਟੈਂਕਰਾਂ ਅਤੇ ਗੈਸ ਸਪਲਾਈ ਦੀ ਆਵਾਜਾਈ ਵਿੱਚ ਕਾਫ਼ੀ ਵਿਘਨ ਪਿਆ ਹੈ। ਇਸ ਤੋਂ ਇਲਾਵਾ ਕਈ ਖਾੜੀ ਦੇਸ਼ਾਂ ਵਿੱਚ ਤੇਲ ਰਿਫਾਇਨਰੀਆਂ 'ਤੇ ਹਮਲਾ ਕਰਕੇ ਈਰਾਨ ਦੁਆਰਾ ਜਵਾਬੀ ਕਾਰਵਾਈ ਕਰਨ ਤੋਂ ਬਾਅਦ ਕੱਚੇ ਤੇਲ ਦਾ ਸੰਕਟ ਹੋਰ ਡੂੰਘਾ ਹੋ ਗਿਆ ਹੈ। ਹਾਲਾਂਕਿ, ਹੋਰਮੁਜ਼ ਜਲਡਮਰੂ 'ਤੇ ਈਰਾਨ ਦੇ ਰੁਖ਼ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਜੇਕਰ ਇਹ ਯੁੱਧ ਕਿਸੇ ਵੀ ਸਮੇਂ ਤੱਕ ਜਾਰੀ ਰਿਹਾ, ਤਾਂ ਦੁਨੀਆ ਭਰ ਦੇ ਕਈ ਦੇਸ਼ ਬੁਰੀ ਤਰ੍ਹਾਂ ਪ੍ਰਭਾਵਿਤ ਹੋਣਗੇ। ਤੇਲ ਅਤੇ ਗੈਸ ਦੀ ਕਮੀ ਨਾ ਸਿਰਫ਼ ਆਮ ਜੀਵਨ ਨੂੰ ਵਿਗਾੜ ਦੇਵੇਗੀ, ਸਗੋਂ ਇੱਕ ਵੱਡੇ ਆਰਥਿਕ ਸੰਕਟ ਦਾ ਕਾਰਨ ਵੀ ਬਣੇਗੀ। ਭਾਰਤ ਵਿੱਚ, ਹੁਣ ਇਹ ਸਪੱਸ਼ਟ ਹੁੰਦਾ ਜਾ ਰਿਹਾ ਹੈ ਕਿ ਜੇਕਰ ਸਰਕਾਰ ਜਲਦੀ ਹੀ ਢੁਕਵੀਂ ਕਾਰਵਾਈ ਨਹੀਂ ਕਰਦੀ ਹੈ, ਤਾਂ ਸਥਿਤੀ ਹੋਰ ਵੀ ਗੁੰਝਲਦਾਰ ਹੋ ਸਕਦੀ ਹੈ। ਦਰਅਸਲ, ਯੁੱਧ ਦੀ ਗਰਮੀ ਹੁਣ ਭਾਰਤ ਵਿੱਚ ਰਸੋਈਆਂ ਅਤੇ ਕਾਰੋਬਾਰਾਂ ਤੱਕ ਪਹੁੰਚਣੀ ਸ਼ੁਰੂ ਹੋ ਗਈ ਹੈ। ਭਾਰਤ ਆਮ ਤੌਰ 'ਤੇ ਐੱਲ ਐਨ ਜੀ (ਤਰਲ ਕੁਦਰਤੀ ਗੈਸ) ਅਤੇ LPG (ਤਰਲ ਪੈਟਰੋਲੀਅਮ ਗੈਸ) ਲਈ ਆਯਾਤ 'ਤੇ ਨਿਰਭਰ ਕਰਦਾ ਹੈ। ਨਤੀਜੇ ਵਜੋਂ, ਹੋਰਮੁਜ਼ ਜਲਡਮਰੂ ਰਾਹੀਂ ਤੇਲ ਟੈਂਕਰ ਆਵਾਜਾਈ ਵਿੱਚ ਵਿਘਨ ਪੈਣ ਨਾਲ ਹੁਣ ਭਾਰਤ ਵਿੱਚ LPG ਦੀ ਕਮੀ ਦਾ ਖ਼ਤਰਾ ਪੈਦਾ ਹੋ ਗਿਆ ਹੈ ਅਤੇ ਕਈ ਰਾਜਾਂ ਵਿੱਚ ਰੈਸਟੋਰੈਂਟਾਂ ਅਤੇ ਹੋਟਲਾਂ ਨੂੰ ਵਪਾਰਕ LPG ਦੀ ਸਪਲਾਈ ਮੁਸ਼ਕਲ ਹੋ ਗਈ ਹੈ। ਇਸ ਤੋਂ ਇਲਾਵਾ ਬਾਜ਼ਾਰ ਵਿੱਚ ਭੋਜਨ ਅਤੇ ਹੋਰ ਸਮਾਨ ਦੀਆਂ ਕੀਮਤਾਂ ਵਿੱਚ ਵਾਧਾ ਤੇਜ਼ ਹੋ ਗਿਆ ਹੈ। ਅਸਲ ਸਮੱਸਿਆ ਰਸੋਈ ਗੈਸ ਅਤੇ ਹੋਰ ਵਸਤੂਆਂ ਦੀ ਸਪਲਾਈ ਹੈ, ਜਿਸਦੀ ਗੰਭੀਰ ਘਾਟ ਲੋਕਾਂ ਵਿੱਚ ਦਹਿਸ਼ਤ ਪੈਦਾ ਕਰ ਰਹੀ ਹੈ। ਹਾਲਾਤ ਅਜਿਹੇ ਹਨ ਕਿ ਆਉਣ ਵਾਲੇ ਦਿਨਾਂ ਵਿੱਚ ਸੰਕਟ ਹੋਰ ਵਿਗੜਨ ਦੇ ਡਰੋਂ, ਜ਼ਿਆਦਾਤਰ ਲੋਕ ਸਾਵਧਾਨੀ ਵਜੋਂ ਐਲਪੀਜੀ ਅਤੇ ਹੋਰ ਸਮਾਨ ਖਰੀਦਣ ਲਈ ਕਤਾਰਾਂ ਵਿੱਚ ਖੜ੍ਹੇ ਦਿਖਾਈ ਦੇ ਰਹੇ ਹਨ। ਸਰਕਾਰ ਨੂੰ ਇਸ ਸੰਕਟ ਨੂੰ ਹੱਲ ਕਰਨ ਲਈ ਜ਼ਰੂਰੀ ਵਸਤੂਆਂ ਐਕਟ ਲਾਗੂ ਕਰਨ ਲਈ ਮਜਬੂਰ ਹੋਣਾ ਪਿਆ ਹੈ, ਜੋ ਕਿ ਬਹੁਤ ਜ਼ਿਆਦਾ ਖਰੀਦਦਾਰੀ ਅਤੇ ਦੂਜੇ ਪਾਸੇ, ਵਪਾਰੀਆਂ ਦੁਆਰਾ ਗੈਰ-ਕਾਨੂੰਨੀ ਜਮ੍ਹਾਂਖੋਰੀ ਜਾਂ ਭੰਡਾਰਨ ਕਾਰਨ ਕਾਲਾਬਾਜ਼ਾਰੀ ਅਤੇ ਮਹਿੰਗਾਈ ਨਾਲ ਜੁੜਿਆ ਹੋਇਆ ਹੈ। ਹਾਲਾਂਕਿ, ਇਹ ਯਕੀਨੀ ਬਣਾਉਣਾ ਵੀ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਰਸੋਈ ਗੈਸ ਅਤੇ ਆਵਾਜਾਈ ਨੂੰ ਇੰਨਾ ਸਖ਼ਤੀ ਨਾਲ ਕੰਟਰੋਲ ਨਾ ਕੀਤਾ ਜਾਵੇ ਕਿ ਇਹ ਰੋਜ਼ਾਨਾ ਜ਼ਰੂਰੀ ਗਤੀਵਿਧੀਆਂ 'ਤੇ ਮਾੜਾ ਪ੍ਰਭਾਵ ਪਾਵੇ। ਇਹ ਵੀ ਵਿਚਾਰ ਕਰਨਾ ਜ਼ਰੂਰੀ ਹੋਵੇਗਾ ਕਿ ਜੇਕਰ ਜ਼ਰੂਰੀ ਵਸਤੂਆਂ ਦੀ ਘਾਟ ਹੋਰ ਵਧਦੀ ਹੈ, ਤਾਂ ਇਨ੍ਹਾਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਿਕਲਪਿਕ ਸਰੋਤਾਂ ਦੀ ਵਰਤੋਂ ਕਿਵੇਂ ਕੀਤੀ ਜਾਵੇਗੀ।

**-ਜਗਜੀਤ ਸਿੰਘ ਦਰਦੀ**

### ਯੁੱਧ ਦੀ ਤਬਾਹੀ ਹੁਣ ਟੈਲੀਵਿਜ਼ਨ ਦੀ ਸਕਰੀਨ 'ਤੇ ਵੀ

# ਸੋਸ਼ਲ ਮੀਡੀਆ ਤੇ ਟੀਵੀ 'ਤੇ ਫੇਕ ਨਿਊਜ਼ ਨੇ ਡਿਜ਼ੀਟਲ ਮੰਚ ਨੂੰ ਇੱਕ ਜੰਗੀ ਮੈਦਾਨ ਵਿੱਚ ਬਦਲਿਆ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਈਰਾਨ ਇਜਰਾਇਲ ਯੁੱਧ ਵਿੱਚ ਜੋ ਤਬਾਹੀ ਹੋ ਰਹੀ ਹੈ ਉਸ ਤੋਂ ਕਿਤੇ ਜ਼ਿਆਦਾ ਮਾਨਸਿਕ ਤੇ ਦਿਮਾਗੀ ਤਬਾਹੀ ਟੈਲੀਵਿਜ਼ਨ ਸਕਰੀਨ ਅਤੇ ਤੁਹਾਡੀ ਮੋਬਾਈਲ ਦੀ ਸਕਰੀਨ 'ਤੇ ਹੋ ਰਹੀ ਹੈ ਜੋ ਸਭ ਤੋਂ ਜ਼ਿਆਦਾ ਘਾਤਕ ਸਾਬਤ ਹੋ ਰਹੀ ਹੈ ਅਤੇ ਜਿਸ ਦੀ ਲਪੇਟ ਵਿੱਚ ਅੱਜ ਪੂਰੀ ਦੁਨੀਆ ਹੈ। ਅੱਜ ਆਨਲਾਈਨ ਪਾਇਰੇਸੀ ਦੇ ਖਿਲਾਫ ਵੱਡੀ ਕਾਰਵਾਈ ਕਰਦਿਆਂ ਟੈਲੀਗ੍ਰਾਮ ਦੇ 3,100 ਤੋਂ ਵੱਧ ਚੈਨਲਾਂ ਨੂੰ ਬਲਾਕ ਕਰਨ ਦਾ ਹੁਕਮ ਦਿੱਤਾ ਹੈ। ਅੱਜ ਸੋਸ਼ਲ ਮੀਡੀਆ ਦੀ ਅਣਨਿਯੰਤਰਿਤ ਦੁਨੀਆ ਅਤੇ ਸਮਾਜਿਕ ਸੰਕਟਮਈ ਸਥਿਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਡਿਜ਼ੀਟਲ ਯੁੱਗ ਵਿੱਚ ਦੁਨੀਆ ਇੱਕ ਛੋਟੇ ਪਿੰਡ ਵਿੱਚ ਬਦਲ ਗਈ ਹੈ। ਜਾਣਕਾਰੀ ਦੀ ਰਫ਼ਤਾਰ ਐਨੀ ਤੇਜ਼ ਹੋ ਚੁੱਕੀ ਹੈ ਕਿ ਇੱਕ ਘਟਨਾ ਕੁਝ ਸਕਿੰਟਾਂ ਵਿੱਚ ਹੀ ਕਰੋੜਾਂ ਲੋਕਾਂ ਤੱਕ ਪਹੁੰਚ ਜਾਂਦੀ ਹੈ। ਪਰ ਇਸ ਤਕਨਾਲੋਜੀਕ ਤਰੱਕੀ ਦੇ ਨਾਲ ਇੱਕ ਗੰਭੀਰ ਸੰਕਟ ਵੀ ਉਭਰ ਕੇ ਸਾਹਮਣੇ ਆਇਆ ਹੈ—ਸੋਸ਼ਲ ਮੀਡੀਆ ਦੀ ਬੇਕਾਬੂ ਦੁਨੀਆ। ਹਾਲ ਹੀ ਵਿੱਚ ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਔਨਲਾਈਨ ਪਾਇਰੇਸੀ ਦੇ ਖਿਲਾਫ ਵੱਡੀ ਕਾਰਵਾਈ ਕਰਦਿਆਂ ਟੈਲੀਗ੍ਰਾਮ ਦੇ 3,100 ਤੋਂ ਵੱਧ ਚੈਨਲਾਂ ਨੂੰ ਬਲਾਕ ਕਰਨ ਦਾ ਹੁਕਮ ਦਿੱਤਾ ਹੈ। 11 ਮਾਰਚ 2026 ਦੇ ਜਾਰੀ ਕੀਤੇ ਗਏ ਸਰਕਾਰੀ ਆਦੇਸ਼ ਅਨੁਸਾਰ, ਕੁੱਲ 3,142 ਟੈਲੀਗ੍ਰਾਮ ਚੈਨਲਾਂ ਦੀ ਪਛਾਣ ਕੀਤੀ ਗਈ ਹੈ ਜੋ ਗੈਰ-ਕਾਨੂੰਨੀ ਤਰੀਕੇ ਨਾਲ ਫਿਲਮਾਂ, ਵੈੱਬ ਸੀਰੀਜ਼ ਅਤੇ 'ਸਮੱਗਰੀ ਸਾਂਝੀ ਕਰ ਰਹੇ ਸਨ। ਸਰਕਾਰ ਨੇ ਮੈਸੇਜਿੰਗ ਪਲੇਟਫਾਰਮ ਨੂੰ ਨੋਟਿਸ ਮਿਲਣ ਤੋਂ ਤਿੰਨ ਘੰਟਿਆਂ ਦੇ ਅੰਦਰ ਇਹਨਾਂ ਚੈਨਲਾਂ ਨੂੰ ਹਟਾਉਣ ਜਾਂ ਬਲਾਕ ਕਰਨ ਦੇ ਨਿਰਦੇਸ਼ ਦਿੱਤੇ ਹਨ।

ਇਹ ਕਾਰਵਾਈ ਕਾਪੀਰਾਈਟ ਐਕਟ 1957, ਸੂਚਨਾ ਤਕਨਾਲੋਜੀ ਐਕਟ 2000 ਅਤੇ ਵਿਚੋਲਗੀ ਦਿਸ਼ਾ-ਨਿਰਦੇਸ਼ਾਂ ਦੇ ਤਹਿਤ ਕੀਤੀ ਗਈ ਹੈ। ਪਰ ਇਹ ਸਿਰਫ਼ ਇੱਕ ਕਾਨੂੰਨੀ ਕਾਰਵਾਈ ਨਹੀਂ, ਸਗੋਂ ਇੱਕ ਵੱਡੇ ਸਮਾਜਿਕ ਅਤੇ ਸੱਭਿਆਚਾਰਕ ਸੰਕਟ ਦਾ ਸੰਕੇਤ ਵੀ ਹੈ।

ਅੱਜ ਇਹ ਸਵਾਲ ਉੱਠਦਾ ਹੈ ਕਿ ਕੀ ਸਿਰਫ਼ ਚੈਨਲਾਂ ਨੂੰ ਬਲਾਕ ਕਰਨ ਨਾਲ ਸਮੱਸਿਆ ਹੱਲ ਹੋ ਜਾਵੇਗੀ? ਜਾਂ ਇਹ ਸਮੱਸਿਆ ਸੋਸ਼ਲ ਮੀਡੀਆ ਦੀ ਵਧਦੀ ਹੋਈ ਅਣਨਿਯੰਤਰਿਤ ਸੰਸਕ੍ਰਿਤੀ ਦਾ ਹਿੱਸਾ ਹੈ ਜਿਸ ਨੇ ਸਮਾਜ ਦੇ ਮੁੱਲਾਂ ਅਤੇ ਨੌਜਵਾਨਾਂ ਦੀ ਸੋਚ ਨੂੰ ਗੰਭੀਰ ਤੌਰ 'ਤੇ ਪ੍ਰਭਾਵਿਤ ਕਰਨਾ ਸ਼ੁਰੂ ਕਰ ਦਿੱਤਾ ਹੈ?

**ਅੱਜ ਡਿਜ਼ੀਟਲ ਤਰੱਕੀ ਜਾਂ ਡਿਜ਼ੀਟਲ ਅਨਾਰਕੀ ਹੈ ?**

ਇੰਟਰਨੈੱਟ ਦੀ ਸ਼ੁਰੂਆਤ ਇੱਕ ਆਜ਼ਾਦ ਜਾਣਕਾਰੀ ਪ੍ਰਣਾਲੀ ਵਜੋਂ ਹੋਈ ਸੀ। ਇਸ ਦਾ ਮਕਸਦ ਸੀ ਗਿਆਨ ਦੀ ਸਾਂਝ, ਸਿੱਖਿਆ ਅਤੇ ਸੰਚਾਰ ਨੂੰ ਆਸਾਨ ਬਣਾਉਣਾ। ਪਰ ਪਿਛਲੇ ਇੱਕ ਦਹਾਕੇ ਵਿੱਚ ਇਹ ਮਾਧਿਅਮ ਇੱਕ ਵੱਡੇ ਵਪਾਰਕ ਅਤੇ ਮਨੋਵਿਗਿਆਨਕ ਖੇਡ ਵਿੱਚ ਤਬਦੀਲ ਹੋ ਗਿਆ ਹੈ।

ਭਾਰਤ ਵਿੱਚ ਇੰਟਰਨੈੱਟ ਉਪਭੋਗਤਾਵਾਂ ਦੀ ਗਿਣਤੀ ਹੁਣ ਲਗਭਗ 85 ਕਰੋੜ ਤੋਂ ਵੱਧ ਹੋ ਚੁੱਕੀ ਹੈ। ਸੋਸ਼ਲ ਮੀਡੀਆ ਵਰਤਣ ਵਾਲਿਆਂ ਦੀ ਗਿਣਤੀ ਵੀ 60 ਕਰੋੜ ਤੋਂ ਉੱਪਰ ਪਹੁੰਚ ਗਈ ਹੈ। ਇਹਨਾਂ ਵਿੱਚੋਂ ਸਭ ਤੋਂ ਵੱਡਾ ਹਿੱਸਾ 18 ਤੋਂ 30 ਸਾਲ ਦੀ ਉਮਰ ਦੇ ਨੌਜਵਾਨਾਂ ਦਾ ਹੈ।

ਇਹ ਉਹ ਪੀੜ੍ਹੀ ਹੈ ਜੋ ਆਪਣੀ ਸੋਚ, ਆਪਣੀ ਪਹਿਚਾਣ ਅਤੇ ਆਪਣੀ ਰਾਜਨੀਤਕ ਸਮਝ ਦਾ ਵੱਡਾ ਹਿੱਸਾ ਸੋਸ਼ਲ ਮੀਡੀਆ ਤੋਂ ਹੀ ਬਣਾਉਂਦੀ ਹੈ ਪਰ ਮੁਸੀਬਤ ਇਹ ਹੈ ਕਿ ਇਹ ਪਲੇਟਫਾਰਮ ਹੁਣ ਜਾਣਕਾਰੀ ਦੇ ਸਰੋਤ ਘੱਟ ਅਤੇ ਮਨੋਰੰਜਨ, ਗਲਤ ਜਾਣਕਾਰੀ ਅਤੇ ਨਫ਼ਰਤ ਦੀ ਰਾਜਨੀਤੀ ਦੇ ਮੰਚ ਵੱਧ ਬਣ ਗਏ ਹਨ।




ਅੱਜ ਪਾਇਰੇਸੀ ਸਿਰਫ਼ ਚੋਰੀ ਨਹੀਂ, ਇੱਕ ਵੱਡਾ ਅਰਥਕ ਅਪਰਾਧ ਟੈਲੀਗ੍ਰਾਮ ਚੈਨਲਾਂ ਦੇ ਬਲਾਕ ਹੋਣ ਦਾ ਮਾਮਲਾ ਸਿਰਫ਼ ਕਾਪੀਰਾਈਟ ਦੀ ਉਲੰਘਣਾ ਤੱਕ ਸੀਮਿਤ ਨਹੀਂ ਹੈ। ਇਹ ਪੂਰੇ ਰਚਨਾਤਮਕ ਉਦਯੋਗ ਲਈ ਇੱਕ ਵੱਡਾ ਖਤਰਾ ਹੈ। ਅੱਜ ਭਾਰਤ ਦੀ ਫਿਲਮ ਅਤੇ ਮਨੋਰੰਜਨ ਉਦਯੋਗ ਦੀ ਕੀਮਤ ਲਗਭਗ 2 ਲੱਖ ਕਰੋੜ ਰੁਪਏ ਦੇ ਆਸਪਾਸ ਮੰਨੀ ਜਾਂਦੀ ਹੈ। ਪਰ ਹਰ ਸਾਲ ਪਾਇਰੇਸੀ ਕਾਰਨ ਇਸ ਉਦਯੋਗ ਨੂੰ ਹਜ਼ਾਰਾਂ ਕਰੋੜ ਰੁਪਏ ਦਾ ਨੁਕਸਾਨ ਹੁੰਦਾ ਹੈ।

ਅੱਜ ਫਿਲਮ ਰਿਲੀਜ਼ ਹੋਣ ਤੋਂ ਕੁਝ ਘੰਟਿਆਂ ਦੇ ਅੰਦਰ ਹੀ ਉਹ ਗੈਰ-ਕਾਨੂੰਨੀ ਵੈੱਬਸਾਈਟਾਂ ਜਾਂ ਟੈਲੀਗ੍ਰਾਮ ਚੈਨਲਾਂ 'ਤੇ ਉਪਲਬਧ ਹੋ ਜਾਂਦੀ ਹੈ। ਇਸ ਨਾਲ ਸਿਰਫ਼ ਫਿਲਮ ਨਿਰਮਾਤਾਵਾਂ ਨੂੰ ਹੀ ਨਹੀਂ, ਸਗੋਂ ਲੱਖਾਂ ਲੋਕਾਂ ਨੂੰ ਨੁਕਸਾਨ ਹੁੰਦਾ ਹੈ ਜੋ ਇਸ ਉਦਯੋਗ ਨਾਲ ਜੁੜੇ ਹੋਏ ਹਨ—ਲੇਖਕ, ਤਕਨੀਕੀ ਮਾਹਰ, ਕਲਾਕਾਰ ਅਤੇ ਹਜ਼ਾਰਾਂ ਮਜ਼ਦੂਰ।

ਸੋਸ਼ਲ ਮੀਡੀਆ ਦੀ ਅਲਗੋਰਿਥਮਿਕ ਦੁਨੀਆ ਅਤੇ ਸੋਸ਼ਲ ਮੀਡੀਆ ਦਾ ਸਭ ਤੋਂ ਵੱਡਾ ਖਤਰਾ ਉਸ ਦੀ ਅਲਗੋਰਿਥਮਿਕ ਸੰਰਚਨਾ ਹੈ। ਇਹ ਪਲੇਟਫਾਰਮ ਉਹ ਸਮੱਗਰੀ ਵਧਾਉਂਦੇ ਹਨ ਜੋ ਲੋਕਾਂ ਨੂੰ ਜ਼ਿਆਦਾ ਸਮੇਂ ਤੱਕ ਸਕ੍ਰੀਨ ਨਾਲ ਜੁੜਿਆ ਰੱਖੇ।

ਹੁਣ ਇਸ ਦਾ ਮਤਲਬ ਹੈ ਕਿ ਤਰਕਸੰਗਤ ਜਾਣਕਾਰੀ ਨਾਲੋਂ ਵਧੇਰੇ ਉਹ ਸਮੱਗਰੀ ਵਾਇਰਲ ਹੁੰਦੀ ਹੈ ਜੋ ਉਤੇਜਕ ਹੋਵੇ, ਵਿਵਾਦਪੂਰਨ ਹੋਵੇ ਅਤੇ ਡਰ ਜਾਂ ਨਫ਼ਰਤ ਪੈਦਾ ਕਰਦੀ ਹੋਵੇ। ਇਸ ਕਾਰਨ ਸੋਸ਼ਲ ਮੀਡੀਆ ਹੌਲੀ ਹੌਲੀ ਇੱਕ ਮਨੋਵਿਗਿਆਨਕ ਜੰਗ ਦਾ ਮੈਦਾਨ ਬਣਦਾ ਜਾ ਰਿਹਾ ਹੈ।

ਅੱਜ ਰੀਲ ਸੰਸਕ੍ਰਿਤੀ ਅਤੇ ਨੌਜਵਾਨਾਂ ਦੀ ਮਨੋਵਿਗਿਆਨਕ ਦੁਨੀਆ ਵਿੱਚ ਅੱਜ ਦਾ ਨੌਜਵਾਨ ਕਿਤਾਬਾਂ ਨਾਲ ਘੱਟ ਅਤੇ ਮੋਬਾਈਲ ਸਕ੍ਰੀਨ ਨਾਲ ਵੱਧ ਜੁੜਿਆ ਹੋਇਆ ਹੈ। ਇੱਕ ਔਸਤ ਭਾਰਤੀ ਨੌਜਵਾਨ ਹਰ ਰੋਜ਼ ਲਗਭਗ 4 ਤੋਂ 6 ਘੰਟੇ ਸੋਸ਼ਲ ਮੀਡੀਆ 'ਤੇ ਬਿਤਾਉਂਦਾ ਹੈ ਅਤੇ ਰੀਲਾਂ ਅਤੇ ਛੋਟੇ ਵੀਡੀਓਜ਼ ਨੇ ਧਿਆਨ ਦੀ ਸਮਰੱਥਾ ਨੂੰ ਬਹੁਤ ਘਟਾ ਦਿੱਤਾ ਹੈ।

ਅੱਜ ਮਨੋਵਿਗਿਆਨਕ ਅਧਿਐਨਾਂ ਦੇ ਅਨੁਸਾਰ ਛੋਟੇ ਵੀਡੀਓਜ਼ ਦੀ ਲਤ ਨਾਲ ਧਿਆਨ ਦੀ ਸਮਰੱਥਾ ਘਟਦੀ ਹੈ ਅਤੇ ਡਿਪ੍ਰੈਸ਼ਨ ਅਤੇ ਚਿੰਤਾ ਦੇ ਮਾਮਲੇ ਵਧਦੇ ਹਨ ਅਤੇ ਸਮਾਜਿਕ ਸੰਬੰਧ ਕਮਜ਼ੋਰ ਹੋ ਜਾਂਦੇ ਹਨ। ਨੌਜਵਾਨ ਹਕੀਕਤ ਨਾਲੋਂ ਵਧੇਰੇ ਇੱਕ ਡਿਜ਼ੀਟਲ ਭਰਮ ਵਿੱਚ ਜੀਣ ਲੱਗਦੇ ਹਨ।

ਅੱਜ ਇਹ ਨਫ਼ਰਤ ਦਾ ਕਾਰੋਬਾਰ ਸੋਸ਼ਲ ਮੀਡੀਆ ਦਾ ਇੱਕ ਹੋਰ ਖਤਰਨਾਕ ਰੂਪ ਹੈ ਨਫ਼ਰਤ ਦੀ ਰਾਜਨੀਤੀ। ਅੱਜ ਟ੍ਰੋਲ ਫੌਜਾਂ, ਫੇਕ ਨਿਊਜ਼ ਅਤੇ ਪ੍ਰਚਾਰਕ ਮੁਹਿੰਮਾਂ ਨੇ ਡਿਜ਼ੀਟਲ ਮੰਚਾਂ ਨੂੰ ਇੱਕ ਜੰਗੀ ਮੈਦਾਨ ਵਿੱਚ ਬਦਲ ਦਿੱਤਾ ਹੈ। ਧਰਮ, ਜਾਤ ਅਤੇ ਰਾਜਨੀਤੀ ਦੇ ਨਾਮ 'ਤੇ ਲੋਕਾਂ ਨੂੰ ਵੰਡਣ ਵਾਲੀ ਸਮੱਗਰੀ ਬੇਹੱਦ ਤੇਜ਼ੀ ਨਾਲ ਫੈਲਦੀ ਹੈ। ਇਸ ਦਾ ਸਭ ਤੋਂ ਵੱਡਾ ਪ੍ਰਭਾਵ ਨੌਜਵਾਨਾਂ ਦੀ ਸੋਚ 'ਤੇ ਪੈਂਦਾ ਹੈ।

ਅੱਜ ਪਾਬੰਦੀ ਦਾ ਸਵਾਲ ਸਰਕਾਰ ਵੱਲੋਂ ਟੈਲੀਗ੍ਰਾਮ ਚੈਨਲਾਂ 'ਤੇ ਕੀਤੀ ਕਾਰਵਾਈ ਇੱਕ ਜ਼ਰੂਰੀ ਕਦਮ ਹੋ ਸਕਦੀ ਹੈ ਪਰ ਇਹ ਵੀ ਸੱਚ ਹੈ ਕਿ ਸਿਰਫ਼ ਪਾਬੰਦੀਆਂ ਨਾਲ ਸਮੱਸਿਆ ਦਾ ਹੱਲ ਨਹੀਂ ਨਿਕਲਦਾ। ਅੱਜ ਡਿਜ਼ੀਟਲ ਦੁਨੀਆ ਦੀ ਸਮੱਸਿਆ ਸਿਰਫ਼ ਕਾਨੂੰਨੀ ਨਹੀਂ, ਸੱਭਿਆਚਾਰਕ ਅਤੇ ਸਿੱਖਿਆਕ ਵੀ ਹੈ।ਜਦ ਤੱਕ ਲੋਕਾਂ ਵਿੱਚ ਡਿਜ਼ੀਟਲ ਸਾਖਰਤਾ ਨਹੀਂ ਵਧੇਗੀ, ਉਹ ਇਸ ਮਾਧਿਅਮ ਨੂੰ ਸਹੀ ਢੰਗ ਨਾਲ ਵਰਤਣਾ ਨਹੀਂ ਸਿੱਖ ਸਕਣਗੇ। ਹੁਣ ਡਿਜ਼ੀਟਲ ਜ਼ਿੰਮੇਵਾਰੀ ਦੀ ਲੋੜ ਅੱਜ ਸਭ ਤੋਂ ਵੱਡੀ ਲੋੜ ਹੈ ਡਿਜ਼ੀਟਲ ਜ਼ਿੰਮੇਵਾਰੀ ਦੀ ਸੋਸ਼ਲ ਮੀਡੀਆ ਕੰਪਨੀਆਂ ਨੂੰ ਆਪਣੇ ਪਲੇਟਫਾਰਮ ਦੀ ਜ਼ਿੰਮੇਵਾਰੀ ਲੈਣੀ ਪਵੇਗੀ। ਅਤੇ ਸਰਕਾਰਾਂ ਨੂੰ ਨਿਯਮ ਬਣਾਉਣੇ ਪੈਣਗੇ ਅਤੇ ਸਮਾਜ ਨੂੰ ਵੀ ਇਹ ਸਮਝਣਾ ਪਵੇਗਾ ਕਿ ਤਕਨਾਲੋਜੀ ਸਿਰਫ਼ ਇੱਕ ਸਾਧਨ ਹੈ—ਇਹ ਸਾਡੀ ਸੋਚ ਅਤੇ ਸਾਡੀ ਨੈਤਿਕਤਾ 'ਤੇ ਨਿਰਭਰ ਕਰਦਾ ਹੈ ਕਿ ਅਸੀਂ ਇਸ ਦਾ ਕਿਵੇਂ ਇਸਤੇਮਾਲ ਕਰਦੇ ਹਾਂ।

ਹੁਣ ਟੈਲੀਗ੍ਰਾਮ ਦੇ 3,142 ਚੈਨਲ ਬਲਾਕ ਹੋ ਜਾਣ ਨਾਲ ਇੱਕ ਸੰਦੇਸ਼ ਤਾਂ ਜ਼ਰੂਰ ਗਿਆ ਹੈ ਕਿ ਡਿਜ਼ੀਟਲ ਅਨਰਕੀ ਨੂੰ ਬੇਅੰਤ ਆਜ਼ਾਦੀ ਨਹੀਂ ਦਿੱਤੀ ਜਾ ਸਕਦੀ ਪਰ ਇਸ ਤੋਂ ਵੀ ਵੱਡਾ ਸਵਾਲ ਇਹ ਹੈ ਕਿ ਕੀ ਅਸੀਂ ਇੱਕ ਐਸਾ ਸਮਾਜ ਬਣਾਉਂਦੇ ਜਾ ਰਹੇ ਹਾਂ ਜੋ ਹਕੀਕਤ ਨਾਲੋਂ ਵਧੇਰੇ ਵਰਚੁਅਲ ਦੁਨੀਆ ਵਿੱਚ ਜੀ ਰਿਹਾ ਹੈ?

ਅੱਜ ਜੇਕਰ ਨੌਜਵਾਨਾਂ ਦੀ ਸੋਚ ਰੀਲਾਂ ਅਤੇ ਵਾਇਰਲ ਵੀਡੀਓਜ਼ ਨਾਲ ਹੀ ਬਣਦੀ ਰਹੀ, ਤਾਂ ਆਉਣ ਵਾਲੀਆਂ ਪੀੜ੍ਹੀਆਂ ਦਾ ਬੌਧਿਕ ਅਤੇ ਸੱਭਿਆਚਾਰਕ ਭਵਿੱਖ ਕਿਹੋ ਜਿਹਾ ਹੋਵੇਗਾ? ਇਹ ਸਿਰਫ਼ ਸਰਕਾਰਾਂ ਜਾਂ ਕੰਪਨੀਆਂ ਲਈ ਨਹੀਂ, ਸਗੋਂ ਪੂਰੇ ਸਮਾਜ ਲਈ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ ਕਿਉਂਕਿ ਤਕਨਾਲੋਜੀ ਦੀ ਲੜਾਈ ਅਸਲ ਵਿੱਚ ਮਨੁੱਖੀ ਚੇਤਨਾ ਦੀ ਲੜਾਈ ਹੈ—ਅਤੇ ਇਹ ਲੜਾਈ ਸਿਰਫ਼ ਕਾਨੂੰਨਾਂ ਨਾਲ ਨਹੀਂ, ਸੂਝਬੂਝ ਅਤੇ ਜ਼ਿੰਮੇਵਾਰੀ ਨਾਲ ਜਿੱਤੀ ਜਾ ਸਕਦੀ ਹੈ।

# ਪੰਜਾਬ ਦੀ ਕਿਸਾਨੀ, ਕਣਕ ਦੀ ਖੇਤੀ 'ਤੇ ਜਲਵਾਯੂ ਤਬਦੀਲੀ ਦਾ ਪਰਛਾਵਾਂ



ਵਿੰਕਲਜੀਤ ਸਿੰਘ ਸਰਾ
9501477889

**ਪੰਜਾਬ ਦੀ ਖੇਤੀਬਾੜੀ ਵਿਰਾਸਤ ਅਤੇ ਬਦਲਦੇ ਦੌਰ ਦੀਆਂ ਚੁਣੌਤੀਆਂ** : ਪੰਜਾਬ ਦੀ ਧਰਤੀ ਦਾ ਇਤਿਹਾਸ ਕਿਸਾਨੀ ਦੇ ਮੁੜ੍ਹਕੇ ਅਤੇ ਦੇਸ਼ ਦੀ ਖ਼ੁਰਾਕੀ ਆਜ਼ਾਦੀ ਨਾਲ ਜੁੜਿਆ ਹੋਇਆ ਹੈ। 'ਹਰੀ ਕ੍ਰਾਂਤੀ' ਦੇ ਦੌਰ ਤੋਂ ਲੈ ਕੇ ਅੱਜ ਤੱਕ ਪੰਜਾਬ ਨੇ ਭਾਰਤ ਦੇ ਅੰਨ ਭੰਡਾਰਾਂ ਨੂੰ ਭਰਨ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ। ਪਰ ਅੱਜ ਦਾ ਦੌਰ ਪਹਿਲਾਂ ਵਰਗਾ ਨਹੀਂ ਰਿਹਾ। ਜਲਵਾਯੂ ਪਰਿਵਰਤਨ (Climate Change) ਹੁਣ ਸਿਰਫ਼ ਇੱਕ ਵਿਗਿਆਨਕ ਚਰਚਾ ਨਹੀਂ ਸਗੋਂ ਪੰਜਾਬ ਦੇ ਖੇਤਾਂ ਵਿੱਚ ਇੱਕ ਕੜਵੀ ਸੱਚਾਈ ਬਣ ਕੇ ਵਿਚਰ ਰਿਹਾ ਹੈ। ਅਚਾਨਕ ਵੱਧ ਰਹੀ ਗਰਮੀ, ਬੇਮੌਸਮੀ ਬਰਸਾਤਾਂ ਅਤੇ ਵਿਨਾਸ਼ਕਾਰੀ ਹੜ੍ਹਾਂ ਨੇ ਪੰਜਾਬ ਦੇ ਅੰਨਦਾਤੇ ਨੂੰ ਇੱਕ ਅਜਿਹੇ ਮੋੜ 'ਤੇ ਲਿਆ ਖੜ੍ਹਾ ਕੀਤਾ ਹੈ, ਜਿੱਥੇ ਉਸ ਦੀ ਹੋਂਦ ਨੂੰ ਖ਼ਤਰਾ ਪੈਦਾ ਹੋ ਗਿਆ ਹੈ। ਇਹ ਲੇਖ ਕਿਸੇ ਸ਼ਿਕਾਇਤ ਵਜੋਂ ਨਹੀਂ ਸਗੋਂ ਉਸ ਦਰਦ ਦੀ ਪੇਸ਼ਕਾਰੀ ਹੈ ਜੋ ਪੰਜਾਬ ਦਾ ਕਿਸਾਨ ਪਿਛਲੇ ਕਈ ਸਾਲਾਂ ਤੋਂ ਆਪਣੇ ਪਿੰਡੇ 'ਤੇ ਹੰਢਾ ਰਿਹਾ ਹੈ। ਸਾਡੀਆਂ ਸੂਬਾ ਅਤੇ ਕੇਂਦਰ ਸਰਕਾਰਾਂ ਨੂੰ ਇਹ ਨਿਮਰ ਅਪੀਲ ਹੈ ਕਿ ਉਹ ਇਸ ਸੰਕਟ ਨੂੰ ਇੱਕ ਮਾਨਵਤਾਵਾਦੀ ਨਜ਼ਰੀਏ ਨਾਲ ਦੇਖਣ ਅਤੇ ਕਿਸਾਨ ਦੀ ਡਿੱਗ ਰਹੀ ਆਰਥਿਕਤਾ ਨੂੰ ਸੰਭਾਲਣ ਲਈ ਹਮਦਰਦੀ ਭਰਿਆ ਹੱਥ ਵਧਾਉਣ।

**2022 ਦੀ 'ਟਰਮੀਨਲ ਹੀਟ', ਜਦੋਂ ਪੱਕੀ ਫਸਲ 'ਤੇ ਕਹਿਰ ਢਾਹਿਆ** : ਸਾਲ 2022 ਪੰਜਾਬ ਦੇ ਖੇਤੀਬਾੜੀ ਇਤਿਹਾਸ ਵਿੱਚ ਇੱਕ ਮੀਲ ਪੱਥਰ ਵਾਂਗ ਹੈ ਪਰ ਇੱਕ ਨਕਾਰਾਤਮਕ ਅਰਥ ਵਿੱਚ। ਉਸ ਸਾਲ ਮਾਰਚ ਮਹੀਨੇ ਵਿੱਚ ਤਾਪਮਾਨ ਵਿੱਚ ਹੋਇਆ ਅਚਾਨਕ ਉਛਾਲ ਕਿਸਾਨਾਂ ਲਈ ਇੱਕ ਵੱਡੀ ਤਰਾਸਦੀ ਸਾਬਤ ਹੋਇਆ। ਜਦੋਂ ਕਣਕ ਦੀ ਫਸਲ ਆਪਣੇ ਪੱਕਣ ਦੇ ਆਖਰੀ ਪੜਾਅ 'ਤੇ ਸੀ ਅਤੇ ਦਾਣਿਆਂ ਵਿੱਚ ਦੁੱਧ ਭਰ ਰਿਹਾ ਸੀ ਤਾਂ ਪਈ ਤੀਬਰ ਗਰਮੀ (Heatwave) ਨੇ ਪੌਦਿਆਂ ਨੂੰ ਸਮੇਂ ਤੋਂ ਪਹਿਲਾਂ ਸੁਕਾ ਦਿੱਤਾ। ਇਸ ਦਾ ਸਿੱਧਾ ਅਸਰ ਝਾੜ 'ਤੇ ਪਿਆ ਅਤੇ ਕਈ ਇਲਾਕਿਆਂ ਵਿੱਚ ਕਣਕ ਦੀ ਪੈਦਾਵਾਰ 15% ਤੋਂ 25% ਤੱਕ ਘੱਟ ਗਈ। ਵਿਗਿਆਨਕ ਪੱਖੋਂ ਇਸ ਨੂੰ 'ਸ਼ਰੀਵਲਿੰਗ' ਕਿਹਾ ਗਿਆ, ਜਿੱਥੇ ਦਾਣਾ ਛੋਟਾ ਅਤੇ ਹਲਕਾ ਰਹਿ ਗਿਆ। ਕਿਸਾਨ ਜਿਸ ਨੇ ਮਹਿੰਗੇ ਡੀਜ਼ਲ ਅਤੇ ਖਾਦਾਂ ਰਾਹੀਂ ਫਸਲ ਪਾਲੀ ਸੀ, ਉਹ ਆਪਣੀ ਲਾਗਤ ਵੀ ਪੂਰੀ ਨਾ ਕਰ ਸਕਿਆ। ਇਸ ਘਟਨਾ ਨੇ ਇਹ ਸਪੱਸ਼ਟ ਕਰ ਦਿੱਤਾ ਕਿ ਜਲਵਾਯੂ ਤਬਦੀਲੀ ਹੁਣ ਸਾਡੇ ਅੰਨ ਭੰਡਾਰਾਂ ਲਈ ਸਭ ਤੋਂ ਵੱਡਾ ਖ਼ਤਰਾ ਬਣ ਚੁੱਕੀ ਹੈ।

**ਵਿਨਾਸ਼ਕਾਰੀ ਹੜ੍ਹ, ਜਦੋਂ ਪੰਜਾਬ ਦੇ ਖੇਤ ਜਲ-ਪਰਲੋ ਦੀ ਭੇਟ ਚੜ੍ਹੇ** : ਸਾਲ 2025 ਨੇ ਪੰਜਾਬ ਦੀ ਕਿਸਾਨੀ ਨੂੰ ਉਹ ਜ਼ਖ਼ਮ ਦਿੱਤੇ ਜੋ ਸ਼ਾਇਦ ਦਹਾਕਿਆਂ ਤੱਕ ਨਹੀਂ ਭਰਨਗੇ। ਜੁਲਾਈ ਅਤੇ ਅਗਸਤ ਮਹੀਨੇ ਵਿੱਚ ਹੋਈ ਰਿਕਾਰਡਤੋੜ ਬਾਰਿਸ਼ ਨੇ ਸਤਲੁਜ, ਬਿਆਸ ਅਤੇ ਘੱਗਰ ਦਰਿਆਵਾਂ ਵਿੱਚ ਹੜ੍ਹਾਂ ਦੀ ਸਥਿਤੀ ਪੈਦਾ ਕਰ ਦਿੱਤੀ। ਪੰਜਾਬ ਦਾ ਲਗਭਗ 40% ਹਿੱਸਾ ਪਾਣੀ ਦੀ ਲਪੇਟ ਵਿੱਚ ਆ ਗਿਆ ਅਤੇ 12 ਲੱਖ ਏਕੜ ਤੋਂ ਵੱਧ ਵਾਹੀਯੋਗ ਜ਼ਮੀਨ ਜਲ-ਥਲ ਹੋ ਗਈ। ਫਿਰੋਜ਼ਪੁਰ, ਤਰਨ ਤਾਰਨ ਅਤੇ ਫਾਜ਼ਿਲਕਾ ਵਰਗੇ ਸਰਹੱਦੀ ਜ਼ਿਲ੍ਹਿਆਂ ਵਿੱਚ ਤਾਂ ਤਬਾਹੀ ਦਾ ਮੰਜ਼ਰ ਅਜਿਹਾ ਸੀ ਕਿ ਪੂਰੇ ਦੇ ਪੂਰੇ ਪਿੰਡ ਖੇਤਾਂ ਸਮੇਤ ਡੁੱਬ ਗਏ। ਜਦੋਂ ਹਫ਼ਤਿਆਂ ਬਾਅਦ ਪਾਣੀ ਉਤਰਿਆ ਤਾਂ ਖੇਤਾਂ ਵਿੱਚ ਫਸਲ ਦੀ ਥਾਂ ਪਹਾੜਾਂ ਤੋਂ ਵਹਿ ਕੇ ਆਈ ਮੋਟੀ ਰੇਤ (Silt) ਜਮ੍ਹਾਂ ਹੋ ਚੁੱਕੀ ਸੀ। ਇਸ ਰੇਤ ਨੂੰ ਹਟਾਉਣ ਅਤੇ ਜ਼ਮੀਨ ਨੂੰ ਦੁਬਾਰਾ ਉਪਜਾਊ ਬਣਾਉਣ ਲਈ ਜੋ ਖ਼ਰਚਾ ਕਿਸਾਨ ਸਿਰ ਆਣ ਪਿਆ ਹੈ, ਉਸ ਨੇ ਉਸ ਨੂੰ ਮਾਨਸਿਕ ਅਤੇ ਆਰਥਿਕ ਤੌਰ 'ਤੇ ਤੋੜ ਕੇ ਰੱਖ ਦਿੱਤਾ ਹੈ। ਅੰਦਾਜ਼ਨ 15,000 ਕਰੋੜ ਦਾ ਇਹ ਨੁਕਸਾਨ ਪੰਜਾਬ ਦੀ ਜੀ.ਡੀ.ਪੀ. ਲਈ ਇੱਕ ਵੱਡਾ ਝਟਕਾ ਹੈ।

**ਨਵੀਆਂ ਬਿਮਾਰੀਆਂ ਅਤੇ ਕੀੜਿਆਂ ਦਾ ਹਮਲਾ, ਕਿਸਾਨੀ ਲਈ ਇੱਕ ਗੁਪਤ ਜੰਗ** : ਜਲਵਾਯੂ ਪਰਿਵਰਤਨ ਸਿਰਫ਼ ਹੜ੍ਹਾਂ ਜਾਂ ਗਰਮੀ ਤੱਕ ਸੀਮਤ ਨਹੀਂ ਰਿਹਾ, ਇਸ ਨੇ ਖੇਤੀਬਾੜੀ ਦੇ ਵਾਤਾਵਰਣ ਵਿੱਚ ਅਜਿਹੇ ਬਦਲਾਅ ਕੀਤੇ ਹਨ, ਜਿਨ੍ਹਾਂ ਨੇ ਨਵੀਆਂ ਬਿਮਾਰੀਆਂ ਨੂੰ ਜਨਮ ਦਿੱਤਾ ਹੈ। 'ਯੈਲੋ ਰਸਟ' (ਪੀਲੀ ਕੁੰਗੀ) ਹੁਣ ਹਰ ਸਾਲ ਕਣਕ ਦੀ ਫਸਲ 'ਤੇ ਮੰਡਰਾ ਰਿਹਾ ਇੱਕ ਵੱਡਾ ਖ਼ਤਰਾ ਹੈ। ਤਾਪਮਾਨ ਵਿੱਚ ਆ ਰਹੇ ਉਤਾਰ-ਚੜ੍ਹਾਅ ਅਤੇ ਹਵਾ ਵਿੱਚ ਵਧੀ ਨਮੀ ਇਸ ਫੰਗਸ ਨੂੰ ਫੈਲਣ ਲਈ ਆਦਰਸ਼ ਮਾਹੌਲ ਪ੍ਰਦਾਨ ਕਰਦੇ ਹਨ। ਇਸੇ ਤਰ੍ਹਾਂ ਝੋਨੇ ਵਿੱਚ 'ਬੌਣਾ ਰੋਗ' ਅਤੇ ਨਰਮੇ ਦੀ ਪੱਟੀ ਵਿੱਚ 'ਗੁਲਾਬੀ ਸੁੰਡੀ' ਨੇ ਕਿਸਾਨਾਂ ਦੀ ਨੀਂਦ ਉਡਾ ਦਿੱਤੀ ਹੈ। ਮਾਲਵਾ ਖੇਤਰ ਵਿੱਚ ਨਰਮੇ ਦੀ ਫਸਲ ਦੀ ਬਰਬਾਦੀ ਨੇ ਕਿਸਾਨਾਂ ਨੂੰ ਖ਼ੁਦਕੁਸ਼ੀਆਂ ਦੇ ਰਾਹ ਤੋਰ ਦਿੱਤਾ ਹੈ ਕਿਉਂਕਿ ਮਹਿੰਗੇ ਕੀਟਨਾਸ਼ਕ ਵੀ ਹੁਣ ਬੇਅਸਰ ਸਾਬਤ ਹੋ ਰਹੇ ਹਨ। ਇਹ ਬਿਮਾਰੀਆਂ ਕਿਸਾਨ ਦੀ ਲਾਗਤ ਵਿੱਚ ਵਾਧਾ ਕਰਦੀਆਂ ਹਨ ਅਤੇ ਅੰਤ ਵਿੱਚ ਝਾੜ ਨੂੰ ਨੁਕਸਾਨ ਪਹੁੰਚਾ ਕੇ ਉਸ ਨੂੰ ਕੰਗਾਲੀ ਵੱਲ ਧੱਕਦੀਆਂ ਹਨ।

**ਲਾਗਤਾਂ ਦਾ ਭਾਰੀ ਬੋਝ ਅਤੇ ਮੁਆਵਜ਼ਾ, ਇੱਕ ਆਰਥਿਕ ਤਰਾਸਦੀ** : ਸਭ ਤੋਂ ਦੁਖਦਾਈ ਅਤੇ ਸੰਵੇਦਨਸ਼ੀਲ ਪਹਿਲੂ ਕਿਸਾਨ ਦੀ ਫਸਲ 'ਤੇ ਆਉਣ ਵਾਲੀ ਲਾਗਤ ਅਤੇ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਮੁਆਵਜ਼ੇ ਵਿਚਕਾਰਲਾ ਪਾੜਾ ਹੈ। ਅੱਜ ਇੱਕ ਏਕੜ ਫਸਲ ਨੂੰ ਤਿਆਰ ਕਰਨ ਲਈ ਬੀਜ, ਖਾਦਾਂ, ਡੀਜ਼ਲ, ਮਜ਼ਦੂਰੀ ਅਤੇ ਦਵਾਈਆਂ 'ਤੇ ਜੋ ਖ਼ਰਚਾ ਆਉਂਦਾ ਹੈ। ਜਦੋਂ ਕੁਦਰਤੀ ਆਫ਼ਤ ਕਾਰਨ ਇਹ ਫਸਲ ਸੌ ਫੀਸਦੀ ਤਬਾਹ ਹੋ ਜਾਂਦੀ ਹੈ ਤਾਂ ਸਰਕਾਰੀ ਮੁਆਵਜ਼ਾ ਬਹੁਤ ਘੱਟ ਹੁੰਦਾ ਹੈ। ਇਹ ਰਾਸ਼ੀ ਕਿਸਾਨ ਦੇ ਲਾਗਤ ਖ਼ਰਚੇ ਦੇ ਅੱਧੇ ਹਿੱਸੇ ਨੂੰ ਵੀ ਪੂਰਾ ਨਹੀਂ ਕਰਦੀ। ਸਰਕਾਰਾਂ ਨੂੰ ਇਹ ਬੇਨਤੀ ਹੈ ਕਿ ਇਸ 'ਮੁਆਵਜ਼ਾ ਨੀਤੀ' ਨੂੰ ਹਮਦਰਦੀ ਦੇ ਨਜ਼ਰੀਏ ਤੋਂ ਮੁੜ ਉਲੀਕਿਆ ਜਾਵੇ। ਜਦੋਂ ਕਿਸਾਨ ਦੀ ਲਾਗਤ ਹੀ ਪੂਰੀ ਨਹੀਂ ਹੋਵੇਗੀ ਤਾਂ ਉਹ ਅਗਲੀ ਫਸਲ ਲਈ ਬੀਜ ਅਤੇ ਖਾਦ ਕਿੱਥੋਂ ਲਿਆਵੇਗਾ? ਇਹ ਆਰਥਿਕ ਪਾੜਾ ਹੀ ਕਿਸਾਨ ਨੂੰ ਕਰਜ਼ੇ ਦੇ ਉਸ ਦਲਦਲ ਵਿੱਚ ਡੋਬ ਰਿਹਾ ਹੈ, ਜਿੱਥੋਂ ਨਿਕਲਣਾ ਉਸ ਲਈ ਨਾਮੁਮਕਿਨ ਹੁੰਦਾ ਜਾ ਰਿਹਾ ਹੈ।

**ਸਟੇਟ ਅਤੇ ਕੇਂਦਰ ਸਰਕਾਰਾਂ ਸਾਂਝੀ ਜ਼ਿੰਮੇਵਾਰੀ ਦਾ ਵਕਤ** : ਪੰਜਾਬ ਦੀ ਕਿਸਾਨੀ ਅੱਜ ਜਿਸ ਚੌਰਾਹੇ 'ਤੇ ਖੜ੍ਹੀ ਹੈ ਉੱਥੇ ਉਸ ਨੂੰ ਸਿਆਸੀ ਬਿਆਨਬਾਜ਼ੀ ਦੀ ਨਹੀਂ ਸਗੋਂ ਠੋਸ ਸਰਕਾਰੀ ਸਹਾਇਤਾ ਦੀ ਲੋੜ ਹੈ। ਇਹ ਰਾਜ ਅਤੇ ਕੇਂਦਰ ਸਰਕਾਰਾਂ ਦੀ ਸਾਂਝੀ ਨੈਤਿਕ ਜ਼ਿੰਮੇਵਾਰੀ ਹੈ ਕਿ ਉਹ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ। ਪੰਜਾਬ ਨੂੰ 'ਵਿਸ਼ੇਸ਼ ਜਲਵਾਯੂ ਰਾਹਤ ਜ਼ੋਨ' ਵਜੋਂ ਘੋਸ਼ਿਤ ਕਰਕੇ ਕੇਂਦਰੀ ਸਹਾਇਤਾ ਦਿੱਤੀ ਜਾਣੀ ਚਾਹੀਦੀ ਹੈ। ਦਰਿਆਵਾਂ ਦੇ ਬੰਨ੍ਹਾਂ ਨੂੰ ਪੱਕਾ ਕਰਨਾ, ਡਰੇਨੇਜ ਸਿਸਟਮ ਦੀ ਸਫਾਈ ਅਤੇ ਨਹਿਰੀ ਪਾਣੀ ਦੇ ਪ੍ਰਬੰਧ ਨੂੰ ਦਰੁਸਤ ਕਰਨਾ ਹੁਣ ਸਮੇਂ ਦੀ ਮੁੱਖ ਲੋੜ ਹੈ। ਇਸ ਤੋਂ ਇਲਾਵਾ ਫਸਲੀ ਬੀਮਾ ਯੋਜਨਾਵਾਂ ਨੂੰ ਇੰਨਾ ਸਰਲ ਅਤੇ ਕਿਸਾਨ-ਪੱਖੀ ਬਣਾਇਆ ਜਾਵੇ ਕਿ ਨੁਕਸਾਨ ਦੀ ਸੂਰਤ ਵਿੱਚ ਕਿਸਾਨ ਨੂੰ ਬਿਨਾਂ ਕਿਸੇ ਦੇਰੀ ਦੇ ਉਸ ਦੀ ਅਸਲ ਲਾਗਤ ਅਨੁਸਾਰ ਮੁਆਵਜ਼ਾ ਮਿਲੇ। ਜੇਕਰ ਅੱਜ ਅੰਨਦਾਤਾ ਬਚੇਗਾ ਤਾਂ ਹੀ ਦੇਸ਼ ਦੀ ਖ਼ੁਰਾਕੀ ਸੁਰੱਖਿਆ ਸੁਰੱਖਿਅਤ ਰਹੇਗੀ।

**ਕਿਸਾਨ ਦੇ ਸਵੈ-ਮਾਣ ਦੀ ਬਹਾਲੀ ਅਤੇ ਭਵਿੱਖ ਦੀ ਆਸ** : ਅੰਤ ਵਿੱਚ ਇਹ ਕਹਿਣਾ ਬਹੁਤ ਜ਼ਰੂਰੀ ਹੈ ਕਿ ਪੰਜਾਬ ਦਾ ਕਿਸਾਨ ਦੇਸ਼ ਦਾ ਮਾਣ ਹੈ। 2022 ਦੀ ਗਰਮੀ ਤੋਂ ਲੈ ਕੇ 2025 ਦੇ ਹੜ੍ਹਾਂ ਤੱਕ ਉਸ ਨੇ ਹਰ ਮੁਸੀਬਤ ਦਾ ਸਾਹਮਣਾ ਬੜੀ ਦਲੇਰੀ ਨਾਲ ਕੀਤਾ ਹੈ। ਪਰ ਹੁਣ ਉਸ ਦੇ ਸਬਰ ਦਾ ਬੰਨ੍ਹ ਟੁੱਟ ਰਿਹਾ ਹੈ। ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਕਿਸਾਨ ਨੂੰ ਸਿਰਫ਼ ਇੱਕ 'ਵੋਟਰ' ਨਾ ਸਮਝਣ ਸਗੋਂ ਉਸ ਨੂੰ ਇੱਕ 'ਪਰਿਵਾਰਿਕ ਜੀਅ' ਵਾਂਗ ਹਮਦਰਦੀ ਦੇਣ। ਕਿਸਾਨ ਨੂੰ ਉਸ ਦੀ ਮਿਹਨਤ ਦਾ ਜਾਇਜ਼ ਮੁੱਲ ਅਤੇ ਮੁਸੀਬਤ ਵੇਲੇ ਢਾਲ ਚਾਹੀਦੀ ਹੈ। ਜੇਕਰ ਸਾਡੀਆਂ ਸਰਕਾਰਾਂ ਹਮਦਰਦੀ ਅਤੇ ਸੁਹਿਰਦਤਾ ਨਾਲ ਕਿਸਾਨਾਂ ਦੀਆਂ ਇਹਨਾਂ ਮੁਸ਼ਕਲਾਂ ਦਾ ਹੱਲ ਕਰਨਗੀਆਂ ਤਾਂ ਪੰਜਾਬ ਦੇ ਖੇਤ ਇੱਕ ਵਾਰ ਫਿਰ ਦੇਸ਼ ਦਾ ਪੇਟ ਭਰਨ ਲਈ ਹਰੇ-ਭਰੇ ਹੋ ਜਾਣਗੇ। ਕਿਸਾਨ ਦੀ ਖ਼ੁਸ਼ਹਾਲੀ ਵਿੱਚ ਹੀ ਪੰਜਾਬ ਅਤੇ ਭਾਰਤ ਦੀ ਖ਼ੁਸ਼ਹਾਲੀ ਛੁਪੀ ਹੋਈ ਹੈ।



ਕਿਸ਼ਨ ਸੰਮੁਖਦਾਸ ਭਵਾਨੀ, ਗੋਂਡੀਆ

# ਭਾਰਤ ਲਈ, ਮੌਜੂਦਾ ਤੇਲ ਸੰਕਟ, ਊਰਜਾ ਆਯਾਤ 'ਤੇ ਇਸਦੀ ਬਹੁਤ ਜ਼ਿਆਦਾ ਨਿਰਭਰਤਾ ਨਾਲ, ਦੇਸ਼ ਦੀ ਆਰਥਿਕ ਸਥਿਰਤਾ ਅਤੇ ਊਰਜਾ ਸਵੈ-ਨਿਰਭਰਤਾ ਲਈ ਇੱਕ ਮੌਕੇ ਦੀ ਚੇਤਾਵਨੀ ਪੇਸ਼ ਕਰਦਾ ਹੈ

ਗੋਂਡੀਆ - ਵਿਸ਼ਵ ਪੱਧਰ 'ਤੇ, ਪੱਛਮੀ ਏਸ਼ੀਆ ਵਿੱਚ ਵਧਦੇ ਫੌਜੀ ਤਣਾਅ ਨੇ ਇੱਕ ਵਾਰ ਫਿਰ ਵਿਸ਼ਵ ਊਰਜਾ ਬਾਜ਼ਾਰ ਨੂੰ ਅਸਥਿਰ ਕਰ ਦਿੱਤਾ ਹੈ। ਈਰਾਨ, ਇਜ਼ਰਾਈਲ ਅਤੇ ਸੰਯੁਕਤ ਰਾਜ ਅਮਰੀਕਾ ਵਿਚਕਾਰ ਟਕਰਾਅ ਸਿਰਫ਼ ਇੱਕ ਖੇਤਰੀ ਟਕਰਾਅ ਨਹੀਂ ਹੈ; ਇਸਦਾ ਪ੍ਰਭਾਵ ਵਿਸ਼ਵ ਅਰਥਵਿਵਸਥਾ ਅਤੇ ਊਰਜਾ ਸਪਲਾਈ ਲੜੀ 'ਤੇ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਿਹਾ ਹੈ। ਇਹ ਸਥਿਤੀ ਭਾਰਤ ਵਰਗੇ ਊਰਜਾ-ਆਯਾਤ-ਨਿਰਭਰ ਦੇਸ਼ਾਂ ਲਈ ਖਾਸ ਤੌਰ 'ਤੇ ਚੁਣੌਤੀਪੂਰਨ ਹੈ। ਖਾੜੀ ਖੇਤਰ ਵਿੱਚ ਜੰਗ ਨੇ ਦੁਨੀਆ ਦੇ ਸਭ ਤੋਂ ਮਹੱਤਵਪੂਰਨ ਸਮੁੰਦਰੀ ਮਾਰਗਾਂ ਵਿੱਚੋਂ ਇੱਕ, ਹੋਰਮੁਜ਼ ਦੀ ਜਲਡਮਰੂ ਨੂੰ ਵਿਗਾੜ ਦਿੱਤਾ ਹੈ। ਇਹ ਰਸਤਾ ਦੁਨੀਆ ਦੇ ਇੱਕ ਵੱਡੇ ਹਿੱਸੇ ਨੂੰ ਤੇਲ ਅਤੇ ਗੈਸ ਦੀ ਸਪਲਾਈ ਨੂੰ ਯਕੀਨੀ ਬਣਾਉਂਦਾ ਹੈ। ਇਸ ਰਸਤੇ ਵਿੱਚ ਆਈ ਰੁਕਾਵਟ ਨੇ ਭਾਰਤ ਦੇ ਬਾਲਣ ਬਾਜ਼ਾਰ ਨੂੰ ਸਿੱਧਾ ਪ੍ਰਭਾਵਿਤ ਕੀਤਾ ਹੈ। ਫਸੇ ਹੋਏ ਐਲਪੀਜੀ ਟੈਂਕਰ, ਕੱਚੇ ਤੇਲ ਦੀਆਂ ਕੀਮਤਾਂ ਪ੍ਰਤੀ ਬੈਰਲ £100 ਤੋਂ ਵੱਧ ਅਤੇ ਗੈਸ ਸਪਲਾਈ ਵਿੱਚ ਅਨਿਸ਼ਚਿਤਤਾ ਨੇ ਭਾਰਤ ਦੇ ਆਟੋ-ਐਲਪੀਜੀ ਅਤੇ ਉਦਯੋਗਿਕ ਗੈਸ ਬਾਜ਼ਾਰਾਂ 'ਤੇ ਕਾਫ਼ੀ ਦਬਾਅ ਬਣਾਇਆ ਹੈ, ਜਿਸ ਕਾਰਨ ਘਰੇਲੂ ਅਤੇ ਵਪਾਰਕ ਗੈਸ ਸਿਲੰਡਰਾਂ ਦੀਆਂ ਕੀਮਤਾਂ ਵਿੱਚ ਵਾਧਾ ਹੋਇਆ ਹੈ। ਨਵੀਆਂ ਦਰਾਂ ਦੇ ਤਹਿਤ, ਘਰੇਲੂ ਐਲਪੀਜੀ ਸਿਲੰਡਰ 60 ਅਤੇ ਵਪਾਰਕ ਸਿਲੰਡਰ 115 ਮਹਿੰਗੇ ਹੋ ਗਏ ਹਨ। ਸਥਿਤੀ ਇੰਨੀ ਗੰਭੀਰ ਹੋ ਗਈ ਕਿ ਸਰਕਾਰ ਨੂੰ 5 ਮਾਰਚ, 2026 ਨੂੰ ਜ਼ਰੂਰੀ ਵਸਤੂਆਂ ਐਕਟ, 1955 ਲਾਗੂ ਕਰਨਾ ਪਿਆ। ਇਹ ਕਾਨੂੰਨ ਆਮ ਹਾਲਾਤਾਂ ਵਿੱਚ ਬਹੁਤ ਘੱਟ ਲਾਗੂ ਹੁੰਦਾ ਹੈ, ਪਰ ਮੌਜੂਦਾ ਸੰਕਟ ਨੇ ਸਰਕਾਰ ਨੂੰ ਇਸਨੂੰ ਦੁਬਾਰਾ ਸਰਗਰਮ ਕਰਨ ਲਈ ਮਜਬੂਰ ਕੀਤਾ। ਮੈਂ, ਐਡਵੋਕੇਟ ਕਿਸ਼ਨ ਸੰਮੁਖਦਾਸ ਭਵਾਨੀਗੋਂਡੀਆ, ਮਹਾਰਾਸ਼ਟਰ, ਦਾ ਮੰਨਣਾ ਹੈ ਕਿ ਇਹ ਸੰਕਟ ਸਿਰਫ਼ ਊਰਜਾ ਬਾਜ਼ਾਰ ਬਾਰੇ ਨਹੀਂ ਹੈ, ਸਗੋਂ ਰਾਸ਼ਟਰੀ ਆਰਥਿਕ ਸੁਰੱਖਿਆ ਅਤੇ ਆਮ ਨਾਗਰਿਕਾਂ ਦੀਆਂ ਰੋਜ਼ਾਨਾ ਲੋੜਾਂ ਬਾਰੇ ਵੀ ਹੈ। ਭਾਰਤ ਵਿੱਚ ਲੱਖਾਂ ਪਰਿਵਾਰ ਰਸੋਈ ਗੈਸ 'ਤੇ ਨਿਰਭਰ ਕਰਦੇ ਹਨ ਅਤੇ ਉਦਯੋਗਿਕ ਉਤਪਾਦਨ ਵੀ ਸਿੱਧੇ ਤੌਰ 'ਤੇ ਊਰਜਾ ਸਪਲਾਈ ਨਾਲ ਜੁੜਿਆ ਹੋਇਆ ਹੈ। ਇਸ ਸੰਦਰਭ ਵਿੱਚ, ਪੱਛਮੀ ਏਸ਼ੀਆ ਵਿੱਚ ਟਕਰਾਅ ਭਾਰਤ ਦੀਆਂ ਰਸੋਈਆਂ ਅਤੇ ਉਦਯੋਗ ਦੋਵਾਂ ਲਈ ਇੱਕ ਗੰਭੀਰ ਚੁਣੌਤੀ ਪੇਸ਼ ਕਰਦਾ ਹੈ।

ਦੋਸਤੋ, ਜੇਕਰ ਅਸੀਂ ਭਾਰਤ ਦੀ ਊਰਜਾ ਨਿਰਭਰਤਾ 'ਤੇ ਵਿਚਾਰ ਕਰੀਏ: ਇੱਕ ਆਯਾਤ-ਅਧਾਰਤ ਢਾਂਚਾ, ਤਾਂ ਭਾਰਤ ਦੁਨੀਆ ਦੀਆਂ ਸਭ ਤੋਂ ਤੇਜ਼ੀ ਨਾਲ ਵਧ ਰਹੀਆਂ ਅਰਥਵਿਵਸਥਾਵਾਂ ਵਿੱਚੋਂ ਇੱਕ ਹੈ ਅਤੇ ਊਰਜਾ ਦੀ ਮੰਗ ਵੀ ਤੇਜ਼ੀ ਨਾਲ ਵੱਧ ਰਹੀ ਹੈ। ਹਾਲਾਂਕਿ, ਦੇਸ਼ ਦੀ ਸਭ ਤੋਂ ਵੱਡੀ ਚੁਣੌਤੀ ਸੀਮਤ ਘਰੇਲੂ ਤੇਲ ਅਤੇ ਗੈਸ ਉਤਪਾਦਨ ਹੈ। ਭਾਰਤ ਆਪਣੀਆਂ ਕੁੱਲ ਤੇਲ ਜ਼ਰੂਰਤਾਂ ਦਾ ਲਗਭਗ 85 ਪ੍ਰਤੀਸ਼ਤ ਆਯਾਤ ਕਰਦਾ ਹੈ। ਐਲ.ਪੀ.ਜੀ ਦੇ ਨਾਲ ਵੀ ਇਹੀ ਸਥਿਤੀ ਹੈ। ਦੇਸ਼ ਸਾਲਾਨਾ ਲਗਭਗ 31.3 ਮਿਲੀਅਨ ਟਨ ਐਲ.ਪੀ.ਜੀ ਦੀ ਖਪਤ ਕਰਦਾ ਹੈ, ਜਦੋਂ ਕਿ ਘਰੇਲੂ ਉਤਪਾਦਨ ਸਿਰਫ 12.8 ਮਿਲੀਅਨ ਟਨ ਹੈ। ਇਸਦਾ ਮਤਲਬ ਹੈ ਕਿ ਭਾਰਤ ਦੇ ਐਲ.ਪੀ.ਜੀ ਆਯਾਤ ਦਾ ਲਗਭਗ 58% ਐਲ.ਪੀ.ਜੀ 'ਤੇ ਨਿਰਭਰ ਕਰਦਾ ਹੈ। ਇਸ ਆਯਾਤ ਦਾ ਲਗਭਗ 85% ਤੋਂ 90% ਹੋਰਮੁਜ਼ ਜਲਡਮਰੂ ਰਾਹੀਂ ਭਾਰਤ ਤੱਕ ਪਹੁੰਚਦਾ ਹੈ, ਜੋ ਕਿ ਈਰਾਨ ਅਤੇ ਓਮਾਨ ਵਿਚਕਾਰ ਸਮੁੰਦਰੀ ਰਸਤਾ ਹੈ, ਜਿਸਨੂੰ ਖਾੜੀ ਖੇਤਰ ਤੋਂ ਤੇਲ ਅਤੇ ਗੈਸ ਲਈ ਇੱਕ ਪ੍ਰਮੁੱਖ ਰਸਤਾ ਮੰਨਿਆ ਜਾਂਦਾ ਹੈ। ਜਦੋਂ ਇਹ ਰਸਤਾ ਯੁੱਧ ਕਾਰਨ ਵਿਘਨ ਪਿਆ, ਤਾਂ ਐਲ.ਪੀ.ਜੀ ਟੈਂਕਰਾਂ ਦੀ ਆਵਾਜਾਈ ਬੰਦ ਹੋ ਗਈ। ਨਤੀਜੇ ਵਜੋਂ ਭਾਰਤ ਦੀ ਗੈਸ ਸਪਲਾਈ ਦੀ ਸਥਿਤੀ ਅਚਾਨਕ ਅਸਥਿਰ ਹੋ ਗਈ। ਸਰਕਾਰ ਦੇ ਬਫਰ ਸਟਾਕ ਦੇ ਆਧਾਰ 'ਤੇ, ਦੇਸ਼ ਲਗਭਗ 25 ਤੋਂ 30 ਦਿਨਾਂ ਲਈ ਆਪਣੀਆਂ ਐਲਪੀਜੀ ਜ਼ਰੂਰਤਾਂ ਨੂੰ ਪੂਰਾ ਕਰ ਸਕਦਾ ਹੈ, ਪਰ ਜੇਕਰ ਸਪਲਾਈ ਲੰਬੇ ਸਮੇਂ ਤੱਕ ਵਿਘਨ ਪਾਉਂਦੀ ਰਹੀ, ਤਾਂ ਸੰਕਟ ਹੋਰ ਵੀ ਗੰਭੀਰ ਹੋ ਸਕਦਾ ਹੈ। ਦੋਸਤੋ, ਜੇਕਰ ਅਸੀਂ ਕਤਰ




ਦੀ ਐਲਐਨਜੀ ਸਹੂਲਤ 'ਤੇ ਹਮਲੇ ਅਤੇ ਸਪਲਾਈ ਸੰਕਟ 'ਤੇ ਵਿਚਾਰ ਕਰੀਏ, ਤਾਂ ਇੱਕ ਹੋਰ ਘਟਨਾ, ਜਿਸਨੇ ਊਰਜਾ ਸੰਕਟ ਨੂੰ ਹੋਰ ਵਧਾ ਦਿੱਤਾ, ਉਹ ਸੀ ਕਤਰ ਦੀ ਐਲਐਨਜੀ ਸਹੂਲਤ 'ਤੇ ਡਰੋਨ ਅਤੇ ਮਿਜ਼ਾਈਲ ਹਮਲੇ। ਕਤਰ ਦੁਨੀਆ ਦੇ ਪ੍ਰਮੁੱਖ ਗੈਸ ਨਿਰਯਾਤਕ ਦੇਸ਼ਾਂ ਵਿੱਚੋਂ ਇੱਕ ਹੈ ਅਤੇ ਭਾਰਤ ਲਈ ਐਲਐਨਜੀ ਦਾ ਇੱਕ ਮਹੱਤਵਪੂਰਨ ਸਰੋਤ ਹੈ। ਇਸ ਹਮਲੇ ਨੇ ਕਤਰ ਦੀ ਐਲਐਨਜੀ ਸਹੂਲਤ ਨੂੰ ਕਾਫ਼ੀ ਨੁਕਸਾਨ ਪਹੁੰਚਾਇਆ, ਜਿਸ ਕਾਰਨ ਭਾਰਤੀ ਕੰਪਨੀ ਪੈਟਰੋਨੇਟ ਐਲਐਨਜੀ ਨੇ ਕਤਰ ਤੋਂ ਗੈਸ ਸਪਲਾਈ 'ਤੇ ਜ਼ਬਰਦਸਤੀ ਘਟਨਾ ਦਾ ਐਲਾਨ ਕੀਤਾ। ਇਸਦਾ ਮਤਲਬ ਸੀ ਕਿ ਇਕਰਾਰਨਾਮੇ ਦੇ ਬਾਵਜੂਦ ਗੈਸ ਸਪਲਾਈ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤੀ ਗਈ ਸੀ। ਇਸ ਘਟਨਾ ਨੇ ਭਾਰਤ ਦੀ ਊਰਜਾ ਸੁਰੱਖਿਆ ਲਈ ਇੱਕ ਨਵਾਂ ਸੰਕਟ ਖੜ੍ਹਾ ਕਰ ਦਿੱਤਾ। ਐਲਐਨਜੀ ਅਤੇ ਐਲਪੀਜੀ ਦੋਵਾਂ ਦੀ ਸਪਲਾਈ ਪ੍ਰਭਾਵਿਤ ਹੋਈ, ਜਿਸ ਨਾਲ ਊਰਜਾ ਬਾਜ਼ਾਰ ਵਿੱਚ ਅਸਥਿਰਤਾ ਵਧ ਗਈ। ਅਜਿਹੀ ਸਥਿਤੀ ਵਿੱਚ, ਸਰਕਾਰ ਨੂੰ ਦੋਹਰੀ ਚੁਣੌਤੀ ਦਾ ਸਾਹਮਣਾ ਕਰਨਾ ਪਿਆ: ਘਰੇਲੂ ਖਪਤਕਾਰਾਂ ਲਈ ਗੈਸ ਦੀ ਉਪਲਬਧਤਾ ਨੂੰ ਯਕੀਨੀ ਬਣਾਉਣਾ ਅਤੇ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਨੂੰ ਰੋਕਣਾ।ਹਾਲਾਂਕਿ, ਤੇਲ ਖੇਤਰ ਵਿੱਚ ਇਸਦੀ ਵਰਤੋਂ ਬਹੁਤ ਘੱਟ ਹੁੰਦੀ ਹੈ। ਇਸ ਲਈ 2026 ਵਿੱਚ ਐਲਪੀਜੀ ਸੰਕਟ ਦੌਰਾਨ ਇਸਦੀ ਵਰਤੋਂ ਨੂੰ ਇੱਕ ਵੱਡਾ ਅਤੇ ਅਸਾਧਾਰਨ ਕਦਮ ਮੰਨਿਆ ਜਾਂਦਾ ਹੈ।

ਦੋਸਤੋ, ਜੇਕਰ ਅਸੀਂ ਵਿਚਾਰ ਕਰੀਏ ਕਿ ਸਰਕਾਰ ਨੇ ਇਹ ਕਾਨੂੰਨ ਕਿਉਂ ਲਾਗੂ ਕੀਤਾ, ਤਾਂ ਇਸ ਕਦਮ ਦੇ ਪਿੱਛੇ ਕਈ ਮਹੱਤਵਪੂਰਨ ਕਾਰਨ ਹਨ। ਪਹਿਲਾ ਕਾਰਨ ਗੈਸ ਸਪਲਾਈ ਵਿੱਚ ਸੰਭਾਵੀ ਵਿਘਨ ਹੈ। ਜੰਗ ਕਾਰਨ ਖਾੜੀ ਦੇਸ਼ਾਂ ਤੋਂ ਗੈਸ ਸਪਲਾਈ ਦਾ ਇੱਕ ਵੱਡਾ ਹਿੱਸਾ ਪ੍ਰਭਾਵਿਤ ਹੋਇਆ ਹੈ। ਅੰਦਾਜ਼ਾ ਲਗਾਇਆ ਗਿਆ ਹੈ ਕਿ ਇਹ ਭਾਰਤ ਦੀ ਗੈਸ ਸਪਲਾਈ ਦੇ ਲਗਭਗ 60 ਪ੍ਰਤੀਸ਼ਤ ਨੂੰ ਪ੍ਰਭਾਵਿਤ ਕਰ ਸਕਦਾ ਹੈ। ਦੂਜਾ ਕਾਰਨ ਜਮ੍ਹਾਂਖੋਰੀ ਅਤੇ ਮੁਨਾਫ਼ਾਖੋਰੀ ਨੂੰ ਰੋਕਣਾ ਹੈ। ਜਦੋਂ ਵੀ ਬਾਜ਼ਾਰ ਵਿੱਚ ਕਿਸੇ ਜ਼ਰੂਰੀ ਵਸਤੂ ਦੀ ਕਮੀ ਮਹਿਸੂਸ ਹੁੰਦੀ ਹੈ, ਤਾਂ ਕੁਝ ਵਪਾਰੀ ਵੱਧ ਤੋਂ ਵੱਧ ਮੁਨਾਫ਼ਾ ਕਮਾਉਣ ਲਈ ਇਸਦਾ ਭੰਡਾਰ ਕਰਦੇ ਹਨ। ਇਹ ਨਕਲੀ ਕਮੀ ਪੈਦਾ ਕਰਦਾ ਹੈ ਅਤੇ ਕੀਮਤਾਂ ਨੂੰ ਵਧਾਉਂਦਾ ਹੈ। ਤੀਜਾ ਕਾਰਨ ਘਰੇਲੂ ਵਰਤੋਂ ਨੂੰ ਤਰਜੀਹ ਦੇਣਾ ਹੈ। ਸਰਕਾਰ ਨੇ ਰਿਫਾਇਨਰੀਆਂ ਨੂੰ ਹੋਰ ਉਤਪਾਦਾਂ ਦੀ ਬਜਾਏ ਐਲਪੀਜੀ ਉਤਪਾਦਨ ਲਈ ਪ੍ਰੋਪੇਨ ਅਤੇ ਬਿਊਟੇਨ ਵਰਗੇ ਗੈਸ ਹਿੱਸਿਆਂ ਦੀ ਵਰਤੋਂ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਹ ਘਰੇਲੂ ਰਸੋਈ ਗੈਸ ਦੀ ਉਪਲਬਧਤਾ ਨੂੰ ਯਕੀਨੀ ਬਣਾਏਗਾ। ਇਹ ਸਾਰੇ ਕਦਮ ਇਹ ਯਕੀਨੀ ਬਣਾਉਣ ਲਈ ਹਨ ਕਿ ਦੇਸ਼ ਵਿੱਚ ਗੈਸ ਸਪਲਾਈ ਆਮ ਰਹੇ ਅਤੇ ਆਮ ਲੋਕਾਂ ਨੂੰ ਕਿਸੇ ਸੰਕਟ ਦਾ ਸਾਹਮਣਾ ਨਾ ਕਰਨਾ ਪਵੇ।

ਰਿਫਾਇਨਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਘਰੇਲੂ ਐਲਪੀਜੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਆਪਣੇ ਉਤਪਾਦਨ ਦਾ ਵੱਡਾ ਹਿੱਸਾ ਨਿਰਧਾਰਤ ਕਰਨ। ਇਸ ਤੋਂ ਇਲਾਵਾ ਵਪਾਰੀਆਂ ਅਤੇ ਵਿਤਰਕਾਂ ਲਈ ਸਟਾਕ ਸੀਮਾਵਾਂ ਨਿਰਧਾਰਤ ਕੀਤੀਆਂ ਜਾ ਸਕਦੀਆਂ ਹਨ। ਜੇਕਰ ਕੋਈ ਵਪਾਰੀ ਜਾਂ ਕੰਪਨੀ ਨਿਰਧਾਰਤ ਸੀਮਾ ਤੋਂ ਵੱਧ ਸਟਾਕ ਇਕੱਠਾ ਕਰਦੀ ਹੈ ਤਾਂ ਪ੍ਰਸ਼ਾਸਨ ਉਨ੍ਹਾਂ ਵਿਰੁੱਧ ਕਾਰਵਾਈ ਕਰ ਸਕਦਾ ਹੈ। ਇਸ ਕਾਨੂੰਨ ਦੇ ਤਹਿਤ ਅਧਿਕਾਰੀਆਂ ਨੂੰ ਗੋਦਾਮਾਂ ਦਾ ਨਿਰੀਖਣ ਕਰਨ ਅਤੇ ਲੋੜ ਪੈਣ 'ਤੇ ਸਟਾਕ ਜ਼ਬਤ ਕਰਨ ਦਾ ਅਧਿਕਾਰ ਹੈ। ਇਸ ਪ੍ਰਣਾਲੀ ਦਾ ਉਦੇਸ਼ ਬਾਜ਼ਾਰ ਵਿੱਚ ਪਾਰਦਰਸ਼ਤਾ ਬਣਾਈ ਰੱਖਣਾ ਅਤੇ ਸਪਲਾਈ ਲੜੀ ਨੂੰ ਸੰਤੁਲਿਤ ਕਰਨਾ ਹੈ। ਜ਼ਰੂਰੀ ਵਸਤੂਆਂ ਐਕਟ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਦੀ ਵਿਵਸਥਾ ਕਰਦਾ ਹੈ। ਇਸ ਐਕਟ ਦੀ ਧਾਰਾ 7 ਦੇ ਅਨੁਸਾਰ, ਜਮ੍ਹਾਂਖੋਰੀ, ਕਾਲਾਬਾਜ਼ਾਰੀ, ਜਾਂ ਗੈਰ-ਕਾਨੂੰਨੀ ਵਪਾਰ ਵਿੱਚ ਸ਼ਾਮਲ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਜਾਂ ਸੰਗਠਨ ਨੂੰ ਤਿੰਨ ਮਹੀਨੇ ਤੋਂ ਸੱਤ ਸਾਲ ਤੱਕ ਦੀ ਕੈਦ ਹੋ ਸਕਦੀ ਹੈ। ਇਸ ਤੋਂ ਇਲਾਵਾ, ਭਾਰੀ ਜੁਰਮਾਨੇ ਵੀ ਲਗਾਏ ਜਾ ਸਕਦੇ ਹਨ। ਇਸ ਸਖ਼ਤ ਵਿਵਸਥਾ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਬਾਜ਼ਾਰ ਵਿੱਚ ਕੋਈ ਵੀ ਵਿਅਕਤੀ ਜਾਂ ਇਕਾਈ ਅਨੁਚਿਤ ਮੁਨਾਫ਼ਾ ਕਮਾਉਣ ਲਈ ਸੰਕਟ ਦਾ ਫਾਇਦਾ ਉਠਾ ਨਾ ਸਕੇ।

ਦੋਸਤੋ, ਜੇਕਰ ਅਸੀਂ ਗੈਸ ਸਿਲੰਡਰ ਬੁਕਿੰਗ ਨਿਯਮਾਂ ਵਿੱਚ ਬਦਲਾਅ 'ਤੇ ਵਿਚਾਰ ਕਰੀਏ, ਤਾਂ ਸਰਕਾਰ ਨੇ ਊਰਜਾ ਸੰਕਟ ਦੇ ਵਿਚਕਾਰ ਗੈਸ ਸਿਲੰਡਰ ਬੁਕਿੰਗ ਦੇ ਨਿਯਮਾਂ ਵਿੱਚ ਵੀ ਬਦਲਾਅ ਕੀਤਾ ਹੈ। ਪਹਿਲਾਂ, ਖਪਤਕਾਰ ਡਿਲੀਵਰੀ ਤੋਂ 21 ਦਿਨਾਂ ਬਾਅਦ ਇੱਕ ਨਵਾਂ ਸਿਲੰਡਰ ਬੁੱਕ ਕਰ ਸਕਦੇ ਸਨ, ਪਰ ਹੁਣ ਇਸ ਮਿਆਦ ਨੂੰ ਵਧਾ ਕੇ 25 ਦਿਨ ਕਰ ਦਿੱਤਾ ਗਿਆ ਹੈ। ਸਰਕਾਰ ਦਾ ਕਹਿਣਾ ਹੈ ਕਿ ਇਹ ਬਦਲਾਅ ਜਮ੍ਹਾਂਖੋਰੀ ਨੂੰ ਰੋਕਣ ਅਤੇ ਸੰਤੁਲਿਤ ਵੰਡ ਪ੍ਰਣਾਲੀ ਬਣਾਈ ਰੱਖਣ ਲਈ ਕੀਤਾ ਗਿਆ ਸੀ। ਹਾਲਾਂਕਿ, ਕੁਝ ਘਰ ਜ਼ਿਆਦਾ ਗੈਸ ਦੀ ਖਪਤ ਕਰਦੇ ਹਨ, ਇਸ ਲਈ ਚਿੰਤਾਵਾਂ ਪੈਦਾ ਹੋ ਗਈਆਂ ਹਨ ਕਿ ਜੇਕਰ ਸਿਲੰਡਰ 25 ਦਿਨਾਂ ਤੋਂ ਪਹਿਲਾਂ ਖਤਮ ਹੋ ਜਾਂਦਾ ਹੈ ਤਾਂ ਕੀ ਹੋਵੇਗਾ। ਖਪਤਕਾਰਾਂ ਲਈ ਉਪਲਬਧ ਵਿਕਲਪ: ਜੇਕਰ ਕਿਸੇ ਘਰ ਵਿੱਚ ਗੈਸ ਜਲਦੀ ਖਤਮ ਹੋ ਜਾਂਦੀ ਹੈ, ਤਾਂ ਖਪਤਕਾਰ ਆਪਣੀ ਗੈਸ ਏਜੰਸੀ ਜਾਂ ਵਿਤਰਕ ਨਾਲ ਸੰਪਰਕ ਕਰ ਸਕਦੇ ਹਨ। ਬਹੁਤ ਸਾਰੇ ਮਾਮਲਿਆਂ ਵਿੱਚ, ਏਜੰਸੀ ਵਿਸ਼ੇਸ਼ ਇਜਾਜ਼ਤ ਦੇ ਕੇ ਜਲਦੀ ਬੁਕਿੰਗ ਸਹੂਲਤਾਂ ਪ੍ਰਦਾਨ ਕਰ ਸਕਦੀ ਹੈ। ਖਪਤਕਾਰ ਵਾਧੂ ਫੀਸ ਦੇ ਕੇ ਐਮਰਜੈਂਸੀ ਸਿਲੰਡਰ ਵੀ ਪ੍ਰਾਪਤ ਕਰ ਸਕਦੇ ਹਨ। ਜ਼ਿਆਦਾ ਗੈਸ ਦੀ ਖਪਤ ਵਾਲੇ ਘਰਾਂ ਲਈ, ਦੋਹਰਾ ਸਿਲੰਡਰ ਕਨੈਕਸ਼ਨ ਇੱਕ ਬਿਹਤਰ ਵਿਕਲਪ ਹੋ ਸਕਦਾ ਹੈ। ਇਹ ਇੱਕ ਤੋਂ ਬਾਅਦ ਇੱਕ ਸਿਲੰਡਰ ਦੀ ਤੁਰੰਤ ਵਰਤੋਂ ਦੀ ਆਗਿਆ ਦਿੰਦਾ ਹੈ, ਜਿਸ ਨਾਲ ਇੱਕ ਨਵਾਂ ਸਿਲੰਡਰ ਬੁੱਕ ਕਰਨ ਲਈ ਕਾਫ਼ੀ ਸਮਾਂ ਮਿਲਦਾ ਹੈ।

ਦੋਸਤੋ, ਜੇਕਰ ਅਸੀਂ ਊਰਜਾ ਸੰਕਟ ਅਤੇ ਭਾਰਤ ਦੀ ਲੰਬੇ ਸਮੇਂ ਦੀ ਰਣਨੀਤੀ 'ਤੇ ਵਿਚਾਰ ਕਰੀਏ, ਤਾਂ ਮੌਜੂਦਾ ਸੰਕਟ ਨੇ ਇੱਕ ਵਾਰ ਫਿਰ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਭਾਰਤ ਨੂੰ ਊਰਜਾ ਸੁਰੱਖਿਆ ਲਈ ਇੱਕ ਲੰਬੇ ਸਮੇਂ ਦੀ ਰਣਨੀਤੀ ਅਪਣਾਉਣੀ ਚਾਹੀਦੀ ਹੈ। ਸਰਕਾਰ ਪਹਿਲਾਂ ਹੀ ਕਈ ਕਦਮ ਚੁੱਕ ਰਹੀ ਹੈ। ਇਨ੍ਹਾਂ ਵਿੱਚ ਰਣਨੀਤਕ ਪੈਟਰੋਲੀਅਮ ਭੰਡਾਰ ਬਣਾਉਣਾ, ਵਿਕਲਪਕ ਊਰਜਾ ਸਰੋਤ ਵਿਕਸਤ ਕਰਨਾ ਅਤੇ ਇਲੈਕਟ੍ਰਿਕ ਵਾਹਨਾਂ ਨੂੰ ਉਤਸ਼ਾਹਿਤ ਕਰਨਾ ਸ਼ਾਮਲ ਹੈ। ਭਾਰਤ ਸੂਰਜੀ ਅਤੇ ਪੌਣ ਊਰਜਾ ਵਰਗੇ ਨਵਿਆਉਣਯੋਗ ਸਰੋਤਾਂ 'ਤੇ ਵੀ ਤੇਜ਼ੀ ਨਾਲ ਕੰਮ ਕਰ ਰਿਹਾ ਹੈ। ਇਸ ਤੋਂ ਇਲਾਵਾ, ਬਾਇਓਫਿਊਲ ਅਤੇ ਹਰੇ ਹਾਈਡਰੋਜਨ ਵਰਗੇ ਵਿਕਲਪਾਂ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਨ੍ਹਾਂ ਸਾਰੇ ਯਤਨਾਂ ਦਾ ਉਦੇਸ਼ ਤੇਲ ਅਤੇ ਗੈਸ ਆਯਾਤ 'ਤੇ ਨਿਰਭਰਤਾ ਨੂੰ ਹੌਲੀ-ਹੌਲੀ ਘਟਾਉਣਾ ਹੈ। ਇਸ ਲਈ, ਜੇਕਰ ਅਸੀਂ ਉਪਰੋਕਤ ਵਰਨਨ ਦਾ ਅਧਿਐਨ ਅਤੇ ਵਿਸ਼ਲੇਸ਼ਣ ਕਰੀਏ, ਤਾਂ ਅਸੀਂ ਪਾਵਾਂਗੇ ਕਿ ਊਰਜਾ ਸੁਰੱਖਿਆ ਅਤੇ ਵਿਸ਼ਵ ਰਾਜਨੀਤੀ ਵਿਚਕਾਰ ਇੱਕ ਨਵਾਂ ਸਮੀਕਰਨ ਉੱਭਰ ਕੇ ਸਾਹਮਣੇ ਆਇਆ ਹੈ। ਪੱਛਮੀ ਏਸ਼ੀਆ ਵਿੱਚ ਮੌਜੂਦਾ ਸੰਕਟ ਦਰਸਾਉਂਦਾ ਹੈ ਕਿ ਵਿਸ਼ਵ ਰਾਜਨੀਤੀ ਅਤੇ ਊਰਜਾ ਸੁਰੱਖਿਆ ਡੂੰਘੇ ਤੌਰ 'ਤੇ ਆਪਸ ਵਿੱਚ ਜੁੜੇ ਹੋਏ ਹਨ। ਈਰਾਨ, ਇਜ਼ਰਾਈਲ ਅਤੇ ਸੰਯੁਕਤ ਰਾਜ ਅਮਰੀਕਾ ਵਿਚਕਾਰ ਵਧ ਰਹੇ ਤਣਾਅ ਸਿਰਫ਼ ਇੱਕ ਖੇਤਰੀ ਟਕਰਾਅ ਨਹੀਂ ਹਨ, ਸਗੋਂ ਦੁਨੀਆ ਭਰ ਦੀਆਂ ਅਰਥਵਿਵਸਥਾਵਾਂ ਨੂੰ ਪ੍ਰਭਾਵਿਤ ਕਰ ਰਹੇ ਹਨ। ਭਾਰਤ ਲਈ, ਇਹ ਸਥਿਤੀ ਇੱਕ ਚੇਤਾਵਨੀ ਅਤੇ ਮੌਕਾ ਦੋਵੇਂ ਹੈ। ਇੱਕ ਚੇਤਾਵਨੀ ਕਿਉਂਕਿ ਊਰਜਾ ਆਯਾਤ 'ਤੇ ਬਹੁਤ ਜ਼ਿਆਦਾ ਨਿਰਭਰਤਾ ਦੇਸ਼ ਦੀ ਆਰਥਿਕ ਸਥਿਰਤਾ ਨੂੰ ਪ੍ਰਭਾਵਤ ਕਰ ਸਕਦੀ ਹੈ। ਇੱਕ ਮੌਕਾ ਕਿਉਂਕਿ ਇਹ ਸੰਕਟ ਊਰਜਾ ਸਵੈ-ਨਿਰਭਰਤਾ ਵੱਲ ਤੇਜ਼ੀ ਨਾਲ ਕਦਮ ਚੁੱਕਣ ਦਾ ਮੌਕਾ ਵੀ ਪ੍ਰਦਾਨ ਕਰਦਾ ਹੈ। ਸਰਕਾਰ ਨੇ ਇਸ ਸਮੇਂ ਜ਼ਰੂਰੀ ਵਸਤੂਆਂ ਐਕਟ ਨੂੰ ਲਾਗੂ ਕਰਕੇ ਗੈਸ ਸੰਕਟ ਨੂੰ ਕੰਟਰੋਲ ਕਰਨ ਦੀ ਕੋਸ਼ਿਸ਼ ਕੀਤੀ ਹੈ। ਹਾਲਾਂਕਿ, ਇੱਕ ਲੰਬੇ ਸਮੇਂ ਦਾ ਹੱਲ ਤਾਂ ਹੀ ਸੰਭਵ ਹੈ ਜੇਕਰ ਭਾਰਤ ਆਪਣੇ ਊਰਜਾ ਸਰੋਤਾਂ ਨੂੰ ਵਿਭਿੰਨ ਬਣਾਉਂਦਾ ਹੈ ਅਤੇ ਘਰੇਲੂ ਉਤਪਾਦਨ ਅਤੇ ਨਵਿਆਉਣਯੋਗ ਊਰਜਾ ਨੂੰ ਤਰਜੀਹ ਦਿੰਦਾ ਹੈ। ਜੇਕਰ ਅਜਿਹਾ ਕੀਤਾ ਜਾਂਦਾ ਹੈ ਤਾਂ ਭਾਰਤ ਦੀਆਂ ਰਸੋਈਆਂ ਅਤੇ ਉਦਯੋਗ 'ਤੇ ਭਵਿੱਖ ਦੇ ਕਿਸੇ ਵੀ ਵਿਸ਼ਵ ਸੰਕਟ ਦਾ ਪ੍ਰਭਾਵ ਸੀਮਤ ਹੋਵੇਗਾ ਅਤੇ ਦੇਸ਼ ਆਪਣੀ ਊਰਜਾ ਸੁਰੱਖਿਆ ਨੂੰ ਮਜ਼ਬੂਤ ਕਰੇਗਾ।



ਰੋਜ਼ਾਨਾ ਚੜ੍ਹਦੀਕਲਾ
# ਸਿਹਤ ਖ਼ਬਰਨਾਮਾ



## ਖਾਣਾ ਖਾਣ ਤੋਂ ਤੁਰੰਤ ਬਾਅਦ ਪੀਂਦੇ ਹੋ ਚਾਹ ਤਾਂ ਹੋ ਜਾਓ ਸਾਵਧਾਨ

ਸਵੇਰੇ ਨੀਂਦ ਭਜਾਉਣ ਤੋਂ ਲੈ ਕੇ ਦਿਨ ਭਰ ਦੀ ਥਕਾਵਟ ਦੂਰ ਕਰਨ ਤੱਕ ਚਾਹ ਦੀ ਇਕ ਪਿਆਲੀ ਲੋਕਾਂ ਨੂੰ ਤਰੋਤਾਜ਼ਾ ਕਰ ਦਿੰਦੀ ਹੈ। ਕਈ



ਲੋਕ ਦਿਨ ਵਿਚ 2 ਤੋਂ 3 ਵਾਰ ਚਾਹ ਪੀਣਾ ਪਸੰਦ ਕਰਦੇ ਹਨ ਪਰ ਇਸ ਨੂੰ ਪੀਣ ਦਾ ਸਹੀ ਸਮਾਂ ਤੇ ਤਰੀਕਾ ਕੀ ਹੋਣਾ ਚਾਹੀਦੀ ਹੈ। ਇਸ ਬਾਰੇ ਜ਼ਿਆਦਾਤਰ ਲੋਕ ਅਨਜਾਣ ਹਨ। ਖਾਣੇ ਦੇ ਬਾਅਦ ਚਾਹ ਪੀਣ ਨਾਲ ਪਾਚਣ ਪ੍ਰਕਿਰਿਆ ਪ੍ਰਭਾਵਿਤ ਹੁੰਦੀ ਹੈ।ਚਾਹ ਵਿਚ ਮੌਜੂਦ ਟੈਨਿਨ ਤੇ ਕੈਫੀਨ ਵਰਗੇ ਤੱਤ ਭੋਜਨ ਦੇ ਪਚਣ ਵਿਚ ਰੁਕਾਵਟ ਪੈਦਾ ਕਰਦੇ ਹਨ। ਪੇਟ ਵਿਚ ਭਾਰੀਪਨ ਪੈਦਾ ਕਰ ਸਕਦਾ ਹੈ। ਸ਼ੂਗਰ ਦੇ ਮਰੀਜ਼ਾਂ ਲਈ ਇਹ ਆਦਤ ਹੋਰ ਵੀ ਹਾਨੀਕਾਰਕ ਹੋ ਸਕਦੀ ਹੈ।

**ਦਿਮਾਗ 'ਤੇ ਅਸਰ :** ਕੈਫੀਨ ਕਾਰਨ ਸਟ੍ਰੈਸ ਤੇ ਤਣਾਅ ਵਧ ਸਕਦੇ ਹਨ। ਇਸ ਤੋਂ ਇਲਾਵਾ ਪੇਟ ਦਰਦ, ਐਸੀਡਿਟੀ ਤੇ ਬਦਹਜ਼ਮੀ ਵਰਗੀਆਂ ਪ੍ਰੇਸ਼ਾਨੀਆਂ ਵੀ ਵਧ ਸਕਦੀਆਂ ਹਨ। ਚਾਹ ਵਿਚ ਮੌਜੂਦ ਫਾਸਫੋਰਿਕ ਐਸਿਡ ਹੱਡੀਆਂ ਦੀ ਸਿਹਤ 'ਤੇ ਵੀ ਗਲਤ ਪ੍ਰਭਾਵ ਪੈਂਦਾ ਹੈ ਜਦੋਂ ਕਿ ਕੈਫੀਨ ਬਲੱਡ ਪ੍ਰੈਸ਼ ਨੂੰ ਹੋਰ ਵਧਾ ਸਕਦਾ ਹੈ।

**ਨੀਂਦ ਵਿਚ ਰੁਕਾਵਟ ;** ਸੌਣ ਤੋਂ ਪਹਿਲਾਂ ਚਾਹ ਪੀਣਾ ਨੀਂਦ ਵਿਚ ਰੁਕਾਵਟ ਪੈ ਕਰ ਸਕਦਾ ਹੈ ਤੇ ਨੀਂਦ ਦੀ ਗੁਣਵੱਤਾ ਨੂੰ ਘੱਟ ਕਰ ਸਕਦਾ ਹੈ।ਰਿਪੋਰਟ ਮੁਤਾਬਕ ਬਹੁਤ ਜ਼ਿਆਦਾ ਚਾਹ ਤੇ ਕੌਫੀ ਪੀਣਾ ਡਾਇਬਟੀਜ਼ ਦਾ ਖਤਰਾ ਵਧਾ ਸਕਦਾ ਹੈ। ਦਿਨ ਵਿਚ 2 ਵਾਰ ਤੋਂ ਵੱਧ ਮਿੱਠੀ ਚਾਹ, ਕੌਫੀ ਜਾਂ ਸਾਫਟ ਡ੍ਰਿੰਕਸ ਪੀਣ ਨਾਲ ਮੋਟਾਪਾ ਤੇ ਟਾਈਪ-2 ਡਾਇਬਟੀਜ਼ ਦਾ ਖਤਰਾ ਵਧਦਾ ਹੈ।

ਨੈਸ਼ਨਲ ਲਾਇਬ੍ਰੇਰੀ ਆਫ਼ ਮੈਡੀਸਨ ਨੇ ਕਈ ਅਧਿਐਨਾਂ ਦੇ ਨਾਲ-ਨਾਲ ਇਹ ਖੁਲਾਸਾ ਕੀਤਾ ਹੈ ਕਿ ਬਹੁਤ ਜ਼ਿਆਦਾ ਚਾਹ ਅਤੇ ਕੌਫੀ ਪੀਣ ਨਾਲ ਸ਼ੂਗਰ ਹੋ ਸਕਦੀ ਹੈ। ਨਿਯਮਿਤ ਤੌਰ 'ਤੇ ਸਾਫਟ ਡਰਿੰਕਸ ਪੀਣ ਨਾਲ ਭਾਰ ਵੱਧ ਸਕਦਾ ਹੈ।

# ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਵੱਲੋਂ ਪ੍ਰਸ਼ਾਸਕ ਸਲਾਹਕਾਰ ਪ੍ਰੀਸ਼ਦ ਦੀ ਮੀਟਿੰਗ ਦੀ ਪ੍ਰਧਾਨਗੀ

## *ਭਵਿੱਖ ਲਈ ਤਿਆਰ ਚੰਡੀਗੜ੍ਹ ਬਣਾਉਣ ਲਈ ਸਮੂਹਿਕ ਵਚਨਬੱਧਤਾ ਨੂੰ ਦੁਹਰਾਇਆ*

ਚੰਡੀਗੜ੍ਹ, 12 ਮਾਰਚ (ਅੰਮ੍ਰਿਤਪਾਲ ਸਿੰਘ) : ਪ੍ਰਸ਼ਾਸਕੀ ਸਲਾਹਕਾਰ ਪ੍ਰੀਸ਼ਦ (ਏਏਸੀ) ਦੀ ਮੀਟਿੰਗ ਅੱਜ ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਦੀ ਪ੍ਰਧਾਨਗੀ ਹੇਠ ਹੋਟਲ ਮਾਊਂਟਵਿਊ, ਸੈਕਟਰ 10, ਚੰਡੀਗੜ੍ਹ ਵਿਖੇ ਹੋਈ।

ਆਪਣੇ ਸਵਾਗਤੀ ਭਾਸ਼ਣ ਵਿੱਚ, ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐਚ. ਰਾਜੇਸ਼ ਪ੍ਰਸਾਦ ਨੇ ਪ੍ਰਸ਼ਾਸਕ ਅਤੇ ਕੌਂਸਲ ਮੈਂਬਰਾਂ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਕਮੇਟੀ ਚੇਅਰਪਰਸਨਾਂ ਦੇ ਤਜ਼ਰਬਿਆਂ ਅਤੇ ਸੁਝਾਵਾਂ ਨੂੰ ਬਹੁਤ ਮਹੱਤਵ ਦਿੰਦਾ ਹੈ ਅਤੇ ਉਨ੍ਹਾਂ ਦੇ ਸੁਝਾਵਾਂ ਦੀ ਜਾਂਚ ਕਰਨ ਅਤੇ ਜਿੱਥੇ ਵੀ ਸੰਭਵ ਹੋਵੇ, ਉਨ੍ਹਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਲਈ ਤਾਲਮੇਲ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਮੀਟਿੰਗ ਦੌਰਾਨ, ਚੰਡੀਗੜ੍ਹ ਪ੍ਰਸ਼ਾਸਨ ਦੇ ਪ੍ਰਸ਼ਾਸਕੀ ਸਕੱਤਰਾਂ ਨੇ ਪਿਛਲੀਆਂ ਕੌਂਸਲ ਮੀਟਿੰਗਾਂ ਵਿੱਚ ਦਿੱਤੇ ਗਏ ਸੁਝਾਵਾਂ ਦੇ ਸੰਬੰਧ ਵਿੱਚ ਵੱਖ-ਵੱਖ ਵਿਭਾਗੀ ਮਾਮਲਿਆਂ @ਤੇ ਕਾਰਵਾਈ ਰਿਪੋਰਟਾਂ (ਏਟੀਆਰ) ਪੇਸ਼ ਕੀਤੀਆਂ। ਅਧਿਕਾਰੀਆਂ ਨੇ ਕੌਂਸਲ ਨੂੰ ਆਪਣੇ-



ਆਪਣੇ ਖੇਤਰਾਂ ਵਿੱਚ ਹਾਲੀਆ ਵਿਕਾਸ, ਚੱਲ ਰਹੀਆਂ ਪਹਿਲਕਦਮੀਆਂ, ਚੁਣੌਤੀਆਂ ਅਤੇ ਭਵਿੱਖੀ ਕਾਰਜ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਵਿਚਾਰ-ਵਟਾਂਦਰੇ ਦੌਰਾਨ, ਕਾਨੂੰਨ ਅਤੇ ਵਿਵਸਥਾ, ਸਮਾਜ ਭਲਾਈ, ਸਿੱਖਿਆ, ਖੇਡਾਂ, ਨਗਰ ਨਿਗਮਾਂ, ਆਵਾਜਾਈ, ਜਾਇਦਾਦਾਂ ਅਤੇ ਸ਼ਹਿਰੀ ਬੁਨਿਆਦੀ ਢਾਂਚਾ, ਚੰਡੀਗੜ੍ਹ ਹਾਊਸਿੰਗ ਬੋਰਡ, ਸਿਹਤ, ਵਾਤਾਵਰਣ ਸੁਰੱਖਿਆ, ਉਦਯੋਗ, ਕਲਾ ਅਤੇ ਸੱਭਿਆਚਾਰ, ਸੈਰ-ਸਪਾਟਾ ਅਤੇ ਵਿਰਾਸਤੀ ਸੰਭਾਲ ਸਮੇਤ ਵੱਖ-ਵੱਖ ਵਿਸ਼ਿਆਂ @ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਸਲਾਹਕਾਰ ਕੌਂਸਲ ਦੇ ਹਰੇਕ ਮੈਂਬਰ ਨੇ ਸ਼ਹਿਰ ਦੇ ਵੱਖ-ਵੱਖ ਖੇਤਰਾਂ ਨਾਲ ਸਬੰਧਤ ਮਹੱਤਵਪੂਰਨ ਸੁਝਾਅ ਅਤੇ ਸਿਫ਼ਾਰਸ਼ਾਂ ਪੇਸ਼ ਕੀਤੀਆਂ। ਮੈਂਬਰਾਂ ਨੇ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਜਨਤਕ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ, ਵਾਤਾਵਰਣ ਸਥਿਰਤਾ ਨੂੰ ਉਤਸ਼ਾਹਿਤ ਕਰਨ, ਸੈਰ-ਸਪਾਟਾ ਅਤੇ ਵਿਰਾਸਤੀ ਸੰਭਾਲ ਨੂੰ ਉਤਸ਼ਾਹਿਤ ਕਰਨ ਅਤੇ ਚੰਡੀਗੜ੍ਹ ਵਿੱਚ ਸਿਹਤ, ਸਿੱਖਿਆ ਅਤੇ ਖੇਡ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਉੱਭਰ ਰਹੀਆਂ ਸ਼ਹਿਰੀ ਚੁਣੌਤੀਆਂ ਨੂੰ ਹੱਲ ਕਰਨ ਲਈ ਨਾਗਰਿਕ ਭਾਗੀਦਾਰੀ, ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਅਤੇ ਨਵੀਨਤਾਕਾਰੀ ਪਹੁੰਚਾਂ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ।

ਕੌਂਸਲ ਨੂੰ ਸੰਬੋਧਨ ਕਰਦੇ ਹੋਏ, ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕੌਂਸਲ ਮੈਂਬਰਾਂ ਦਾ ਚੰਡੀਗੜ੍ਹ ਦੇ ਵਿਕਾਸ ਵਿੱਚ ਨਿਰੰਤਰ ਸਮਰਥਨ ਅਤੇ ਮਾਰਗਦਰਸ਼ਨ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਵੱਖ-ਵੱਖ ਖੇਤਰਾਂ ਵਿੱਚ ਚੰਗੇ ਸ਼ਾਸਨ ਨੂੰ ਮਜ਼ਬੂਤ ??ਕਰਨ ਅਤੇ ਜਨਤਕ ਸੇਵਾਵਾਂ ਨੂੰ ਬਿਹਤਰ ਬਣਾਉਣ ਵਿੱਚ ਸਥਾਈ ਕਮੇਟੀਆਂ ਦੀ ਸਰਗਰਮ ਭੂਮਿਕਾ ਦੀ ਸ਼ਲਾਘਾ ਕੀਤੀ।

ਪ੍ਰਸ਼ਾਸਕ ਨੇ ਕਿਹਾ ਕਿ ਭਵਿੱਖ ਲਈ ਤਿਆਰ ਚੰਡੀਗੜ੍ਹ ਬਣਾਉਣ ਲਈ ਪ੍ਰਸ਼ਾਸਨ ਅਤੇ ਕੌਂਸਲ ਮੈਂਬਰਾਂ ਵਿਚਕਾਰ ਸਾਂਝੇ ਯਤਨ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਸਿਹਤ ਸੇਵਾਵਾਂ ਵਿੱਚ ਸੁਧਾਰ ਅਤੇ ਸ਼ਾਮ ਦੀਆਂ ਓਪੀਡੀ ਸੇਵਾਵਾਂ ਦੀ ਸ਼ੁਰੂਆਤ ਵਰਗੀਆਂ ਪਹਿਲਕਦਮੀਆਂ ਨਾਗਰਿਕ-ਕੇਂਦ੍ਰਿਤ ਸ਼ਾਸਨ ਪ੍ਰਤੀ ਪ੍ਰਸ਼ਾਸਨ ਦੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਜਦੋਂ ਕਿ ਮਹੱਤਵਪੂਰਨ ਤਰੱਕੀ ਹੋਈ ਹੈ, ਨਿਰੰਤਰ ਯਤਨ ਅਤੇ ਸਮੂਹਿਕ ਸਹਿਯੋਗ ਭਵਿੱਖ ਦੀਆਂ ਪੀੜ੍ਹੀਆਂ ਲਈ ਵਧੇਰੇ ਮੌਕੇ ਯਕੀਨੀ ਬਣਾਏਗਾ।

ਕੌਂਸਲ ਮੈਂਬਰਾਂ ਨੇ ਪਹਿਲਾਂ ਪੇਸ਼ ਕੀਤੇ ਸੁਝਾਵਾਂ 'ਤੇ ਕਾਰਵਾਈ ਕਰਨ ਲਈ ਪ੍ਰਸ਼ਾਸਨ ਦੀ ਸ਼ਲਾਘਾ ਕੀਤੀ ਅਤੇ ਚੰਡੀਗੜ੍ਹ ਦੇ ਸਮੁੱਚੇ ਵਿਕਾਸ ਅਤੇ ਇਸਦੇ ਨਾਗਰਿਕਾਂ ਦੀ ਭਲਾਈ ਲਈ ਇਕੱਠੇ ਕੰਮ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

ਮੀਟਿੰਗ ਵਿੱਚ ਸ੍ਰੀ ਸੌਰਭ ਜੋਸ਼ੀ, ਮੇਅਰ, ਚੰਡੀਗੜ੍ਹ; ਸ੍ਰੀ ਮਨੀਸ਼ ਤਿਵਾੜੀ, ਸੰਸਦ ਮੈਂਬਰ; ਸ੍ਰੀ ਸੱਤਿਆ ਪਾਲ ਜੈਨ, ਵਧੀਕ ਸਾਲਿਸਟਰ ਜਨਰਲ, ਭਾਰਤ ਸਰਕਾਰ; ਸ੍ਰੀਮਤੀ ਕਿਰਨ ਖੇਰ, ਸਾਬਕਾ ਸੰਸਦ ਮੈਂਬਰ; ਸ੍ਰੀ ਵਿਵੇਕ ਪ੍ਰਤਾਪ ਸਿੰਘ, ਰਾਜਪਾਲ ਦੇ ਪ੍ਰਮੁੱਖ ਸਕੱਤਰ; ਡਾ. ਸਾਗਰ ਪ੍ਰੀਤ ਹੁੱਡਾ, ਡੀਜੀਪੀ, ਚੰਡੀਗੜ੍ਹ; ਸ੍ਰੀ ਦੀਪਰਾ ਲਾਕੜਾ, ਸਕੱਤਰ, ਵਿੱਤ; ਸ੍ਰੀਮਤੀ ਪ੍ਰੇਰਨਾ ਪੁਰੀ, ਸਕੱਤਰ, ਸਿੱਖਿਆ; ਸ੍ਰੀ ਅਮਿਤ ਕੁਮਾਰ, ਕਮਿਸ਼ਨਰ, ਨਗਰ ਨਿਗਮ; ਸ੍ਰੀ ਸਵਪਨਿਲ ਐਮ. ਨਾਇਕ, ਸਕੱਤਰ, ਪ੍ਰਾਹੁਣਚਾਰੀ; ਡਾ. ਸਈਅਦ ਆਬਿਦ ਰਾਸ਼ਿਦ ਸ਼ਾਹ, ਸਕੱਤਰ ਸੈਰ-ਸਪਾਟਾ; ਸ੍ਰੀ ਅਭਿਜੀਤ ਵਿਜੇ ਚੌਧਰੀ, ਸਕੱਤਰ ਵਿਜੀਲੈਂਸ; ਸ੍ਰੀ ਪ੍ਰਦੀਪ ਕੁਮਾਰ, ਸਕੱਤਰ ਖੇਤੀਬਾੜੀ; ਸ੍ਰੀ ਨਿਸ਼ਾਂਤ ਕੁਮਾਰ ਯਾਦਵ, ਡਿਪਟੀ ਕਮਿਸ਼ਨਰ ਸਮੇਤ ਪ੍ਰਸ਼ਾਸਕ ਸਲਾਹਕਾਰ ਪ੍ਰੀਸ਼ਦ ਦੇ ਹੋਰ ਉੱਘੇ ਮੈਂਬਰ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।

# ਦ੍ਰੋਪਦੀ ਮੁਰਮੂ ਵੱਲੋਂ ਖੇਤੀਬਾੜੀ-ਖੁਰਾਕ ਪ੍ਰਣਾਲੀ 'ਚ ਔਰਤਾਂ ਦੀ ਭੂਮਿਕਾ 'ਤੇ ਆਲਮੀ ਕਾਨਫਰੰਸ ਨੂੰ ਸੰਬੋਧਨ

ਨਵੀਂ ਦਿੱਲੀ, 12 ਮਾਰਚ (ਅੰਮ੍ਰਿਤਪਾਲ ਸਿੰਘ) : ਮੈਂ ਖੇਤੀਬਾੜੀ ਮੰਤਰਾਲੇ ਅਤੇ ਇਸਦੇ ਸਾਰੇ ਭਾਈਵਾਲ ਸੰਗਠਨਾਂ ਦੀ ਖੇਤੀਬਾੜੀ-ਖੁਰਾਕ ਪ੍ਰਣਾਲੀ ਵਿੱਚ ਔਰਤਾਂ ਦੀ ਭੂਮਿਕਾ @ਤੇ ਕੇਂਦ੍ਰਿਤ ਇਸ ਗਲੋਬਲ ਕਾਨਫਰੰਸ ਦੇ ਆਯੋਜਨ ਲਈ ਪ੍ਰਸ਼ੰਸਾ ਕਰਦਾ ਹਾਂ। ਔਰਤਾਂ ਸਾਰੀਆਂ ਗਤੀਵਿਧੀਆਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ, ਜਿਸ ਵਿੱਚ ਬਿਜਾਈ, ਕਟਾਈ, ਪ੍ਰੋਸੈਸਿੰਗ ਅਤੇ ਫਸਲਾਂ ਨੂੰ ਬਾਜ਼ਾਰਾਂ ਵਿੱਚ ਪਹੁੰਚਾਉਣਾ ਸ਼ਾਮਲ ਹੈ। ਸਾਡੀਆਂ ਮਾਵਾਂ, ਭੈਣਾਂ ਅਤੇ ਧੀਆਂ ਮੱਛੀ ਪਾਲਣ, ਮਧੂ-ਮੱਖੀ ਪਾਲਣ, ਪਸ਼ੂ ਪਾਲਣ, ਜੰਗਲਾਤ ਉਪਜ ਦੀ ਸਹੀ ਵਰਤੋਂ ਅਤੇ ਖੇਤੀਬਾੜੀ-ਅਧਾਰਤ ਉੱਦਮ ਚਲਾਉਣ ਵਰਗੇ ਕਈ ਖੇਤਰਾਂ ਵਿੱਚ ਅਣਥੱਕ ਮਿਹਨਤ ਕਰਦੀਆਂ ਹਨ। ਉਹ ਖੇਤੀਬਾੜੀ ਅਰਥਵਿਵਸਥਾ ਵਿੱਚ ਅਨਮੋਲ ਯੋਗਦਾਨ ਪਾਉਂਦੀਆਂ ਹਨ। ਪਿਛਲੇ ਦਹਾਕੇ ਦੌਰਾਨ, ਖੇਤੀਬਾੜੀ ਅਤੇ ਵਾਤਾਵਰਣ ਵਿੱਚ ਉਨ੍ਹਾਂ ਦੇ ਅਸਾਧਾਰਨ ਯੋਗਦਾਨ ਲਈ



ਬਹੁਤ ਸਾਰੀਆਂ ਔਰਤਾਂ ਨੂੰ ਪਦਮ ਸ਼੍ਰੀ ਨਾਲ ਸਨਮਾਨਿਤ ਕੀਤਾ ਗਿਆ ਹੈ। ਮੈਂ ਉਨ੍ਹਾਂ ਵਿੱਚੋਂ ਕੁਝ ਕੁ ਦਾ ਹੀ ਜ਼ਿਕਰ ਕਰਾਂਗਾ। ਤਾਮਿਲਨਾਡੂ ਦੀ ਸ਼੍ਰੀਮਤੀ ਰੰਗਾਮਲ ਪਾਪਾਮਲ ਨੇ ਮੁਸ਼ਕਲਾਂ ਅਤੇ ਮੁਸੀਬਤਾਂ ਦੇ ਵਿਚਕਾਰ ਜੈਵਿਕ ਖੇਤੀ ਵਿੱਚ ਅਨਮੋਲ ਯੋਗਦਾਨ ਪਾਇਆ, ਔਰਤਾਂ ਦੇ ਸਮੂਹਾਂ ਨੂੰ ਅਗਵਾਈ ਪ੍ਰਦਾਨ ਕੀਤੀ। ਮਹਾਰਾਸ਼ਟਰ ਦੇ ਇੱਕ ਆਦਿਵਾਸੀ ਭਾਈਚਾਰੇ ਤੋਂ ਸ਼੍ਰੀਮਤੀ ਰਾਹੀਬਾਈ ਸੋਮਾ ਪੋਪਾਰੇ ਨੇ ਕਈ ਫਸਲਾਂ ਦੀਆਂ ਕਿਸਮਾਂ ਦੀ ਸੰਭਾਲ ਕੀਤੀ ਹੈ। ਉਨ੍ਹਾਂ ਨੂੰ ÷ਬੀਜ ਮਾਂ÷ ਵਜੋਂ ਜਾਣਿਆ ਜਾਂਦਾ ਹੈ। ਬਿਹਾਰ ਦੀ ਸ਼੍ਰੀਮਤੀ ਰਾਜਕੁਮਾਰੀ ਨੂੰ ÷ਕਿਸਾਨ ਆਂਟੀ÷ ਵਜੋਂ ਜਾਣਿਆ ਜਾਂਦਾ ਹੈ। ਉਹ ਲੋਕਾਂ ਨੂੰ ਖੇਤੀ ਕਰਨ ਲਈ ਪ੍ਰੇਰਿਤ ਕਰਦੀ ਹੈ, ਕਈ ਸਵੈ-ਇੱਛੁਕ ਸੰਗਠਨ ਬਣਾਏ ਹਨ, ਅਤੇ ਆਪਣਾ ਛੋਟਾ ਜਿਹਾ ਉੱਦਮ ਵੀ ਸਥਾਪਿਤ ਕੀਤਾ ਹੈ। ਓਡੀਸ਼ਾ ਦੀ ਕੁਮਾਰੀ ਸਾਬਰਮਤੀ ਜੈਵਿਕ ਖੇਤੀ ਅਤੇ ਜੈਵ ਵਿਭਿੰਨਤਾ ਸੰਭਾਲ ਵਿੱਚ ਆਪਣੇ ਯੋਗਦਾਨ ਲਈ ਜਾਣੀ ਜਾਂਦੀ ਹੈ। ਮੈਂ ਚਾਹਾਂਗੀ ਕਿ ਆਉਣ ਵਾਲੀ ਪੀੜ੍ਹੀ ਦੀਆਂ ਧੀਆਂ ਅਜਿਹੀਆਂ ਔਰਤਾਂ ਤੋਂ ਪ੍ਰੇਰਨਾ ਲੈਣ ਅਤੇ ਖੇਤੀਬਾੜੀ ਦੇ ਖੇਤਰ ਵਿੱਚ ਨਵੀਨਤਾਕਾਰੀ ਯੋਗਦਾਨ ਪਾਉਣ। ਮੈਨੂੰ ਖੁਸ਼ੀ ਹੈ ਕਿ ਇਸ ਕਾਨਫਰੰਸ ਵਿੱਚ ਨੌਜਵਾਨ ਪੀੜ੍ਹੀ ਦੇ ਨਾਲ-ਨਾਲ ਔਰਤਾਂ, ਵਿਗਿਆਨੀ ਅਤੇ ਉੱਦਮੀ ਵੀ ਸ਼ਾਮਲ ਹੋ ਰਹੇ ਹਨ। ਇਹ ਖੁਸ਼ੀ ਦੀ ਗੱਲ ਹੈ ਕਿ ਰਾਜ ਦੀਆਂ ਖੇਤੀਬਾੜੀ ਯੂਨੀਵਰਸਿਟੀਆਂ ਵਿੱਚ ਕੁੱਲ ਵਿਦਿਆਰਥੀ ਆਬਾਦੀ ਦਾ 50 ਪ੍ਰਤੀਸ਼ਤ ਤੋਂ ਵੱਧ ਕੁੜੀਆਂ ਹਨ, ਅਤੇ ਕਈ ਯੂਨੀਵਰਸਿਟੀਆਂ ਵਿੱਚ, ਇਹ 60 ਪ੍ਰਤੀਸ਼ਤ ਤੋਂ ਵੱਧ ਹੈ। ਇਨ੍ਹਾਂ ਕੁੜੀਆਂ ਦਾ ਅਕਾਦਮਿਕ ਪ੍ਰਦਰਸ਼ਨ ਵੀ ਸ਼ਾਨਦਾਰ ਹੈ। ਇਹ ਸਰਕਾਰ, ਸਮਾਜ ਅਤੇ ਖੇਤੀਬਾੜੀ ਖੇਤਰ ਦੇ ਸਾਰੇ ਹਿੱਸੇਦਾਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਇਨ੍ਹਾਂ ਹੋਨਹਾਰ ਕੁੜੀਆਂ ਨੂੰ ਖੇਤੀਬਾੜੀ ਅਤੇ ਭੋਜਨ ਵਿੱਚ ਲੀਡਰਸ਼ਿਪ ਭੂਮਿਕਾਵਾਂ ਨਿਭਾਉਣ ਦੇ ਯੋਗ ਬਣਾਉਣ ਲਈ ਹਰ ਸੰਭਵ ਸਹਾਇਤਾ ਅਤੇ ਉਤਸ਼ਾਹ ਪ੍ਰਦਾਨ ਕਰਨ। ਮੇਰਾ ਮੰਨਣਾ ਹੈ ਕਿ ਮਾਂ ਬਣਨ ਦੀ ਸੰਭਾਵਨਾ ਲੀਡਰਸ਼ਿਪ ਵਿੱਚ ਨਿਹਿਤ ਹੈ। ਹਾਲਾਂਕਿ, ਮਾਂ ਬਣਨ ਨੂੰ ਅਕਸਰ ਘਰ ਦੀਆਂ ਕੰਧਾਂ ਤੱਕ ਸੀਮਤ ਮੰਨਿਆ ਜਾਂਦਾ ਹੈ। ਸਾਨੂੰ ਇਸ ਮਾਨਸਿਕਤਾ ਨੂੰ ਦੂਰ ਕਰਨਾ ਚਾਹੀਦਾ ਹੈ ਅਤੇ ਮਹਿਲਾ ਕਿਸਾਨਾਂ ਦੁਆਰਾ ਲੀਡਰਸ਼ਿਪ ਪ੍ਰਦਾਨ ਕਰਨ ਦੇ ਦ੍ਰਿਸ਼ਟੀਕੋਣ ਨਾਲ ਅੱਗੇ ਵਧਣਾ ਚਾਹੀਦਾ ਹੈ। ਸਾਡੇ ਕਿਸਾਨ ÷ਭੋਜਨ ਪ੍ਰਦਾਤਾ÷ ਹਨ। ਸਾਡੀਆਂ ਮਹਿਲਾ ਕਿਸਾਨ ਭੈਣਾਂ ਅਤੇ ਧੀਆਂ, ਮਾਤ ਸ਼ਕਤੀ ਨੂੰ ਮੂਰਤੀਮਾਨ ਕਰਦੀਆਂ ਹਨ, ਅੰਨਪੂਰਣਾ ਹਨ।



**ਦਿੱਲੀ ਦੇ ਐੱਲ ਜੀ ਤਰਨਜੀਤ ਸਿੰਘ ਸੰਧੂ ਦੇ ਸਹੁੰ ਚੁੱਕ ਸਮਾਗਮ 'ਚ ਸ਼ਾਮਲ ਹੋਏ ਅਮਰੀਕਾ ਤੋਂ ਸ. ਬਹਾਦਰ ਸਿੰਘ, ਚੇਅਰਮੈਨ, ਵਨ ਬੀਟ ਹਸਪਤਾਲ, ਸੁਖਪਾਲ ਸਿੰਘ ਧਨੋਆ, ਸੀਨੀਅਰ ਪੱਤਰਕਾਰ, ਯੂ.ਐੱਸ.ਏ., ਬੁੱਢਾ ਦਲ 96 ਕਰੋੜੀ ਯੂ.ਐੱਸ. ਇੰਡਿਆਨਾ ਦੇ ਜਥੇਦਾਰ ਜਸਵਿੰਦਰ ਸਿੰਘ ਜੱਸੀ, ਚੜ੍ਹਦੀਕਲਾ ਟਾਇਮ ਟੀ.ਵੀ. ਦੇ ਡਾਇਰੈਕਟਰ ਹਰਪ੍ਰੀਤ ਸਿੰਘ ਦਰਦੀ ਤੇ ਚੜ੍ਹਦੀਕਲਾ ਟਾਇਮ ਟੀ.ਵੀ. ਦੇ ਦਿੱਲੀ ਤੋਂ ਡਾਇਰੈਕਟਰ ਅੰਮ੍ਰਿਤਪਾਲ ਸਿੰਘ ਦਰਦੀ।**

## ਐਡੀਟਰ ਅਵਤਾਰ ਸਿੰਘ ਨੂੰ ਸਦਮਾ, ਪਿਤਾ ਦਾ ਦੇਹਾਂਤ

ਪਟਿਆਲਾ, 12 ਮਾਰਚ (ਰੁਪਾਣਾ) : 'ਰੋਜ਼ਾਨਾ ਚੜ੍ਹਦੀਕਲਾ' ਅਖ਼ਬਾਰ ਦੇ ਪਟਿਆਲਾ ਸਿਟੀ ਐਡੀਸ਼ਨ ਦੇ ਐਡੀਟਰ ਅਵਤਾਰ ਸਿੰਘ ਨੂੰ



ਉਸ ਸਮੇਂ ਭਾਰੀ ਸਦਮਾ ਲੱਗਿਆ, ਜਦੋਂ ਉਨ੍ਹਾਂ ਦੇ ਪਿਤਾ ਗਿਆਨ ਸਿੰਘ ਦਾ ਦੇਹਾਂਤ ਹੋ ਗਿਆ। ਰੱਬੀ ਰੂਹ ਤੇ ਪਰਮਾਤਮਾ ਦੀ ਰਜ਼ਾ 'ਚ ਰਾਜੀ ਰਹਿਣ ਵਾਲੇ ਸ੍ਰ. ਗਿਆਨ ਸਿੰਘ ਜਿਨਾਂ ਦਾ ਬੀਤੀ ਰਾਤ ਦਿਲ ਦਾ ਦੌਰਾ ਪੈਣ ਉਪਰੰਤ ਦੇਹਾਂਤ ਹੋ ਗਿਆ ਉਨਾਂ ਦਾ ਅੰਤਿਮ ਸਸਕਾਰ ਉਹਨਾਂ ਦੇ ਪਰਿਵਾਰਿਕ ਮੈਂਬਰ ਵਿਦੇਸ਼ੋਂ ਆ ਜਾਣ ਪਿੱਛੋਂ ਕੀਤਾ ਜਾਵੇਗਾ। ਇਸ ਸਬੰਧੀ ਅਵਤਾਰ ਸਿੰਘ ਨੇ ਦੱਸਿਆ ਕਿ ਉਹਨਾਂ ਦੇ ਪਿਤਾ ਬਿਲਕੁਲ ਤੰਦਰੁਸਤੀ ਸਨ ਤੇ ਕੁਝ ਦਿਨ ਪਹਿਲਾਂ ਹੀ ਦਿਲ ਦੀ ਧੜਕਣ ਕਾਰਨ ਬਿਮਾਰ ਹੋਏ ਸਨ ਪਰ ਬੀਤੀ ਰਾਤ ਅਚਾਨਕ ਦਿਲ ਦਾ ਦੌਰਾ ਪਿਆ ਜਿਸ ਤੋਂ ਬਾਅਦ ਉਨ੍ਹਾਂ ਨੂੰ ਹਸਪਤਾਲ ਭਰਤੀ ਕਰਾਇਆ ਗਿਆ ਪਰ ਡਾਕਟਰਾਂ ਨੇ ਉਹਨਾਂ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਦੁੱਖ ਦੀ ਘੜੀ ਦੇ ਵਿੱਚ ਐਡੀਟਰ ਅਵਤਾਰ ਸਿੰਘ ਦੇ ਨਾਲ ਚੜ੍ਹਦੀਕਲਾ ਅਦਾਰੇ ਦੇ ਚੇਅਰਮੈਨ 'ਪਦਮ ਸ਼੍ਰੀ' ਡਾ. ਜਗਜੀਤ ਸਿੰਘ ਦਰਦੀ ਸਮੇਤ ਸਮੁੱਚੇ ਸਟਾਫ ਨੇ ਦੁੱਖ ਦਾ ਪ੍ਰਗਟਾਵਾ ਕੀਤਾ।

## ਓਸਾਕਾ ਨੂੰ ਹਰਾ ਕੇ ਸਬਾਲੇਂਕਾ ਕੁਆਰਟਰ ਫਾਈਨਲ 'ਚ

ਕੈਲੀਫੋਰਨੀਆ, 12 ਮਾਰਚ (ਚ.ਨ.ਸ.) : ਦੁਨੀਆ ਦੀ ਨੰਬਰ ਇਕ ਖਿਡਾਰਨ ਆਰਿਆਨਾ ਸਬਾਲੇਂਕਾ ਨੇ ਨਾਓਮੀ ਓਸਾਕਾ ਨੂੰ ਹਰਾ ਕੇ ਇੰਡੀਅਨ ਵੇਲਸ ਦੇ ਕੁਆਰਟਰ ਫਾਈਨਲ 'ਚ ਜਗ੍ਹਾ ਬਣਾ ਲਈ ਹੈ। 27 ਸਾਲਾ ਬੇਲਾਰੂਸ ਦੀ ਸਬਾਲੇਂਕਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜਾਪਾਨ ਦੀ ਓਸਾਕਾ ਨੂੰ 80 ਮਿੰਟ ਤੱਕ ਚੱਲੇ ਮੁਕਾਬਲੇ 'ਚ 6-2, 6-4 ਨਾਲ ਹਰਾ ਕੇ ਟੂਰਨਾਮੈਂਟ ਦੇ ਅਗਲੇ ਦੌਰ 'ਚ ਪ੍ਰਵੇਸ਼ ਕੀਤਾ।ਦੂਜੇ ਪਾਸੇ, ਆਸਟ੍ਰੇਲੀਆ ਦੀ ਟਾਲੀਆ ਗਿਬਸਨ ਨੇ ਇਟਲੀ ਦੀ ਦੁਨੀਆ ਦੀ ਨੰਬਰ-7 ਜੈਸਮੀਨ ਪਾਓਲਿਨੀ ਨੂੰ 7-5, 2-6, 6-1 ਨਾਲ ਹਰਾ ਕੇ ਆਪਣੇ ਕਰੀਅਰ ਦੀ ਸਭ ਤੋਂ ਵੱਡੀ ਜਿੱਤ ਹਾਸਲ ਕੀਤੀ। ਇਹ ਉਸ ਦਾ ਟਾਪ-10 ਖਿਡਾਰੀ ਵਿਰੁੱਧ ਪਹਿਲਾ ਮੈਚ ਸੀ। 21 ਸਾਲਾ ਗਿਬਸਨ, ਜੋ ਦੁਨੀਆ 'ਚ 112ਵੇਂ ਨੰਬਰ 'ਤੇ ਹੈ ਅਤੇ ਆਪਣਾ ਪਹਿਲਾ ਡਬਲਯੂ. ਟੀ. ਏ. 1000 ਮੇਨ ਡਰਾਅ ਖੇਡ ਰਹੀ ਹੈ, 11 ਸਾਲਾਂ 'ਚ ਟੂਰਨਾਮੈਂਟ ਦੇ ਕੁਆਰਟਰ ਫਾਈਨਲ 'ਚ ਪਹੁੰਚਣ ਵਾਲੀ ਪਹਿਲੀ ਕੁਆਲੀਫਾਇਰ ਵੀ ਬਣੀ।

# ਪੀ.ਆਈ.ਬੀ. ਚੰਡੀਗੜ੍ਹ ਦੇ ਪੱਤਰਕਾਰ ਵਫ਼ਦ ਨੇ ਬੀ.ਐਸ.ਐਫ. ਦੀਆਂ ਸਰਹੱਦ ਨਾਲ ਸਬੰਧਤ ਗਤੀਵਿਧੀਆਂ ਦੇਖੀਆਂ

ਜੋਧਪੁਰ/ਚੰਡੀਗੜ੍ਹ, 12 ਮਾਰਚ (ਚ.ਨ.ਸ.) : ਰਾਜਸਥਾਨ ਦੇ ਦੌਰੇ @ਤੇ ਗਏ ਪੀਆਈਬੀ ਚੰਡੀਗੜ੍ਹ ਦੇ ਪੱਤਰਕਾਰਾਂ ਦੇ ਵਫ਼ਦ ਨੇ ਅੱਜ ਲੌਂਗੇਵਾਲਾ, ਤਨੋਟ ਅਤੇ ਸਰਹੱਦੀ ਖੇਤਰਾਂ ਵਿੱਚ ਸੀਮਾ ਸੁਰੱਖਿਆ ਬਲ (ਬੀਐੱਸਐੱਫ) ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਪ੍ਰੋਜੈਕਟਾਂ ਅਤੇ ਗਤੀਵਿਧੀਆਂ ਨੂੰ ਦੇਖਿਆ। ਇਸ ਦੌਰੇ ਦੌਰਾਨ, ਵਫ਼ਦ ਨੇ ਸਰਹੱਦੀ ਖੇਤਰਾਂ ਵਿੱਚ ਸੁਰੱਖਿਆ, ਸਿਖਲਾਈ ਅਤੇ ਰਣਨੀਤਕ ਤਿਆਰੀ ਬਾਰੇ ਕੀਮਤੀ ਜਾਣਕਾਰੀ ਪ੍ਰਾਪਤ ਕੀਤੀ। ਬੀਐੱਸਐੱਫ ਅਧਿਕਾਰੀਆਂ ਨੇ ਸਰਹੱਦੀ ਖੇਤਰਾਂ ਵਿੱਚ ਕੰਮ ਕਰਨ ਦੀਆਂ ਵਿਸ਼ੇਸ਼ ਸਥਿਤੀਆਂ ਅਤੇ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਵਿਸਥਾਰਤ ਜਾਣਕਾਰੀ ਪ੍ਰਦਾਨ ਕੀਤੀ। ਪੀਆਈਬੀ ਦੇ ਪੱਤਰਕਾਰਾਂ ਦੇ ਵਫ਼ਦ ਨੇ ਸੁਰੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਬੀਐੱਸਐੱਫ ਦੀਆਂ ਵੱਖ-ਵੱਖ ਪਹਿਲਕਦਮੀਆਂ, ਨਵੀਨਤਾਵਾਂ, ਸਥਾਨਕ ਲੋਕਾਂ ਨਾਲ ਤਾਲਮੇਲ ਅਤੇ ਯਤਨਾਂ ਦੀ ਸ਼ਲਾਘਾ ਕੀਤੀ। ਦੌਰੇ ਦੌਰਾਨ, ਵਫ਼ਦ ਨੇ ਲੌਂਗੇਵਾਲਾ ਜੰਗੀ ਮੈਦਾਨ ਅਤੇ ਅਜਾਇਬ ਘਰ ਦਾ ਦੌਰਾ ਕੀਤਾ। ਵਫ਼ਦ ਨੇ ਤਨੋਟ ਵਿੱਚ ਸੀਮਾ ਸੁਰੱਖਿਆ ਬਲ ਦੇ ਅਧਿਕਾਰੀਆਂ ਨਾਲ



ਮੁਲਾਕਾਤ ਕੀਤੀ ਅਤੇ ਤਨੋਟ ਮਾਤਾ ਮੰਦਰ ਦੇ ਇਤਿਹਾਸ ਬਾਰੇ ਜਾਣਿਆ। ਜੈਸਲਮੇਰ ਵਿੱਚ ਇਤਿਹਾਸਕ ਸ਼੍ਰੀ ਤਨੋਟ ਮੰਦਰ ਦਾ ਇੱਕ ਸ਼ਾਨਦਾਰ ਇਤਿਹਾਸ ਹੈ। ਇਹ ਮੰਨਿਆ ਜਾਂਦਾ ਹੈ ਕਿ ਤਨੋਟ ਮਾਤਾ ਜਵਾਨਾਂ ਨੂੰ ਦੁਸ਼ਮਣਾਂ ਨਾਲ ਲੜਨ ਅਤੇ ਜੰਗ ਦੌਰਾਨ ਦੇਸ਼ ਦੀ ਰਾਖੀ ਕਰਨ ਦੀ ਸ਼ਕਤੀ ਦਿੰਦੀ ਹੈ। 1965 ਦੀ ਭਾਰਤ-ਪਾਕਿਸਤਾਨ ਜੰਗ ਦੌਰਾਨ, ਪਾਕਿਸਤਾਨ ਨੇ ਸ਼੍ਰੀ ਤਨੋਟ ਮਾਤਾ ਮੰਦਰ ਕੰਪਲੈਕਸ 'ਤੇ ਕਈ ਬੰਬ ਸੁੱਟੇ ਸਨ, ਪਰ ਮਾਨਤਾ ਅਨੁਸਾਰ, ਤਨੋਟ ਮਾਤਾ ਦੇ ਚਮਤਕਾਰ ਕਾਰਨ ਕੋਈ ਵੀ ਬੰਬ ਨਹੀਂ ਫਟਿਆ। ਇਸ ਸੰਦਰਭ ਵਿੱਚ, ਵਫ਼ਦ ਨੇ ਜੈਸਲਮੇਰ ਵਿੱਚ ਸਰਹੱਦੀ ਸੈਰ-ਸਪਾਟਾ ਵਿਕਾਸ ਪ੍ਰੋਗਰਾਮ ਦੇ ਤਹਿਤ ਸ਼੍ਰੀ ਤਨੋਟ ਮੰਦਰ ਕੰਪਲੈਕਸ ਪ੍ਰੋਜੈਕਟ ਦਾ ਵੀ ਦੌਰਾ ਕੀਤਾ। ਇਸ ਪ੍ਰੋਜੈਕਟ ਦੇ ਤਹਿਤ, ਮੰਦਰ ਵਿੱਚ ਆਉਣ ਵਾਲੇ ਨੌਜਵਾਨ ਸ਼੍ਰੀ ਤਨੋਟ ਮਾਤਾ ਮੰਦਰ ਦੇ ਦਰਸ਼ਨ ਕਰ ਸਕਣਗੇ ਅਤੇ ਦੇਸ਼ ਦੇ ਬਹਾਦਰ ਜਵਾਨਾਂ ਦੀ ਬਹਾਦਰੀ ਅਤੇ ਕੁਰਬਾਨੀ ਦੇ ਇਤਿਹਾਸ ਬਾਰੇ ਨੇੜਿਓਂ ਜਾਣ ਸਕਣਗੇ। ਇਸ ਪ੍ਰੋਜੈਕਟ ਦੇ ਤਹਿਤ, ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਵੇਟਿੰਗ ਰੂਮ, ਰੰਗਭੂਮੀ , ਵਿਆਖਿਆ ਕੇਂਦਰ, ਬਾਲ ਭਵਨ ਅਤੇ ਹੋਰ ਜ਼ਰੂਰੀ ਸਹੂਲਤਾਂ ਵਿਕਸਿਤ ਕੀਤੀਆਂ ਜਾ ਰਹੀਆਂ ਹਨ। ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਦੇਸ਼ ਦੇ ਸਰਹੱਦੀ ਖੇਤਰਾਂ ਵਿੱਚ ਵਿਕਾਸ ਪਹੁੰਚ ਰਿਹਾ ਹੈ। ਸਰਹੱਦੀ ਸੈਰ-ਸਪਾਟੇ ਦੀ ਦੂਰਦਰਸ਼ੀ ਪਹਿਲ ਦੇ ਨਤੀਜੇ ਵਜੋਂ, ਨਾ ਸਿਰਫ ਸਰਹੱਦੀ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਹੋ ਰਿਹਾ ਹੈ, ਸਗੋਂ, ਜਿਸ ਨਾਲ ਖੇਤਰ ਦੀ ਸੁਰੱਖਿਆ ਮਜ਼ਬੂਤ ਹੋ ਰਹੀ ਹੈ। ਸਰਹੱਦੀ ਖੇਤਰ ਦੇ ਦੌਰੇ ਦੌਰਾਨ, ਵਫ਼ਦ ਨੇ ਸੀਮਾ ਸੁਰੱਖਿਆ ਬਲ ਵੱਲੋਂ ਬਰਕਰਾਰ ਰੱਖੀ ਗਈ ਮਜ਼ਬੂਤ ਸਰਹੱਦੀ ਸੁਰੱਖਿਆ ਪ੍ਰਣਾਲੀ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ। ਬੀਐੱਸਐੱਫ ਨਵੀਨਤਾਕਾਰੀ ਤਕਨਾਲੋਜੀਆਂ ਅਤੇ ਆਧੁਨਿਕ ਸਰੋਤਾਂ ਦੀ ਵਰਤੋਂ @ਤੇ ਵੀ ਵਿਸ਼ੇਸ਼ ਜ਼ੋਰ ਦੇ ਰਿਹਾ ਹੈ। ਇਸ ਦੌਰੇ ਦੌਰਾਨ, ਵਫ਼ਦ ਨੇ ਮਾਰੂਥਲ ਖੇਤਰ ਵਿੱਚ ਸਰਹੱਦੀ ਸੁਰੱਖਿਆ ਨਾਲ ਸਬੰਧਤ ਚੁਣੌਤੀਆਂ, ਤਕਨੀਕੀ ਸਰੋਤਾਂ ਦੀ ਵਰਤੋਂ,ਮੁਸ਼ਕਲ ਵਾਤਾਵਰਣ ਸਥਿਤੀਆਂ ਵਿੱਚ ਕੀਤੀ ਗਈ ਸਿਖਲਾਈ ਅਤੇ ਸਰਹੱਦੀ ਪ੍ਰਬੰਧਨ ਦੇ ਵੱਖ-ਵੱਖ ਪਹਿਲੂਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕੀਤੀ।

# ਆਈ .ਪੀਏ ਐਲ. 2026: ਧੋਨੀ ਕੁਝ ਮੈਚ ਖੇਡਣਗੇ ਜਾਂ ਪੂਰਾ ਸੀਜ਼ਨ? ਚੇਨਈ ਸੁਪਰ ਕਿੰਗਜ਼ ਦੇ ਸੀ.ਈ.ਓ. ਨੇ ਕੀਤਾ ਵੱਡਾ ਖੁਲਾਸਾ

ਬੰਗਲੌਰ, 12 ਮਾਰਚ (ਚ.ਨ.ਸ.) : ਆਈ ਪੀ ਐੱਲ 2026 ਦੇ ਸ਼ਡਿਊਲ ਦਾ ਐਲਾਨ ਜਲਦੀ ਹੀ ਕੀਤਾ ਜਾਵੇਗਾ। ਲੀਗ 28 ਮਾਰਚ ਨੂੰ ਸ਼ੁਰੂ ਹੋਵੇਗੀ। ਪਹਿਲਾ ਮੈਚ ਚੇਨਈ ਸੁਪਰ ਕਿੰਗਜ਼ ਅਤੇ ਮੌਜੂਦਾ ਚੈਂਪੀਅਨ ਰਾਇਲ ਚੈਲੇਂਜਰਜ਼ ਬੰਗਲੌਰ ਵਿਚਕਾਰ ਹੋਣ ਦੀ ਉਮੀਦ ਹੈ। ਇਸ ਦੌਰਾਨ, ਚੇਨਈ ਸੁਪਰ ਕਿੰਗਜ਼ ਦੁਆਰਾ ਇੱਕ ਵੱਡਾ ਅਪਡੇਟ ਜਾਰੀ ਕੀਤਾ ਗਿਆ ਹੈ। ਚੇਨਈ ਸੁਪਰ ਕਿੰਗਜ਼ ਦੇ ਸੀਈਓ ਕਾਸੀ ਵਿਸ਼ਵਨਾਥਨ ਨੇ ਮਹਿੰਦਰ ਸਿੰਘ ਧੋਨੀ ਬਾਰੇ ਇੱਕ ਵੱਡਾ ਖੁਲਾਸਾ ਕੀਤਾ ਹੈ। ਕੁਝ ਦਿਨ ਪਹਿਲਾਂ, ਕਾਸੀ ਵਿਸ਼ਵਨਾਥਨ ਨੇ ਆਈਪੀਐਲ 2026 ਵਿੱਚ ਧੋਨੀ ਦੀ ਭਾਗੀਦਾਰੀ ਦੀ ਪੁਸ਼ਟੀ ਕੀਤੀ ਸੀ। ਹੁਣ, ਉਸਨੇ ਇੱਕ ਹੋਰ ਵੱਡਾ ਅਪਡੇਟ ਦਿੱਤਾ ਹੈ।ਚੇਨਈ ਸੁਪਰ ਕਿੰਗਜ਼ ਦੇ ਸੀਈਓ ਕਾਸੀ ਵਿਸ਼ਵਨਾਥਨ ਨੇ ਕਿਹਾ ਕਿ ਤਜਰਬੇਕਾਰ ਵਿਕਟਕੀਪਰ-ਬੱਲੇਬਾਜ਼ ਐਮਐਸ ਧੋਨੀ ਦੇ ਇੰਡੀਅਨ ਪ੍ਰੀਮੀਅਰ ਲੀਗ ਦੇ ਸਾਰੇ ਮੈਚਾਂ ਵਿੱਚ ਖੇਡਣ ਦੀ ਉਮੀਦ ਹੈ। ਹਾਲਾਂਕਿ, ਉਸਦੀ ਅਸਲ ਭੂਮਿਕਾ ਬਾਰੇ ਅੰਤਿਮ ਫੈਸਲਾ ਟੀਮ ਪ੍ਰਬੰਧਨ ਦੁਆਰਾ ਲਿਆ ਜਾਵੇਗਾ।ਆਈ ਪੀ ਐੱਲ ਦਾ 19ਵਾਂ ਐਡੀਸ਼ਨ 28 ਮਾਰਚ ਨੂੰ ਸ਼ੁਰੂ ਹੋਵੇਗਾ, ਅਤੇ



ਸਾਰੀਆਂ ਟੀਮਾਂ ਨੇ ਆਪਣੇ ਸਿਖਲਾਈ ਕੈਂਪ ਸ਼ੁਰੂ ਕਰ ਦਿੱਤੇ ਹਨ। ਹਾਲ ਹੀ ਵਿੱਚ ਟੀ-20 ਵਿਸ਼ਵ ਕੱਪ ਵਿੱਚ ਹਿੱਸਾ ਲੈਣ ਵਾਲੇ ਖਿਡਾਰੀ ਜਲਦੀ ਹੀ ਆਪਣੀਆਂ ਟੀਮਾਂ ਵਿੱਚ ਸ਼ਾਮਲ ਹੋ ਜਾਣਗੇ ਅਤੇ ਟੂਰਨਾਮੈਂਟ ਦੀਆਂ ਤਿਆਰੀਆਂ ਸ਼ੁਰੂ ਕਰ ਦੇਣਗੇ। ਇਹ ਡਰ ਸੀ ਕਿ ਸੀਐਸਕੇ ਦੇ ਮਹਾਨ ਖਿਡਾਰੀ ਧੋਨੀ ਆਪਣੀ ਉਮਰ ਕਾਰਨ ਆਈਪੀਐਲ 2026 ਦੇ ਸਾਰੇ ਮੈਚ ਨਹੀਂ ਖੇਡ ਸਕਣਗੇ, ਪਰ ਸੀਈਓ ਕਾਸੀ ਵਿਸ਼ਵਨਾਥਨ ਨੇ ਇਨ੍ਹਾਂ ਚਿੰਤਾਵਾਂ ਨੂੰ ਖਾਰਜ ਕਰ ਦਿੱਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਉਹ ਸਾਰੇ ਮੈਚ ਖੇਡਣਗੇ। "®9 ਨਾਲ ਗੱਲ ਕਰਦੇ ਹੋਏ, ਕਾਸੀ ਵਿਸ਼ਵਨਾਥਨ ਨੇ ਇਹ ਜਾਣਕਾਰੀ ਸਾਂਝੀ ਕੀਤੀ।

## *ਆਈ ਪੀ ਐੱਲ ਦੇ ਪਹਿਲੇ ਗੇੜ ਦਾ ਪ੍ਰੋਗਰਾਮ ਐਲਾਨਿਆ*

ਨਵੀਂ ਦਿੱਲੀ, 12 ਮਾਰਚ (ਚ.ਨ.ਸ.) : ਭਾਰਤੀ ਕ੍ਰਿਕਟ ਬੋਰਡ ਨੇ ਪੱਛਮੀ ਏਸ਼ੀਆ ਵਿੱਚ ਜਾਰੀ ਸੰਘਰਸ਼ ਦਰਮਿਆਨ ਅੱਜ ਆਈ ਪੀ ਐੱਲ 2026 ਦੇ ਪਹਿਲੇ ਗੇੜ ਦਾ ਪ੍ਰੋਗਰਾਮ ਐਲਾਨ ਦਿੱਤਾ ਹੈ। ਸ਼ੁਰੂਆਤੀ ਮੈਚ ਵਿੱਚ 28




ਮਾਰਚ ਨੂੰ ਮੌਜੂਦਾ ਚੈਂਪੀਅਨ ਰੌਇਲ ਚੈਲੇਂਜਰਜ਼ ਬੰਗਲੂਰੂ ਦਾ ਮੁਕਾਬਲਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ। ਕੁੱਲ 20 ਮੈਚ 10 ਥਾਵਾਂ ਬੰਗਲੂਰੂ, ਮੁੰਬਈ, ਗੁਹਾਟੀ, ਨਿਊ ਚੰਡੀਗੜ੍ਹ, ਲਖਨਊ, ਕੋਲਕਾਤਾ, ਚੇਨਈ, ਦਿੱਲੀ, ਅਹਿਮਦਾਬਾਦ ਅਤੇ ਹੈਦਰਾਬਾਦ ਵਿੱਚ ਖੇਡੇ ਜਾਣਗੇ। ਪੰਜਾਬ ਕਿੰਗਜ਼ ਦੀ ਟੀਮ ਨਿਊ ਚੰਡੀਗੜ੍ਹ ਵਿੱਚ ਚਾਰ ਅਤੇ ਧਰਮਸ਼ਾਲਾ ਵਿੱਚ ਤਿੰਨ ਘਰੇਲੂ ਮੈਚ ਖੇਡੇਗੀ।

# ਈਰਾਨ ਦੇ ਲਗਾਤਾਰ ਹਮਲਿਆਂ ਕਾਰਨ ਤੇਲ ਦੀਆਂ ਕੀਮਤਾਂ 'ਚ ਭਾਰੀ ਉਛਾਲ

ਤਿਹਰਾਨ, 12 ਮਾਰਚ (ਚ.ਨ.ਸ.) : ਜਹਾਜ਼ਾਂ ਦੀ ਆਵਾਜਾਈ ਅਤੇ ਊਰਜਾ ਬੁਨਿਆਦੀ ਢਾਂਚੇ 'ਤੇ ਇਰਾਨ ਦੇ ਨਿਰੰਤਰ ਹਮਲਿਆਂ ਨੇ ਵੀਰਵਾਰ ਨੂੰ ਤੇਲ ਦੀ ਕੀਮਤ 100 ਅਮਰੀਕੀ ਡਾਲਰ ਪ੍ਰਤੀ ਬੈਰਲ ਤੋਂ ਉੱਪਰ ਪਹੁੰਚਾ ਦਿੱਤੀ ਹੈ, ਕਿਉਂਕਿ ਅਮਰੀਕੀ ਅਤੇ ਇਜ਼ਰਾਈਲੀ ਹਮਲਿਆਂ ਨੇ ਇਸਲਾਮੀ ਗਣਰਾਜ (ਇਰਾਨ) 'ਤੇ ਬੰਬਾਰੀ ਕੀਤੀ ਅਤੇ ਯੁੱਧ ਦੇ ਖਤਮ ਹੋਣ ਦਾ ਕੋਈ ਸੰਕੇਤ ਨਜ਼ਰ ਨਹੀਂ ਆ ਰਿਹਾ।ਇਰਾਨ ਨੇ ਦੁਬਈ ਦੇ ਤੱਟ 'ਤੇ ਇੱਕ ਕੰਟੇਨਰ ਜਹਾਜ਼ ਨੂੰ ਨਿਸ਼ਾਨਾ ਬਣਾਇਆ, ਬਹਿਰੀਨ ਦੇ ਅੰਤਰਰਾਸ਼ਟਰੀ ਹਵਾਈ ਅੱਡੇ



ਦੇ ਨੇੜੇ ਅੱਗ ਲਗਾਈ, ਇੱਕ ਡਰੋਨ ਹਮਲੇ ਨਾਲ ਸਾਊਦੀ ਅਰਬ ਦੇ ਇੱਕ ਵੱਡੇ ਤੇਲ ਖੇਤਰ ਨੂੰ ਨਿਸ਼ਾਨਾ ਬਣਾਇਆ ਅਤੇ ਫਾਰਸ ਦੀ ਖਾੜੀ ਵਿੱਚ ਬਸਰਾ ਬੰਦਰਗਾਹ 'ਤੇ ਹਮਲੇ ਤੋਂ ਬਾਅਦ ਇਰਾਕ ਨੂੰ ਦੇਸ਼ ਦੇ ਸਾਰੇ ਤੇਲ ਟਰਮੀਨਲਾਂ 'ਤੇ ਕੰਮ ਰੋਕਣ ਲਈ ਮਜਬੂਰ ਕਰ ਦਿੱਤਾ।ਇਰਾਨ ਨੇ ਆਪਣੇ ਖਾੜੀ ਗੁਆਂਢੀਆਂ 'ਤੇ ਹਮਲੇ ਰੋਕਣ ਦੀ ਮੰਗ ਕਰਨ ਵਾਲੇ ਪਿਛਲੇ ਦਿਨ ਦੇ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਦੇ ਮਤੇ ਦੀ ਉਲੰਘਣਾ ਕੀਤੀ ਅਤੇ ਕੁਵੈਤ ਤੇ ਸੰਯੁਕਤ ਅਰਬ ਅਮੀਰਾਤ ਵਿੱਚ ਵੀ ਨਵੇਂ ਹਮਲਿਆਂ ਦੀ ਖਬਰ ਮਿਲੀ ਹੈ। ਯਰੂਸ਼ਲਮ ਵਿੱਚ ਸਵੇਰ ਹੋਣ ਤੋਂ ਪਹਿਲਾਂ ਸਾਈਰਨ ਵੱਜਣ ਲੱਗੇ, ਜਦੋਂ ਇਜ਼ਰਾਈਲ ਨੇ ਕਿਹਾ ਕਿ ਉਹ ਇਰਾਨ ਤੋਂ ਦਾਗੀਆਂ ਗਈਆਂ ਮਿਜ਼ਾਈਲਾਂ ਨੂੰ ਰੋਕਣ ਲਈ ਕੰਮ ਕਰ ਰਿਹਾ ਹੈ।ਦੇਸ਼ ਨੇ ਇਹ ਵੀ ਐਲਾਨ ਕੀਤਾ ਕਿ ਉਸ ਨੇ ਤਿਹਰਾਨ 'ਤੇ ਵੱਡੇ ਪੱਧਰ 'ਤੇ ਹਮਲਿਆਂ ਦੀ ਲਹਿਰ ਸ਼ੁਰੂ ਕਰ ਦਿੱਤੀ ਹੈ। ਲਿਬਨਾਨ ਵਿੱਚ, ਜਿੱਥੇ ਇਜ਼ਰਾਈਲ ਦਾ ਕਹਿਣਾ ਹੈ ਕਿ ਉਹ ਇਰਾਨ ਨਾਲ ਸਬੰਧਤ ਹਿਜ਼ਬੁੱਲਾ ਅਤਿਵਾਦੀਆਂ ਨੂੰ ਨਿਸ਼ਾਨਾ ਬਣਾ ਰਿਹਾ ਹੈ, ਸਵੇਰ ਵੇਲੇ ਹੋਏ ਦੋ ਹਮਲਿਆਂ ਵਿੱਚ 11 ਲੋਕ ਮਾਰੇ ਗਏ।

## ਖਾੜੀ ਦੇਸ਼ਾਂ 'ਤੇ ਹਮਲੇ ਰੋਕੇ ਈਰਾਨ...', UNSC 'ਚ 13 ਵੋਟਾਂ ਨਾਲ ਮਤਾ ਪਾਸ, ਰੂਸ-ਚੀਨ ਵੋਟਿੰਗ ਤੋਂ ਰਹੇ ਗ਼ੈਰ-ਹਾਜ਼ਰ

ਜੇਨੇਵਾ, 12 ਮਾਰਚ (ਚ.ਨ.ਸ.) : ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਨੇ ਈਰਾਨ ਸਬੰਧੀ ਇੱਕ ਮਹੱਤਵਪੂਰਨ ਮਤਾ ਪਾਸ ਕੀਤਾ ਹੈ। ਇਹ ਮਤਾ ਈਰਾਨ ਨੂੰ ਖਾੜੀ ਦੇਸ਼ਾਂ 'ਤੇ ਹਮਲੇ ਤੁਰੰਤ ਰੋਕਣ ਦੀ ਮੰਗ ਕਰਦਾ ਹੈ। ਇਸ ਮਤੇ ਦੀ ਅਗਵਾਈ ਬਹਿਰੀਨ ਨੇ ਕੀਤੀ ਸੀ। ਸੁਰੱਖਿਆ ਪ੍ਰੀਸ਼ਦ ਦੇ 15 ਮੈਂਬਰਾਂ ਵਿੱਚੋਂ 13 ਨੇ ਹੱਕ ਵਿੱਚ ਵੋਟ ਦਿੱਤੀ, ਜਦੋਂਕਿ ਇਸ ਦੇ ਵਿਰੁੱਧ ਕੋਈ ਵੋਟ ਨਹੀਂ ਪਈ। ਹਾਲਾਂਕਿ, ਰੂਸ ਅਤੇ ਚੀਨ ਨੇ ਇਸ ਵੋਟਿੰਗ ਵਿੱਚ ਹਿੱਸਾ ਨਹੀਂ ਲਿਆ ਅਤੇ ਵੋਟਿੰਗ ਤੋਂ ਗੈਰ-ਹਾਜ਼ਰ ਰਹੇ।

ਖਾੜੀ ਦੇਸ਼ਾਂ 'ਤੇ ਹਮਲਿਆਂ ਦੀ ਕੀਤੀ ਸਖ਼ਤ ਨਿੰਦਾ ਮਤਾ ਕਈ ਖਾੜੀ ਦੇਸ਼ਾਂ 'ਤੇ ਹਮਲਿਆਂ ਦੀ ਸਖ਼ਤ ਨਿੰਦਾ ਕਰਦਾ ਹੈ। ਇਨ੍ਹਾਂ ਵਿੱਚ ਬਹਿਰੀਨ, ਕੁਵੈਤ, ਓਮਾਨ, ਕਤਰ, ਸਾਊਦੀ ਅਰਬ, ਸੰਯੁਕਤ ਅਰਬ ਅਮੀਰਾਤ ਅਤੇ ਜੌਰਡਨ ਸ਼ਾਮਲ ਹਨ। ਮਤੇ ਵਿੱਚ ਕਿਹਾ ਗਿਆ ਹੈ ਕਿ ਇਨ੍ਹਾਂ ਦੇਸ਼ਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਹਮਲੇ ਖੇਤਰੀ ਸੁਰੱਖਿਆ ਅਤੇ ਵਿਸ਼ਵ ਸਥਿਰਤਾ ਲਈ ਗੰਭੀਰ ਖ਼ਤਰਾ ਹਨ।

ਈਰਾਨ ਨੂੰ ਤੁਰੰਤ ਹਮਲੇ ਰੋਕਣ ਦੀ ਅਪੀਲ ਆਪਣੇ ਮਤੇ ਵਿੱਚ ਸੁਰੱਖਿਆ ਪ੍ਰੀਸ਼ਦ ਨੇ ਈਰਾਨ ਨੂੰ ਖਾੜੀ ਖੇਤਰ ਵਿੱਚ ਆਪਣੀਆਂ ਚੱਲ ਰਹੀਆਂ ਫੌਜੀ ਕਾਰਵਾਈਆਂ ਅਤੇ ਹਮਲਿਆਂ ਨੂੰ ਤੁਰੰਤ ਬੰਦ ਕਰਨ ਅਤੇ ਖੇਤਰ ਵਿੱਚ ਸ਼ਾਂਤੀ ਬਣਾਈ ਰੱਖਣ ਲਈ ਕਦਮ ਚੁੱਕਣ ਲਈ ਕਿਹਾ। ਪ੍ਰੀਸ਼ਦ ਨੇ ਇਹ ਵੀ ਕਿਹਾ ਕਿ ਅੰਤਰਰਾਸ਼ਟਰੀ ਕਾਨੂੰਨ ਅਤੇ ਵਿਸ਼ਵ ਸ਼ਾਂਤੀ ਬਣਾਈ ਰੱਖਣਾ ਸਾਰੇ ਦੇਸ਼ਾਂ ਦੀ ਜ਼ਿੰਮੇਵਾਰੀ ਹੈ।

ਚੀਨ ਤੇ ਰੂਸ ਨੇ ਨਹੀਂ ਕੀਤੀ ਵੋਟਿੰਗ ਰੂਸ ਅਤੇ ਚੀਨ ਇਸ ਮਤੇ 'ਤੇ ਵੋਟਿੰਗ ਤੋਂ ਗੈਰ-ਹਾਜ਼ਰ ਰਹੇ। ਦੋਵਾਂ ਦੇਸ਼ਾਂ ਦੇ ਇਸ ਫੈਸਲੇ ਨੂੰ ਕੂਟਨੀਤਕ ਦ੍ਰਿਸ਼ਟੀਕੋਣ ਤੋਂ ਮਹੱਤਵਪੂਰਨ ਮੰਨਿਆ ਜਾਂਦਾ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਇਹ ਦਰਸਾਉਂਦਾ ਹੈ ਕਿ ਦੋਵੇਂ ਦੇਸ਼ ਸਿੱਧੇ ਟਕਰਾਅ ਤੋਂ ਬਚਦੇ ਹੋਏ ਇਸ ਮੁੱਦੇ 'ਤੇ ਨਿਰਪੱਖ ਰੁਖ਼ ਅਪਣਾਉਣਾ ਚਾਹੁੰਦੇ ਹਨ।

## *ਈਰਾਨ ਨੇ ਆਤਮਘਾਤੀ ਕਿਸ਼ਤੀ ਨਾਲ ਉਡਾਇਆ ਅਮਰੀਕਾ ਦਾ ਤੇਲ ਟੈਂਕਰ, ਇੱਕ ਭਾਰਤੀ ਦੀ ਮੌਤ*

ਨਵੀਂ ਦਿੱਲੀ, 12 ਮਾਰਚ (ਚ.ਨ.ਸ.) : ਈਰਾਨ ਨੇ ਅਮਰੀਕਾ ਦੇ ਤੇਲ ਟੈਂਕਰ ਸੇਫਸੀ ਵਿਸ਼ਨੂੰ 'ਤੇ ਹਮਲਾ ਕੀਤਾ ਹੈ। ਇਸ ਹਮਲੇ ਵਿੱਚ ਇੱਕ ਭਾਰਤੀ ਨਾਗਰਿਕ ਦੀ ਮੌਤ ਹੋ ਗਈ ਹੈ, ਜਦਕਿ 15 ਹੋਰ ਭਾਰਤੀ ਕਰੂ ਮੈਂਬਰਾਂ ਨੂੰ ਸੁਰੱਖਿਅਤ ਥਾਂ 'ਤੇ ਪਹੁੰਚਾ ਦਿੱਤਾ ਗਿਆ ਹੈ। ਰਿਪੋਰਟ ਮੁਤਾਬਕ, ਇਰਾਕ ਦੇ ਖੇਤਰੀ ਜਲ ਖੇਤਰ ਦੇ ਅੰਦਰ ਖੋਰ ਅਲ ਜੁਬੈਰ ਬੰਦਰਗਾਹ ਦੇ ਨੇੜੇ, ਅਮਰੀਕੀ ਮਲਕੀਅਤ ਵਾਲੇ ਅਤੇ ਮਾਰਸ਼ਲ ਆਈਲੈਂਡਜ਼ ਦਾ ਝੰਡਾ ਲੱਗੇ ਤੇਲ ਟੈਂਕਰ ਸੇਫਸੀ ਵਿਸ਼ਨੂੰ 'ਤੇ ਈਰਾਨ ਦੀ ਇੱਕ ਸੁਸਾਈਡ ਬੋਟ (ਆਤਮਘਾਤੀ ਬੇੜੀ) ਨਾਲ ਹਮਲਾ ਕੀਤਾ ਗਿਆ।ਰਿਪੋਰਟ ਅਨੁਸਾਰ ਈਰਾਨ ਨੇ ਸੁਸਾਈਡ ਬੋਟ ਦੀ ਵਰਤੋਂ ਕਰਕੇ ਅਮਰੀਕੀ ਤੇਲ ਟੈਂਕਰ ਨੂੰ ਉਡਾ ਦਿੱਤਾ। ਇਸ ਹਮਲੇ ਵਿੱਚ ਮਾਰੇ ਗਏ ਭਾਰਤੀ ਨਾਗਰਿਕ ਦੇ ਨਾਮ ਦਾ ਅਜੇ ਅਧਿਕਾਰਤ ਤੌਰ 'ਤੇ ਖ਼ੁਲਾਸਾ ਨਹੀਂ ਕੀਤਾ ਗਿਆ ਹੈ।ਤੇਲ ਟੈਂਕਰ 'ਤੇ ਸਵਾਰ ਬਾਕੀ 27 ਕਰੂ ਮੈਂਬਰਾਂ ਅਤੇ ਕਰਮਚਾਰੀਆਂ ਨੂੰ ਬਚਾ ਕੇ ਬਸਰਾ (ਇਰਾਕ) ਲਿਜਾਇਆ ਗਿਆ ਹੈ।



# ਸੂਬੇ 'ਚ ਸ਼੍ਰੋਮਣੀ ਅਕਾਲੀ ਦਲ ਦੀ ਲੋਕ ਪ੍ਰਿਅਤਾ ਲਗਾਤਾਰ ਵੱਧ ਰਹੀ ਹੈ: ਅਰਵਿੰਦ ਖੰਨਾ



ਸੰਗਰੂਰ, 12 ਮਾਰਚ (ਹਰਕੰਵਲ ਸਿੰਘ ਹੈਪੀ): ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਵੱਲੋਂ ਪਾਰਟੀ ਪ੍ਰਤੀ ਸ਼ੁਰੂ ਕੀਤੀ ਲਾਮਬੰਦੀ ਦੇ ਚਲਦਿਆਂ ਵੱਡੀ ਗਿਣਤੀ ਲੋਕਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ ਜਾ ਰਹੀ ਹੈ। ਇਸ ਕਵਾਇਦ ਤਹਿਤ ਅੱਜ ਭਵਾਨੀਗੜ੍ਹ ਨੇੜਲੇ ਪਿੰਡ ਦਿਆਲਪੁਰਾ ਵਿਖੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਉਸ ਸਮੇਂ ਹੋਰ ਵੱਡਾ ਬਲ ਮਿਲਿਆ, ਜਦੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਦੂਰਅੰਦੇਸ਼ੀ ਸੋਚ ਅਤੇ ਤੇ ਅਰਵਿੰਦ ਖੰਨਾ ਦੀਆਂ ਲੋਕ ਪੱਖੀ ਨੀਤੀਆਂ ਵਿੱਚ ਵਿਸ਼ਵਾਸ ਜਤਾਉਂਦੇ ਹੋਏ ਵੱਡੀ ਗਿਣਤੀ ਵਿੱਚ ਸਾਥੀ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ। ਸ਼ਾਮਿਲ ਹੋਏ ਸਾਰੇ ਸਾਥੀਆਂ ਦਾ ਦਿਲੋਂ ਸਵਾਗਤ ਕਰਦਿਆਂ ਅਰਵਿੰਦ ਖੰਨਾ ਨੇ ਕਿਹਾ ਕਿ ਮੈਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਅੱਜ ਪੰਜਾਬ ਪ੍ਰਤੀ ਹੋ ਰਹੀਆਂ ਵਿਰੋਧੀ ਨੀਤੀਆਂ ਦੇ ਚਲਦਿਆਂ ਪੰਜਾਬ ਦੇ ਲੋਕਾਂ ਨੂੰ ਇਸ ਗੱਲ ਦਾ ਅਹਿਸਾਸ ਹੋ ਗਿਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਦੇ ਹੱਕਾਂ ਦੀ ਗੱਲ ਕਰ ਸਕਦੀ ਹੈ। ਪਾਰਟੀ ਵਿੱਚ ਆਉਣ ਵਾਲ਼ੇ ਲੋਕ ਪੰਜਾਬ ਹਿਤੈਸ਼ੀ ਹੋਣ ਦਾ ਸਬੂਤ ਦੇ ਰਹੇ ਹਨ, ਅੱਜ ਪਿੰਡ ਦਿਆਲਪੁਰਾ ਤੋਂ ਮਹਿੰਦਰ ਸਿੰਘ ਜੀ, ਭੁਪਿੰਦਰ ਸਿੰਘ ਜੀ, ਤਰਸੇਮ ਸਿੰਘ ਜੀ, ਗੁਰਵੀਰ ਸਿੰਘ ਜੀ, ਅਵਤਾਰ ਸਿੰਘ ਜੀ, ਅਰਸ਼ਦੀਪ ਸਿੰਘ ਜੀ, ਗੁਰਮੀਤ ਸਿੰਘ ਜੀ, ਚਮਕੌਰ ਸਿੰਘ ਜੀ, ਨਿਸ਼ਾਨ ਸਿੰਘ ਜੀ, ਹਰਜੀਤ ਸਿੰਘ ਜੀ, ਜਗਜੀਤ ਸਿੰਘ ਜੀ, ਜੀਵਨ ਸਿੰਘ ਜੀ, ਚੰਚਲ ਸਿੰਘ ਜੀ ਅਤੇ ਤਜਿੰਦਰਪਾਲ ਸਿੰਘ ਜੀ ਆਪਣੇ ਸਾਥੀਆਂ ਸਮੇਤ ਵੱਖ-ਵੱਖ ਪਾਰਟੀਆਂ ਛੱਡ ਕੇ ਸ਼੍ਰੋਮਣੀ ਅਕਾਲੀ ਦਲ (ਬਾਦਲ )ਵਿੱਚ ਸ਼ਾਮਿਲ ਹੋਏ । ਇਸ ਮੌਕੇ ਤਜਿੰਦਰ ਪਾਲ ਸਿੰਘ ਸੰਘਰੇੜੀ ਜ਼ਿਲ੍ਹਾ ਪ੍ਰਧਾਨ,ਰੁਪਿੰਦਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ, ਹਰਵਿੰਦਰ ਸਿੰਘ ਕਾਕੜਾ ਸੀਨੀਅਰ ਅਕਾਲੀ ਆਗੂ, ਜਸਵੀਰ ਸਿੰਘ ਬਾਲਦ ਖੁਰਦ ਸਰਕਲ ਪ੍ਰਧਾਨ, ਪਰਮਜੀਤ ਸਿੰਘ ਸੰਗਤਪੁਰਾ ਸਰਕਲ ਪ੍ਰਧਾਨ, ਗੋਲਡੀ ਤੂਰ, ਗੁਰਨਾਮ ਸਿੰਘ ਸਾਬਕਾ ਸਰਪੰਚ, ਕਰਨੈਲ ਸਿੰਘ ਸਾਬਕਾ ਸਰਪੰਚ, ਦਰਸ਼ਨ ਸਿੰਘ ਫੌਜੀ ਅਤੇ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਹਾਜ਼ਰ ਸਨ।

# .ਗੈਰ-ਕਾਨੂੰਨੀ ਇਮਾਰਤ 'ਤੇ ਚੱਲਿਆ ਪ੍ਰਸ਼ਾਸਨ ਦਾ ਪੀਲਾ ਪੰਜਾ



ਬਠਿੰਡਾ, 12 ਮਾਰਚ (ਦੀਪਕ ਸ਼ਰਮਾ): ਬਠਿੰਡਾ ਵਿੱਚ ਨਸ਼ਾ ਤਸਕਰਾਂ ਅਤੇ ਗੈਰ-ਕਾਨੂੰਨੀ ਕਬਜ਼ਾਧਾਰੀਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਅੱਜ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਸਾਂਝੇ ਤੌਰ 'ਤੇ ਵੱਡੀ ਕਾਰਵਾਈ ਅੰਜਾਮ ਦਿੱਤੀ ਗਈ। ਪੁਲਿਸ ਅਨੁਸਾਰ ਸ਼ਹਿਰ ਦੀ ਧੋਬੀਆਣਾ ਬਸਤੀ ਵਿੱਚ ਨਸ਼ਾ ਤਸਕਰ ਜਿਸ਼ਨ ਅਲੀ ਉਰਫ਼ ਕੈਪਸੂਲ ਵੱਲੋਂ ਗੈਰ-ਕਾਨੂੰਨੀ ਢੰਗ ਨਾਲ ਉਸਾਰੀ ਗਈ ਇਮਾਰਤ ਨੂੰ ਅੱਜ ਬੁਲਡੋਜ਼ਰ ਚਲਾ ਕੇ ਢਾਹ ਦਿੱਤਾ ਗਿਆ। ਇਹ ਕਾਰਵਾਈ ਪੰਜਾਬ ਸਰਕਾਰ ਦੇ ਮਿਸ਼ਨ ਯੁੱਧ ਨਸ਼ਿਆਂ ਵਿਰੁੱਧ ਤਹਿਤ ਕੀਤੀ ਗਈ ਹੈ, ਜਿਸ ਨਾਲ ਇਲਾਕੇ ਦੇ ਨਸ਼ਾ ਤਸਕਰਾਂ ਵਿੱਚ ਭੈਅ ਦਾ ਮਾਹੌਲ ਪਾਇਆ ਜਾ ਰਿਹਾ ਹੈ।ਪ੍ਰਸ਼ਾਸਨਿਕ ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮ ਜਿਸ਼ਨ ਅਲੀ ਉਰਫ਼ ਕੈਪਸੂਲ ਨੇ ਗਲੀ ਨੰਬਰ 16/1 ਵਿੱਚ ਨਿਯਮਾਂ ਦੀ ਉਲੰਘਣਾ ਕਰਕੇ ਇਮਾਰਤ ਬਣਾਈ ਹੋਈ ਸੀ। ਇਸ ਸਬੰਧੀ ਡਿਪਟੀ ਕਮਿਸ਼ਨਰ-ਕਮ-ਮੈਜਿਸਟਰੇਟ ਵੱਲੋਂ ਇਮਾਰਤ ਢਾਹੁਣ ਦੇ ਹੁਕਮ ਜਾਰੀ ਕੀਤੇ ਗਏ ਸਨ। ਹਾਲਾਂਕਿ ਪ੍ਰਸ਼ਾਸਨ ਵੱਲੋਂ ਮੁਲਜ਼ਮ ਨੂੰ ਕਈ ਵਾਰ ਨੋਟਿਸ ਜਾਰੀ ਕਰਕੇ ਜਗ੍ਹਾ ਖਾਲੀ ਕਰਨ ਲਈ ਹਟਾਉਣ ਕਾਰਨ ਅੱਜ ਪੁਲਿਸ ਦੀ ਸਖ਼ਤ ਸੁਰੱਖਿਆ ਹੇਠ ਪੀਲਾ ਪੰਜਾ ਚਲਾਉਣਾ ਪਿਆ। ਦੱਸਿਆ ਜਾ ਰਿਹਾ ਹੈ ਕਿ ਉਕਤ ਮੁਲਜ਼ਮ ਖ਼ਿਲਾਫ਼ ਨਸ਼ੇ ਅਤੇ ਹੋਰ ਸੰਗੀਨ ਜ਼ੁਰਮਾਂ ਦੇ ਕਈ ਮਾਮਲੇ ਦਰਜ ਹਨ।ਬਠਿੰਡਾ ਪੁਲਿਸ ਹੁਣ ਸਿਰਫ਼ ਗ੍ਰਿਫ਼ਤਾਰੀਆਂ ਤੱਕ ਸੀਮਤ ਨਹੀਂ ਹੈ, ਸਗੋਂ ਤਸਕਰਾਂ ਦੀ ਆਰਥਿਕ ਕਮਰ ਤੋੜਨ ਲਈ ਉਨ੍ਹਾਂ ਦੀਆਂ ਜਾਇਦਾਦਾਂ ਨੂੰ ਨਿਸ਼ਾਨਾ ਬਣਾ ਰਹੀ ਹੈ। ਅੰਕੜਿਆਂ ਮੁਤਾਬਕ ਪ੍ਰਸ਼ਾਸਨ ਹੁਣ ਤੱਕ 14 ਅਜਿਹੀਆਂ ਗੈਰ-ਕਾਨੂੰਨੀ ਇਮਾਰਤਾਂ ਨੂੰ ਜ਼ਮੀਨਦੋਜ਼ ਕਰ ਚੁੱਕਾ ਹੈ। ਇੰਨਾ ਹੀ ਨਹੀਂ, ਸਾਲ 2023 ਤੋਂ ਹੁਣ ਤੱਕ 85 ਦੋਸ਼ੀਆਂ ਦੀ ਲਗਭਗ ਕੀਤੀ ਜਾ ਚੁੱਕੀ ਹੈ।ਪੁਲਿਸ ਰਿਕਾਰਡ ਅਨੁਸਾਰ 1 ਮਾਰਚ 2025 ਤੋਂ ਹੁਣ ਤੱਕ 2116 ਮੁਕੱਦਮੇ ਦਰਜ ਕਰਕੇ 3087 ਮੁਲਜ਼ਮਾਂ ਨੂੰ ਸਲਾਖਾਂ ਪਿੱਛੇ ਭੇਜਿਆ ਗਿਆ ਹੈ, ਜਿਨ੍ਹਾਂ ਵਿੱਚ 84 ਵੱਡੀਆਂ ਮੱਛੀਆਂ ਸ਼ਾਮਲ ਹਨ। ਪੁਲਿਸ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਨਸ਼ਿਆਂ ਦੇ ਇਸ ਕੋਹੜ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੁਲਿਸ ਦਾ ਸਾਥ ਦੇਣ। ਜੇਕਰ ਕੋਈ ਨਸ਼ਾ ਵੇਚਦਾ ਹੈ, ਤਾਂ ਤੁਰੰਤ ਹੈਲਪਲਾਈਨ ਨੰਬਰਾਂ (97791-00200 ਜਾਂ 91155-02252) ਤੇ ਸੂਚਨਾ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

# ਐਸ.ਐਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਪੁਲਿਸ ਵੱਲੋਂ ਬਰਾਮਦ ਕੀਤੇ ਨਸ਼ੀਲੇ ਪਦਾਰਥ ਕਰਵਾਏ ਗਏ ਨਸ਼ਟ



ਫਰੀਦਕੋਟ, 12 ਮਾਰਚ (ਅਵਤਾਰ ਸਿੰਘ ਮੱਲਾ): ਸ਼੍ਰੀ ਗੌਰਵ ਯਾਦਵ ਆਈ.ਪੀ.ਐਸ, ਡੀ.ਜੀ.ਪੀ ਪੰਜਾਬ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਸ਼ਿਆਂ ਖ਼ਿਲਾਫ਼ ਜਾਰੀ ਮੁਹਿੰਮ ਤਹਿਤ ਡਾ. ਪ੍ਰਗਿਆ ਜੈਨ ਐਸ.ਐਸ.ਪੀ, ਫਰੀਦਕੋਟ ਜੀ ਦੀ ਨਿਗਰਾਨੀ ਹੇਠ ਵੀਰਵਾਰ ਨੂੰ ਜ਼ਿਲ੍ਹਾ ਲੈਵਲ ਡਰੱਗ ਡਿਸਪੋਜਲ ਕਮੇਟੀ ਮੈਬਰਾਂ ਵੱਲੋਂ ਸੇਲ ਲਿਮਟਿਡ ਪਾਵਰ ਪਲਾਂਟ ਸੇਡਾ ਸਿੰਘ ਵਾਲਾ ਵਿਖੇ 5.37 ਕਿਲੋਗ੍ਰਾਮ ਤੋ ਵੱਧ ਹੈਰੋਇਨ, 01 ਕੁਇੰਟਲ 78 ਕਿਲੋ ਪੋਸਤ, 8650 ਨਸ਼ੀਲੀਆਂ ਗੋਲੀਆਂ/ਕੈਪਸੂਲ, 202 ਗ੍ਰਾਮ ਆਈਸ ਡਰੱਗ ਅਤੇ 01 ਕਿਲੋ ਤੋ ਵੱਧ ਗਾਜਾ ਨੂੰ ਨਸ਼ਟ ਕੀਤਾ ਗਿਆ।ਐਸ.ਐਸ.ਪੀ ਫਰੀਦਕੋਟ ਡਾ. ਪ੍ਰਗਿਆ ਜੈਨ ਵੱਲੋਂ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨਸ਼ੇ ਦੀ ਇਹ ਭਾਰੀ ਮਾਤਰਾ, ਜੋ 66 ਐਨ.ਡੀ.ਪੀ.ਐੱਸ. ਮਾਮਲਿਆਂ ਨਾਲ ਸਬੰਧਤ ਹੈ, ਜਿਸ ਨੂੰ ਕਿ ਅੱਜ ਪੂਰੀ ਪਾਰਦਰਸ਼ਤਾ ਨਾਲ ਨਸ਼ਟ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਫਰੀਦਕੋਟ ਪੁਲਿਸ ਨਸ਼ਿਆਂ ਨੂੰ ਜੜ੍ਹ ਤੋ ਖਤਮ ਕਰਨ ਲਈ ਲਗਾਤਾਰ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਜਿਸ ਦੇ ਤਹਿਤ ਫਰੀਦਕੋਟ ਪੁਲਿਸ ਵੱਲੋਂ ਪਿਛਲੇ ਕੁਝ ਸਮੇਂ ਵਿੱਚ ਐਨ.ਡੀ.ਪੀ.ਐਸ ਐਕਟ ਤਹਿਤ ਵੱਡੀ ਮਾਤਰਾ ਵਿੱਚ ਬ੍ਰਾਮਦਗੀ ਕੀਤੀ ਗਈ ਹੈ। ਜਿਹਨਾਂ ਵਿੱਚ ਬਰਾਮਦ ਹੋਏ ਨਸ਼ੀਲੇ ਪਦਾਰਥਾ ਨੂੰ ਅੱਜ ਨਸ਼ਟ ਕੀਤਾ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆ ਖਿਲਾਫ ਵਿੱਢੀ ਮੁਹਿੰਮ 'ਯੁੱਧ ਨਸ਼ਿਆ ਵਿਰੁੱਧ' ਵਿੱਚ ਪੂਰੀ ਤਰ੍ਹਾ ਕਾਰਗਰ ਸਾਬਤ ਹੋਈ ਹੈ, ਜਿਸ ਦੌਰਾਨ ਫਰੀਦਕੋਟ ਪੁਲਿਸ ਵੱਲੋ ਮਾਰਚ 2025 ਤੋ ਲੈ ਕੇ ਹੁਣ ਤੱਕ 1089 ਮੁਕੱਦਮੇ ਦਰਜ ਕਰਕੇ 1652 ਦੋਸ਼ੀ ਗ੍ਰਿਫਤਾਰ ਕੀਤੇ ਜਾ ਚੁੱਕੇ ਹਨ। ਇਸ ਦੇ ਨਾਲ ਹੀ ਪਿਛਲੇ ਮਹਿਜ 19 ਮਹੀਨਿਆ ਦੌਰਾਨ ਨਸ਼ਾ ਤਸਕਰਾ ਦੀ 09 ਕਰੋੜ ਤੋ ਜਿਆਦਾ ਕੀਮਤ ਦੀ ਜਾਇਦਾਤ ਸਬੰਧਿਤ ਅਥਾਰਟੀ ਪਾਸੋ ਮੰਨਜੂਰੀ ਹਾਸਿਲ ਕਰਨ ਉਪਰੰਤ ਫਰੀਜ ਕਰਵਾਈ ਗਈ ਹੈ।ਐਸ.ਐਸ.ਪੀ ਫਰੀਦਕੋਟ ਨੇ ਇਸ ਦੌਰਾਨ ਪਬਲਿਕ ਨੂੰ ਅਪੀਲ ਕੀਤੀ ਕਿ ਨਸ਼ਿਆਂ ਖ਼ਿਲਾਫ਼ ਲੜਾਈ ਵਿੱਚ ਪੁਲਿਸ ਪ੍ਰਸ਼ਾਸ਼ਨ ਦਾ ਸਹਿਯੋਗ ਦੇਣ ਅਤੇ ਨਸ਼ਾ ਤਸਕਰ ਜਾਂ ਸਪਲਾਇਰ ਦੀ ਜਾਣਕਾਰੀ ਸਾਂਝੀ ਕਰਨ ਕਰਨ ਲਈ ਪੰਜਾਬ ਸਰਕਾਰ ਵੱਲੋ ਜਾਰੀ ਕੀਤੀ ਗਈ ਸੇਫ ਪੰਜਾਬ ਐਂਟੀ-ਡਰੱਗ ਹੈਲਪਲਾਈਨ ਨੰਬਰ 97791-00200 ਦੀ ਵਰਤੋ ਕਰਨ।

# ਪਿੰਡ ਗੁਲਾੜੀ ਵਿੱਚ ਆਰ. ਜੀ. ਆਰ. ਸੈੱਲ ਵੱਲੋਂ ਕਿਸਾਨ ਬੀਬੀਆਂ ਲਈ ਲਗਾਇਆ ਗਿਆ ਸਿਖਲਾਈ ਕੈਂਪ



ਖਨੌਰੀ 12 ਮਾਰਚ (ਓਮਪ੍ਰਕਾਸ਼ ਮੁਆਲ) ਆਰ.ਜੀ.ਆਰ ਸੈੱਲ, ਲੁਧਿਆਣਾ ਵੱਲੋਂ ਪ੍ਰਾਨਾ ਪ੍ਰੋਜੈਕਟ ਦੇ ਤਹਿਤ ਨਜ਼ਦੀਕੀ ਪਿੰਡ ਗੁਲਾੜੀ ਵਿੱਚ ਕਿਸਾਨ ਬੀਬੀਆਂ ਲਈ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿੱਚ ਕਿਸਾਨ ਬੀਬੀਆਂ ਨੂੰ ਸਿੱਧੇ ਅਤੇ ਅਸਿੱਧੇ ਤੌਰ ਤੇ ਕਿਸਾਨੀ ਨਾਲ ਜੁੜਨ ਲਈ ਪ੍ਰੇਰਿਆ ਗਿਆ ਅਤੇ ਮਿੱਟੀ ਅਤੇ ਪਾਣੀ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ। ਇਸ ਕੈਂਪ ਵਿੱਚ ਵੱਧਦੀਆਂ ਰਸਾਇਣਕ ਖਾਦਾਂ ਦੇ ਨੁਕਸਾਨਾਂ ਬਾਰੇ ਵੀ ਜਾਗਰੂਕ ਕੀਤਾ ਗਿਆ। ਇਸ ਕੈਂਪ ਵਿੱਚ ਜੈਵਿਕ ਖੇਤੀ ਦੇ ਬਾਰੇ ਅਤੇ ਘਰ ਦੀ ਬਗੀਚੀ ਬਾਰੇ ਵੀ ਕਿਸਾਨ ਬੀਬੀਆਂ ਨੂੰ ਜਾਣੂ ਕਰਵਾਇਆ ਗਿਆ ਅਤੇ ਗਰਮੀ ਰੁੱਤ ਦੀਆਂ ਬੀਜ ਕਿੱਟਾਂ ਵੀ ਮੁੱਹਈਆ ਕਰਵਾਈਆਂ ਗਈਆਂ। ਇਸ ਮੌਕੇ ਆਰ.ਜੀ.ਆਰ ਸੈੱਲ ਤੋਂ ਫੀਲਡ ਅਸਿਸਟੈਂਟ ਹਰਭਿੰਦਰ ਸਿੰਘ ਅਤੇ ਖੇਤੀ ਦੂਤ ਮਨੋਜ ਨੈਨ, ਮੋਨੂੰ ਸਿੰਘ, ਆਦਿ ਨਾਲ ਪਿੰਡ ਵਾਸੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਸਰਪੰਚ ਕਮਲ ਦੇਵੀ ਨਾਲ ਸਮਾਜ ਸੇਵਕ ਸ੍ਰੀ ਰੀਸੀਪਾਲ ਗੁਲਾੜੀ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਮਿੱਟੀ ਅਤੇ ਪਾਣੀ ਦੀ ਸਾਂਭ ਸੰਭਾਲ ਨਾਲ ਰਸਾਇਣਕ ਖਾਦਾਂ ਦੀ ਲੋੜ ਤੋਂ ਵੱਧ ਵਰਤੋਂ ਕਰਨ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਪ੍ਰਸ਼ੰਸਾ ਯੋਗ ਉਪਰਾਲਾ ਹੈ। ਇਸ ਮੌਕੇ ਮਾਸਟਰ ਸ੍ਰੀ ਰਣਵੀਰ ਸ਼ਾਸਤਰੀ ਅਤੇ ਸ੍ਰੀ ਰਾਮਫਲ ਸ਼ਾਸਤਰੀ ਗੁਲਾੜੀ ਨੇ ਵੀ ਮਿੱਟੀ, ਪਾਣੀ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦੇਣ ਆਏ ਪ੍ਰਾਨਾ ਪ੍ਰੋਜੈਕਟ ਟੀਮ ਮੈਂਬਰਾਂ ਦੀ ਸ਼ਲਾਘਾ ਕੀਤੀ।

# ਬਠਿੰਡਾ ਸਿਵਲ ਹਸਪਤਾਲ ਦੀ ਕਮਾਨ ਹੁਣ ਮਨੋਰੋਗ ਮਾਹਿਰ ਡਾ. ਅਰੁਣ ਬਾਂਸਲ ਦੇ ਹੱਥ,



ਬਠਿੰਡਾ, 12 ਮਾਰਚ (ਦੀਪਕ ਸ਼ਰਮਾ) : ਸੂਬੇ ਦੇ ਸਿਹਤ ਵਿਭਾਗ ਵੱਲੋਂ ਅੱਜ ਪ੍ਰਸ਼ਾਸਨਿਕ ਪੱਧਰ ਤੇ ਇੱਕ ਵੱਡੀ ਸਰਜਰੀ ਕਰਦਿਆਂ ਬਠਿੰਡਾ ਦੇ ਸਿਵਲ ਹਸਪਤਾਲ ਵਿੱਚ ਨਵੀਆਂ ਨਿਯੁਕਤੀਆਂ ਅਤੇ ਤਬਾਦਲਿਆਂ ਦੀ ਸੂਚੀ ਜਾਰੀ ਕੀਤੀ ਗਈ ਹੈ। ਇਸ ਫੇਰਬਦਲ ਤਹਿਤ ਹਸਪਤਾਲ ਦੇ ਜਾਣੇ-ਪਛਾਣੇ ਮਨੋਰੋਗ ਮਾਹਿਰ ਡਾ. ਅਰੁਣ ਬਾਂਸਲ ਨੂੰ ਪਦਉੱਨਤ ਕਰਕੇ ਸਿਵਲ ਹਸਪਤਾਲ ਬਠਿੰਡਾ ਦਾ ਨਵਾਂ ਸੀਨੀਅਰ ਮੈਡੀਕਲ ਅਫਸਰ ਲਗਾਇਆ ਗਿਆ ਹੈ। ਡਾ. ਬਾਂਸਲ ਲੰਬੇ ਸਮੇਂ ਤੋਂ ਇਸੇ ਹਸਪਤਾਲ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ ਅਤੇ ਮਰੀਜ਼ਾਂ ਪ੍ਰਤੀ ਉਨ੍ਹਾਂ ਦੇ ਨਰਮ ਵਤੀਰੇ ਅਤੇ ਕੰਮ ਕਰਨ ਦੇ ਸਲੀਕੇ ਕਾਰਨ ਉਨ੍ਹਾਂ ਦੀ ਨਿਯੁਕਤੀ ਨੂੰ ਲੈ ਕੇ ਸ਼ਹਿਰ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਦੂਜੇ ਪਾਸੇ, ਹਸਪਤਾਲ ਦੀ ਮੌਜੂਦਾ ਐਸ.ਐਮ.ਓ. ਡਾ. ਸੋਨੀਆ ਗੁਪਤਾ, ਜਿਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਹਸਪਤਾਲ ਦੇ ਪ੍ਰਬੰਧਾਂ ਨੂੰ ਸੁਧਾਰਨ ਲਈ ਕਈ ਅਹਿਮ ਕਦਮ ਚੁੱਕੇ ਸਨ, ਉਨ੍ਹਾਂ ਦਾ ਤਬਾਦਲਾ ਕਰਕੇ ਹੁਣ ਉਨ੍ਹਾਂ ਨੂੰ ਸਿਵਲ ਹਸਪਤਾਲ ਬਠਿੰਡਾ ਵਿਖੇ ਹੀ ਡਿਪਟੀ ਮੈਡੀਕਲ ਸੁਪਰਡੈਂਟ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ।ਵਿਭਾਗ ਵੱਲੋਂ ਜਾਰੀ ਹੁਕਮਾਂ ਵਿੱਚ ਇੱਕ ਹੋਰ ਵੱਡਾ ਬਦਲਾਅ ਕਰਦਿਆਂ ਡੀ.ਐਮ.ਸੀ. ਡਾ. ਨਵਪ੍ਰੀਤ ਗਰੇਵਾਲ ਨੂੰ ਇੱਥੋਂ ਬਦਲ ਕੇ ਸੀ.ਐਚ.ਸੀ. ਬਾਜਾਖਾਨਾ (ਜ਼ਿਲ੍ਹਾ ਫਰੀਦਕੋਟ) ਵਿਖੇ ਐਸ.ਐਮ.ਓ. ਵਜੋਂ ਤਾਇਨਾਤ ਕੀਤਾ ਗਿਆ ਹੈ। ਸੂਤਰਾਂ ਦੀ ਮੰਨੀਏ ਤਾਂ ਸਿਹਤ ਵਿਭਾਗ ਦਾ ਇਹ ਕਦਮ ਹਸਪਤਾਲਾਂ ਦੀ ਕਾਰਜਪ੍ਰਣਾਲੀ ਨੂੰ ਹੋਰ ਚੁਸਤ-ਦਰੁਸਤ ਬਣਾਉਣ ਦੀ ਕੜੀ ਵਜੋਂ ਦੇਖਿਆ ਜਾ ਰਿਹਾ ਹੈ।ਡਾ. ਅਰੁਣ ਬਾਂਸਲ ਦੇ ਅਹੁਦਾ ਸੰਭਾਲਣ ਦੀ ਖ਼ਬਰ ਮਿਲਦਿਆਂ ਹੀ ਹਸਪਤਾਲ ਦੇ ਸਟਾਫ਼ ਅਤੇ ਸਥਾਨਕ ਲੋਕਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦੇਣ ਦਾ ਸਿਲਸਿਲਾ ਸ਼ੁਰੂ ਹੋ ਗਿਆ ਹੈ। ਲੋਕਾਂ ਨੂੰ ਉਮੀਦ ਹੈ ਕਿ ਡਾ. ਬਾਂਸਲ ਦੇ ਤਜ਼ਰਬੇ ਦਾ ਫਾਇਦਾ ਹਸਪਤਾਲ ਦੀਆਂ ਸਿਹਤ ਸੇਵਾਵਾਂ ਨੂੰ ਮਿਲੇਗਾ ਅਤੇ ਆਉਣ ਵਾਲੇ ਦਿਨਾਂ ਵਿੱਚ ਮਰੀਜ਼ਾਂ ਨੂੰ ਹੋਰ ਬਿਹਤਰ ਸਹੂਲਤਾਂ ਮੁਹੱਈਆ ਹੋ ਸਕਣਗੀਆਂ। ਹੁਣ ਦੇਖਣਾ ਇਹ ਹੋਵੇਗਾ ਕਿ ਨਵੀਂ ਟੀਮ ਹਸਪਤਾਲ ਦੀਆਂ ਚੁਣੌਤੀਆਂ ਨਾਲ ਕਿਵੇਂ ਨਜਿੱਠਦੀ ਹੈ।

# ਜਥੇਦਾਰ ਗੁਰਤੇਜ ਸਿੰਘ ਦਾਨਗੜ੍ਹ ਨੇ ਕੀਤਾ ਹਲਕਾ ਭਦੌੜ ਰਿਜ਼ਰਵ ਤੋਂ ਆਜ਼ਾਦ ਚੋਣ ਲੜਨ ਦਾ ਐਲਾਨ



ਸੰਗਰੂਰ, 12 ਮਾਰਚ (ਹਰਕੰਵਲ ਸਿੰਘ ਹੈਪੀ): ਜਥੇਦਾਰ ਗੁਰਤੇਜ ਸਿੰਘ ਦਾਨਗੜ੍ਹ ਜੋ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸੈਨਿਕ ਵਿੰਗ ਪੰਜਾਬ ਪ੍ਰਧਾਨ ਦੇ ਅਹੁਦੇ ਤੋਂ ਪਿਛਲੇ ਦਿਨੀਂ ਅਤਸੀਫਾ ਦੇ ਚੁੱਕੇ ਹਨ। ਅੱਜ ਉਹਨਾਂ ਨੇ ਆਪਣੇ ਨਿੱਜੀ ਫੈਸਲੇ ਮੁਤਾਬਿਕ ਸਮਰਥਕਾਂ ਨਾਲ ਸਲਾਹ ਮਸ਼ਵਰਾ ਕਰਕੇ ਸਾਲ 2027 ਵਿੱਚ ਹਲਕਾ ਭਦੌੜ ਤੋਂ ਆਜ਼ਾਦ ਤੌਰ 'ਤੇ ਚੋਣ ਲੜਨ ਦਾ ਐਲਾਨ ਕੀਤਾ। ਇਸ ਤੋਂ ਪਹਿਲਾਂ ਜਥੇਦਾਰ ਗੁਰਤੇਜ ਸਿੰਘ ਦੀ ਧਰਮ ਪਤਨੀ ਸਾਲ 2008 ਚ ਬਲਾਕ ਸੰਮਤੀ ਹਲਕਾ ਕੱਟੂ ਤੋਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਟਿਕਟ ਤੇ ਚੋਣ ਲੜ ਚੁੱਕੇ ਹਨ ਅਤੇ 2011 ਵਿੱਚ ਜਥੇਦਾਰ ਗੁਰਤੇਜ ਸਿੰਘ ਦਾਨਗੜ੍ਹ ਹਲਕਾ ਲੌਂਗੋਵਾਲ ਤੋਂ ਐਸਜੀਪੀਸੀ ਦੀ ਚੋਣ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਟਿਕਟ ਤੋਂ ਲੜ ਚੁੱਕੇ ਹਨ ਤੇ 2022 ਚ ਹਲਕਾ ਮਹਿਲ ਕਲਾਂ ਤੋਂ ਆਜ਼ਾਦ ਚੋਣ ਲੜ ਚੁੱਕੇ ਹਨ, ਲਗਭਗ ਪਿਛਲੇ 25 ਸਾਲਾਂ ਤੋਂ ਕਿਸਾਨ ਮਜ਼ਦੂਰ ਅਤੇ ਲੋੜਵੰਦਾਂ ਦੀ ਮਦਦ ਕਰਦੇ ਆ ਰਹੇ ਹਨ ਚਾਹੇ ਉਹ ਕਿਸੇ ਤਰ੍ਹਾਂ ਦੀ ਵੀ ਹੋਵੇ। ਕਰੋਨਾ ਕਾਲ ਦੌਰਾਨ ਵੱਡੇ ਪੱਧਰ ਤੇ ਲੋੜਵੰਦਾਂ ਨੂੰ ਰਾਸ਼ਨ ਵੰਡਿਆ ਅਤੇ ਹਰ ਸਮੇਂ ਲੋਕਾਂ ਦੇ ਨਾਲ ਖੜ੍ਹਦੇ ਹਨ। ਜਿਕਰਯੋਗ ਗੱਲ ਹੈ ਕਿ ਜਥੇਦਾਰ ਗੁਰਤੇਜ ਸਿੰਘ ਪਿਛਲੇ ਲੰਮੇ ਸਮੇਂ ਤੋਂ ਸਾਬਕਾ ਸੈਨਿਕ ਐਕਸ਼ਨ ਗਰੁੱਪ ਰਜਿਸਟਰਡ ਪੰਜਾਬ ਦੀ ਜਥੇਬੰਦੀ ਦੇ ਸੂਬਾ ਪ੍ਰਧਾਨ ਦੇ ਤੌਰ 'ਤੇ ਸੈਨਿਕ ਵੀਰਾਂ ਦੀਆਂ ਹੱਕੀ ਮੰਗਾਂ ਲਈ ਵੀ ਲੜ ਰਹੇ ਹਨ, ਜਿਸ ਕਰਕੇ ਉਹਨਾਂ ਪੰਜਾਬ ਪੱਧਰ 'ਤੇ ਆਪਣੀ ਪਕੜ ਬਣਾਈ ਹੋਈ ਹੈ। ਇੱਕ ਕਹਿੰਦੇ ਕਹਾਉਂਦੇ ਧਾੜਕ ਆਗੂ ਦੀ ਤਰ੍ਹਾਂ ਇਨਾ ਸਮਾਂ ਕਿਸੇ ਵੀ ਸਰਕਾਰੀ ਤਾਕਤ ਤੋਂ ਬਿਨਾਂ ਸੰਘਰਸ਼ ਲੜਨਾ ਆਪਣੇ ਆਪ ਵਿੱਚ ਇੱਕ ਬਹੁਤ ਵੱਡੀ ਗੱਲ ਹੈ, ਅੱਠ ਸਾਲ ਲਗਾਤਾਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਚ ਸੇਵਾ ਨਿਭਾਈ 2002 ਤੋਂ ਲੈ ਕੇ 2012 ਤੱਕ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵਿੱਚ ਅਣਥੱਕ ਮਿਹਨਤ ਕੀਤੀ ਪ੍ਰੰਤੂ ਕੁਝ ਕਾਰਨਾ ਕਰਕੇ ਪਾਰਟੀ ਤੋਂ ਅਲੱਗ ਹੋ ਕੇ ਆਪਣੀ ਜਥੇਬੰਦੀ ਸੰਤ ਅਤਰ ਸਿੰਘ ਵੈਲਫੇਅਰ ਸੋਸਾਇਟੀ ਬਣਾਈ, ਜਿਸ ਵਿੱਚ ਗੁਰਬਾਣੀ ਕੰਠ ਮੁਕਾਬਲੇ, ਕੇਸਾਂ ਦੀ ਸਾਂਭ ਸੰਭਾਲ ਅਤੇ ਹੋਰ ਪੰਥਕ ਹਿੱਤਾਂ ਲਈ ਲੰਮਾ ਸਮਾਂ ਲੜਾਈ ਲੜੀ ਅਤੇ ਅੱਜ ਵੀ ਲੜ ਰਹੇ ਹਨ।ਵਨ ਰੈਂਕ ਵਨ ਪੈਨਸ਼ਨ ਸੈਨਿਕਾਂ ਦੀਆਂ ਹੱਕੀ ਮੰਗਾਂ ਲਈ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ ਅਤੇ ਫੌਜੀਆਂ ਦਾ ਵੀ ਬਹੁਤ ਵੱਡਾ ਸਮਰਥਨ ਹੈ।

# ਨਿਰਮਲ ਸਿੰਘ ਕੜੈਲ ਦੇ ਬੀ.ਸੀ. ਵਿੰਗ ਦਾ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ



ਲਹਿਰਾਗਾਗਾ 12 ਮਾਰਚ (ਗੁਰਦੀਪ ਸਿੰਘ) ਹਲਕਾ ਲਹਿਰਾਗਾਗਾ ਦੇ ਸਿਰਕੱਢ ਆਗੂ ਨਿਰਮਲ ਸਿੰਘ ਕੜੈਲ ਸਾਬਕਾ ਚੇਅਰਮੈਨ ਦੇ ਸ਼੍ਰੋਮਣੀ ਅਕਾਲੀ ਦਲ ਦੇ ਬੀਸੀ ਵਿੰਗ ਦਾ ਜਿਲ੍ਹਾ ਪ੍ਰਧਾਨ ਬਣਨ ਤੇ ਪਾਰਟੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ, ਇਹ ਖਬਰ ਸੁਣਨ ਤੋਂ ਬਾਅਦ ਹਲਕਾ ਲਹਿਰਾ ਦੇ ਵਰਕਰ ਇਕੱਠੇ ਹੋ ਕੇ ਲੱਡੂ ਵੰਡ ਕੇ ਇੱਕ ਦੂਜੇ ਨੂੰ ਵਧਾਈ ਦਿੰਦੇ ਦੇਖੇ ਗਏ, ਇੱਥੇ ਇਹ ਦੱਸਣ ਯੋਗ ਹੈ ਕਿ ਸਰਦਾਰ ਨਿਰਮਲ ਸਿੰਘ ਕੜੈਲ ਸ਼੍ਰੋਮਣੀ ਅਕਾਲੀ ਦਲ ਵਿੱਚ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਦੀ ਸੇਵਾ ਕਰਦੇ ਆ ਰਹੇ ਹਨ, ਪਿਛਲੀ ਅਕਾਲੀ ਦਲ ਦੀ ਸਰਕਾਰ ਸਮੇਂ ਉਹ ਬਤੌਰ ਮਾਰਕੀਟ ਕਮੇਟੀ ਚੇਅਰਮੈਨ ਦੇ ਤੌਰ ਤੇ ਮੂਣਕ ਵਿਖੇ ਆਪਣੀ ਸੇਵਾ ਨਿਭਾ ਚੁੱਕੇ ਹਨ, ਹੁਣ ਪਾਰਟੀ ਵੱਲੋਂ ਉਨਾਂ ਦੀਆਂ ਸ਼ਾਨਦਾਰ ਸੇਵਾਵਾਂ ਅਤੇ ਵਫਾਦਾਰੀ ਨੂੰ ਦੇਖਦੇ ਹੋਏ ਜਿਲਾ ਸੰਗਰੂਰ ਦੇ ਬੀਸੀ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਹੈ, ਉਨਾਂ ਦੀ ਨਿਯੁਕਤੀ ਤੇ ਐਡਵੋਕੇਟ ਗਗਨਦੀਪ ਸਿੰਘ ਖੰਡੇਬਾਦ ਹਲਕਾ ਇੰਚਾਰਜ ਲਹਿਰਾ, ਗੁਰਵਿੰਦਰ ਸਿੰਘ ਸ਼ੇਰਗੜ੍ਹ ਯੂਥ ਕੋਆਰਡੀਨੇਟਰ ,ਸਾਬਕਾ ਚੇਅਰਮੈਨ ਬੀਬੀ ਦਲਜੀਤ ਕੌਰ ਭੁੱਲਰ, ਜਥੇਦਾਰ ਗੁਰਦੀਪ ਸਿੰਘ ਮਕੋਰੜ ਸਾਬਕਾ ਚੇਅਰਮੈਨ, ਮਾਸਟਰ ਰਾਮ ਸਿੰਘ ਦੇਹਲਾ, ਗੋਲਡੀ ਚੀਮਾ ਸਾਬਕਾ ਚੇਅਰਮੈਨ, ਸੂਰਜ ਮੱਲ ਗੁਲਾੜੀ, ਕੇਵਲ ਸਿੰਘ ਕਲੇਰ ਸਰਕਲ ਪ੍ਰਧਾਨ ਜੁਗਰਾਜ ਸਿੰਘ ਬਾਗੜੀ ਸਰਕਲ ਪ੍ਰਧਾਨ, ਸੇਵਾ ਸਿੰਘ ਬਲੱਰਾ ਸਰਕਲ ਪ੍ਰਧਾਨ, ਜਗਰਾਜ ਸਿੰਘ ਬਖੋਰਾ, ਟਹਿਲ ਸਿੰਘ ਮੰਡਵੀ, ਗੁਰਦੀਪ ਸਿੰਘ ਬਹਿਨੀਵਾਲ ਖਨੌਰੀ, ਸਰਪੰਚ ਨੈਬ ਸਿੰਘ ਪੂਣੀਆਂ, ਜਗਦੇਵ ਸਿੰਘ, ਪ੍ਰੋਫੈਸਰ ਹਜ਼ੂਰਾ ਸਿੰਘ ਖੰਡੇਬਾਦ, ਹਰਵਿੰਦਰ ਸਿੰਘ ਰੋੜੇਵਾਲ, ਰਣਵੀਰ ਸਿੰਘ ਚੋਟੀਆਂ, ਹਰਪ੍ਰੀਤ ਸਿੰਘ ਸੇਖੋਂ, ਨਵਜੋਤ ਸਿੰਘ ਮਕੋਰੜ ਸਾਹਿਬ ,ਮਲਕੀਤ ਸਿੰਘ ਮਹਾ ਸਿੰਘ ਵਾਲਾ, ਦਰਸ਼ਨ ਸਿੰਘ ਕਾਲਾ ਡੂਡੀਆਂ, ਜਗਦੀਪ ਸਿੰਘ ਸੰਧੂ ਲੇਹਲ ਕਲਾਂ ਨੇ ਸਰਦਾਰ ਨਿਰਮਲ ਸਿੰਘ ਕੜੈਲ ਨੂੰ ਪਾਰਟੀ ਦੇ ਬੀਸੀ ਵਿੰਗ ਦਾ ਜਿਲ੍ਹਾ ਪ੍ਰਧਾਨ ਬਣਾਉਣ ਤੇ ਬੀਸੀ ਵਿੰਗ ਦੇ ਕੌਮੀ ਪ੍ਰਧਾਨ ਹੀਰਾ ਸਿੰਘ ਗਾਬੜੀਆ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ ਤੇ ਉਹਨਾਂ ਕਿਹਾ ਕਿ ਨਿਰਮਲ ਸਿੰਘ ਕੜੈਲ ਲੰਮੇ ਸਮੇਂ ਤੋਂ ਅਕਾਲੀ ਦਲ ਨਾਲ ਜੁੜੇ ਹੋਏ ਹਨ ,ਉਹ ਪਾਰਟੀ ਲਈ ਤਨ ਮਨ ਨਾਲ ਸੇਵਾ ਨਿਭਾ ਰਹੇ ਹਨ, ਉਹਨਾਂ ਦੀਆਂ ਸੇਵਾਵਾਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਪਾਰਟੀ ਵੱਲੋਂ ਜੋ ਉਹਨਾਂ ਨੂੰ ਜਿੰਮੇਵਾਰੀ ਸੌਂਪੀ ਗਈ ਹੈ ਉਸ ਨੂੰ ਉਹ ਬਾਖੂਬੀ ਨਾਲ ਨਿਭਾਉਣਗੇ, ਸਰਦਾਰ ਨਿਰਮਲ ਸਿੰਘ ਕੜੈਲ ਨੇ ਵੀ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਸੀਨੀਅਰ ਲੀਡਰਸ਼ਿਪ ਅਤੇ ਵਰਕਰਾਂ ਦੇ ਵਿਸ਼ਵਾਸ ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ ਅਤੇ ਜ਼ਿਲਾ ਸੰਗਰੂਰ ਵਿੱਚ ਪਾਰਟੀ ਦੀਆਂ ਜੜਾਂ ਮਜਬੂਤ ਕਰਨ ਲਈ ਹਰ ਸੰਭਵ ਯਤਨ ਕਰਨਗੇ,

# ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਸਬੰਧੀ ਕੈਂਪ ਲਗਾਇਆ

ਭਗਤਾ ਭਾਈ ਕਾ 12 ਮਾਰਚ (ਸਵਰਨ ਸਿੰਘ ਭਗਤਾ)ਸੀ.ਐੱਮ.ਐੱਸ ਗੁਰੂ ਕਾਸ਼ੀ ਪਬਲਿਕ ਸਕੂਲ ਭਗਤਾ ਭਾਈਕਾ ਇਲਾਕੇ ਦਾ ਇੱਕੋ- ਇੱਕ ਅਜਿਹਾ ਸਕੂਲ ਹੈ ,ਜਿੱਥੇ ਵਿਦਿਆਰਥੀਆਂ ਦੀ ਪੜ੍ਹਾਈ ਦੇ ਨਾਲ- ਨਾਲ ਉਹਨਾਂ ਦੀ ਸਿਹਤ ਦਾ ਵੀ ਖਾਸ ਧਿਆਨ ਰੱਖਿਆ ਜਾਂਦਾ ਹੈ, ਕਿਉਂਕਿ ਇਕ ਤੰਦਰੁਸਤ ਵਿਦਿਆਰਥੀ ਹੀ ਪੜ੍ਹਾਈ, ਖੇਡਾਂ ਅਤੇ ਹੋਰ ਖੇਤਰਾਂ ਵਿੱਚ ਆਪਣੀ ਵਧੀਆ ਕਾਰਗੁਜ਼ਾਰੀ ਵਿਖਾ ਸਕਦਾ ਹੈ । ਇਸੇ ਕੜੀ ਤਹਿਤ ਸਕੂਲ ਵਿੱਚ ਨਰਸਰੀ ਕਲਾਸ ਤੋਂ ਲੈ ਕੇ ਦੂਸਰੀ ਕਲਾਸ ਤੱਕ ਦੇ ਵਿਦਿਆਰਥੀਆਂ ਦਾ ਦੰਦਾਂ ਦਾ ਚੈੱਕ-ਅਪ ਕੈਂਪ ਲਗਾਇਆ ਗਿਆ । ਜਿਸ ਵਿੱਚ ਦੰਦਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰ ਈਸ਼ ਸਿੰਗਲਾ ਅਤੇ ਡਾਕਟਰ ਵਿਭਾ ਸਿੰਗਲਾ ਦੁਆਰਾ (ਈਸ਼ ਡੈਂਟਲ ਕਲੀਨਿਕ ਕੋਟ ਕਪੂਰਾ) ਤੋਂ ਵਿਸ਼ੇਸ਼ ਤੌਰ ਤੇ ਪਹੁੰਚ ਕੇ ਵਿਦਿਆਰਥੀਆਂ ਦੇ ਦੰਦਾਂ ਦਾ ਚੈੱਕ-ਅਪ ਕੀਤਾ ਗਿਆ । ਸਕੂਲ ਦੇ ਪ੍ਰਿੰਸੀਪਲ ਰਮਨ ਕੁਮਾਰ ਨੇ ਡਾਕਟਰ ਸਾਹਿਬ ਨੂੰ ਜੀ ਆਇਆ ਆਖਿਆ ਅਤੇ ਵਿਦਿਆਰਥੀਆਂ ਨਾਲ ਉਹਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਜੈ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਦੰਦ ਸਾਡੇ ਸਰੀਰ ਦਾ ਅਹਿਮ ਹਿੱਸਾ ਹਨ, ਇਹਨਾਂ ਦੀ ਦੇਖਭਾਲ ਕਰਨੀ ਅਤੀ ਜਰੂਰੀ ਹੈ ਇਸ ਲਈ ਸਾਨੂੰ ਦਿਨ ਵਿੱਚ ਦੋ ਵਾਰ ਸਵੇਰੇ ਅਤੇ ਸ਼ਾਮ ਨੂੰ ਬੁਰਸ਼ ਕਰਨਾ ਚਾਹੀਦਾ ਹੈ। ਤਾਂ ਜੋ ਸਾਡੇ ਦੰਦ ਕਿਟਾਣੂੰਆਂ ਤੋਂ ਰਹਿਤ ਹੋ ਸਕਣ

# ਆਕਸਫੋਰਡ ਸੰਸਥਾ ਵਿਖੇ ਕਰਵਾਇਆ ਗਿਆ ਮਾਪਿਆਂ ਦਾ ਓਰੀਐਂਟੇਸ਼ਨ ਪ੍ਰੋਗਰਾਮ



ਭਗਤਾ ਭਾਈ ਕਾ 12 ਮਾਰਚ (ਸਵਰਨ ਸਿੰਘ ਭਗਤਾ)'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ, ਭਗਤਾ ਭਾਈ ਕਾ' ਇਲਾਕੇ ਦੀ ਇੱਕ ਅਜਿਹੀ ਵਿੱਦਿਅਕ ਸੰਸਥਾ ਹੈ, ਜੋ ਆਪਣੇ ਵਿਦਿਆਰਥੀਆਂ ਦੇ ਭਵਿੱਖ ਨੂੰ ਤਰਾਸ਼ਣ ਲਈ ਬੇਹੱਦ ਯਤਨਸ਼ੀਲ ਰਹਿੰਦੀ ਹੈ। ਇਸ ਸੰਸਥਾ ਵਿੱਚ ਸਮੇਂ-ਸਮੇਂ ਤੇ ਵਿਦਿਆਰਥੀਆਂ ਅਤੇ ਮਾਪਿਆਂ ਲਈ ਅਜਿਹੇ ਪ੍ਰੋਗਰਾਮ ਆਯੋਜਿਤ ਕੀਤੇ ਜਾਂਦੇ ਹਨ, ਜੋ ਉਨ੍ਹਾਂ ਲਈ ਬਹੁਤ ਲਾਭਦਾਇਕ ਸਾਬਤ ਹੁੰਦੇ ਹਨ।ਇਸੇ ਕਾਰਜ ਲੜੀ ਨੂੰ ਅੱਗੇ ਤੋਰਦੇ ਹੋਏ ਇਸ ਸੰਸਥਾ ਵਿੱਚ ਪ੍ਰੀ-ਨਰਸਰੀ ਤੇ ਨਰਸਰੀ ਦੇ ਵਿਦਿਆਰਥੀਆਂ ਦੇ ਮਾਪਿਆਂ ਲਈ ਇੱਕ ਓ ਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਤਾਂ ਕਿ ਉਨ੍ਹਾਂ ਨੂੰ ਆਪਣੇ ਬੱਚਿਆਂ ਦੇ ਸਕੂਲ ਵਿੱਚ ਵਿਚਰਨ ਸਮੇਂ ਆਉਣ ਵਾਲੀਆਂ ਦਿੱਕਤਾਂ ਬਾਰੇ ਕੀਮਤੀ ਜਾਣਕਾਰੀ ਪ੍ਰਦਾਨ ਕੀਤੀ ਜਾ ਸਕੇ। ਇਸ ਪ੍ਰੋਗਰਾਮ ਦੇ ਮੁੱਖ ਸਰੋਤ ਸ੍ਰੀਮਤੀ ਜੁਆਨਾ ਫਰਨਾਂਡੇਜ਼ (ਸਿੱਖਿਅਕ ਅਤੇ ਟੀਚਰ ਟਰੇਨਿੰਗ ਐਕਸਪਰਟ, ਚੰਡੀਗੜ੍ਹ), ਨੇ ਪ੍ਰੋਗਰਾਮ ਦੌਰਾਨ ਦੱਸਿਆ ਕਿ ਅੱਜ ਦੇ ਮਾਪਿਆਂ ਉੱਤੇ ਹਰ ਚੀਜ਼ ਨੂੰ ਸਹੀ ਢੰਗ ਨਾਲ ਕਰਨ ਅਤੇ ਕਰਵਾਉਣ ਦਾ ਦਬਾਅ ਬਣਿਆ ਰਹਿੰਦਾ ਹੈ, ਜਿਸ ਕਾਰਨ ਉਨ੍ਹਾਂ ਨੂੰ ਬੱਚਿਆਂ ਦਾ ਪਾਲਣ-ਪੋਸ਼ਣ ਕਰਨਾ ਔਖਾ ਲੱਗਦਾ ਹੈ।ਆਪਣੇ 17 ਸਾਲਾਂ ਦੇ ਤਜ਼ਰਬੇ ਨੂੰ ਮਾਪਿਆਂ ਨਾਲ ਸਾਂਝੇ ਕਰਦੇ ਹੋਏ ਸ੍ਰੀਮਤੀ ਫਰਨਾਂਡੇਜ਼ ਨੇ ਕਿਹਾ ਕਿ ਛੋਟੇ ਬੱਚਿਆਂ ਦੇ ਪਾਲਣ-ਪੋਸ਼ਣ ਵਿੱਚ ਮਾਹੌਲ ਨੂੰ ਸੁਖਾਵਾਂ ਬਣਾਉਣਾ ਜ਼ਰੂਰੀ ਹੈ।ਉਨ੍ਹਾਂ ਨੇ ਇਸ ਨਾਲ ਸੰਬਧਿਤ ਨੁਕਤੇ ਵੀ ਮਾਪਿਆਂ ਨਾਲ ਸਾਂਝੇ ਕੀਤੇ। ਇਸ ਤੋਂ ਇਲਾਵਾ ਉਨ੍ਹਾਂ ਨੇ ਬੱਚੇ ਦੇ ਬਚਪਨ ਅਤੇ ਸਿੱਖਿਅਕ ਪਹਿਲੂ, ਸ਼ਿਸਟਾਚਾਰ ਅਤੇ ਕਦਰਾਂ-ਕੀਮਤਾਂ ਦੀ ਸਿੱਖਣਾ, ਬੱਚੇ ਦੀ ਜਿੰਦਗੀ ਵਿੱਚ ਸਕੂਲ ਅਤੇ ਅਧਿਆਪਕਾਂ ਦੇ ਰੋਲ ਬਾਰੇ ਵਿਸਥਾਰ ਨਾਲ ਸਮਝਾਇਆ।ਉਨ੍ਹਾਂ ਨੇ ਮਾਪਿਆਂ ਨੂੰ ਕੁਝ ਜ਼ਰੂਰੀ ਟਿਪਸ ਰਾਹੀਂ ਬੱਚਿਆਂ ਨੂੰ ਮੋਬਾਇਲ ਤੋਂ ਦੂਰ ਰੱਖਣ ਦੇ ਬਾਰੇ ਜਾਣੂ ਕਰਵਾਇਆ।

# ਮੂਨ ਲਾਈਟ ਹਾਈ ਸਕੂਲ ਸਿੱਖਿਆ ਦੇ ਖੇਤਰ ਵਿੱਚ ਨਿਭਾ ਰਿਹੈ ਮੋਹਰੀ ਭੂਮਿਕਾ

ਬੁੱਢਲਾਡਾ, 12 ਮਾਰਚ (ਦਵਿੰਦਰ ਸਿੰਘ ਕੋਹਲੀ /ਜੀਵਨ ਕੁਮਾਰ) ਮੂਨ ਲਾਈਟ ਹਾਈ ਸਕੂਲ ਬੁਢਲਾਡਾ ਪਿਛਲੇ ਕਰੀਬ 35 ਸਾਲਾਂ ਤੋਂ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦਾ ਆ ਰਿਹਾ ਹੈ। ਇਸ ਸਕੂਲ ਨੇ ਹਮੇਸ਼ਾਂ ਵਿਦਿਆਰਥੀਆਂ ਨੂੰ ਵਧੀਆ ਅਤੇ ਗੁਣਵੱਤਾ ਭਰੀ ਸਿੱਖਿਆ ਦੇਣ ਲਈ ਅਹਿਮ ਭੂਮਿਕਾ ਨਿਭਾਈ ਹੈ।ਸਕੂਲ ਦੇ ਚੇਅਰਮੈਨ ਸ਼ਿਵ ਕਾਸਲ ਨੇ ਦੱਸਿਆ ਕਿ ਮੂਨ ਲਾਈਟ ਹਾਈ ਸਕੂਲ ਤੋਂ ਪੜ੍ਹ ਕੇ ਬਹੁਤ ਸਾਰੇ ਵਿਦਿਆਰਥੀ ਅੱਜ ਵੱਖ-ਵੱਖ ਉੱਚੇ ਅਹੁਦਿਆਂ 'ਤੇ ਨਿਯੁਕਤ ਹੋ ਕੇ ਆਪਣੇ ਮਾਪਿਆਂ ਅਤੇ ਸ਼ਹਿਰ ਦਾ ਨਾਮ ਰੌਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਕੂਲ ਦਾ ਮਕਸਦ ਸਿਰਫ਼ ਪੜ੍ਹਾਈ ਤੱਕ ਸੀਮਿਤ ਨਹੀਂ, ਸਗੋਂ ਬੱਚਿਆਂ ਨੂੰ ਚੰਗੇ ਸੰਸਕਾਰ ਅਤੇ ਅਨੁਸ਼ਾਸਨ ਨਾਲ ਤਿਆਰ ਕਰਨਾ ਵੀ ਹੈ। ਸਕੂਲ ਦੇ ਪ੍ਰਿੰਸੀਪਲ ਸੁਨੀਤਾ ਰਾਣੀ ਨੇ ਕਿਹਾ ਕਿ ਸਕੂਲ ਦੀ ਪ੍ਰਬੰਧਕ ਕਮੇਟੀ ਅਤੇ ਅਧਿਆਪਕਾਂ ਦੀ ਮੇਹਨਤ ਨਾਲ ਸਕੂਲ ਲਗਾਤਾਰ ਤਰੱਕੀ ਕਰ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਉੱਚੀ ਸਿੱਖਿਆ ਅਤੇ ਚੰਗੀ ਰਹਿਨੁਮਾਈ ਦੇਣ ਲਈ ਵਚਨਬੱਧ ਹੈ। ਇਸ ਸਕੂਲ ਦਾ ਨਤੀਜਾ ਲਗਭਗ 100% ਹੀ ਰਹਿੰਦਾ ਹੈ ।

# ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਬਚਾਅ ਲਈ ਐੱਚ.ਪੀ.ਵੀ. ਵੈਕਸੀਨੇਸ਼ਨ ਮੁਹਿੰਮ



ਲੌਂਗੋਵਾਲ, 12 ਮਾਰਚ (ਭਗਵੰਤ ਸ਼ਰਮਾ )ਸਿਵਲ ਸਰਜਨ ਡਾ. ਅਮਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਿਤਾ ਬਾਂਸਲ ਦੀ ਅਗਵਾਈ ਵਿੱਚ ਸੀ.ਐੱਚ.ਸੀ. ਲੌਂਗੋਵਾਲ ਵਿਖੇ ਘਾਤਕ ਬਿਮਾਰੀ ਸਰਵਾਈਕਲ ਕੈਂਸਰ (ਬੱਚੇਦਾਨੀ ਦੇ ਮੂੰਹ ਦਾ ਕੈਂਸਰ) ਤੋਂ ਬਚਾਅ ਲਈ ਹਿਊਮਨ ਪੈਪੀਲੋਮਾ ਵਾਇਰਸ ਵੈਕਸੀਨੇਸ਼ਨ ਮੁਹਿੰਮ ਜਾਰੀ ਹੈ। ਡਾ. ਮਨਿਤਾ ਬਾਂਸਲ ਨੇ ਦੱਸਿਆ ਕਿ ਇਹ ਮੁਹਿੰਮ 3 ਮਹੀਨੇ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਇਹ ਐੱਚ.ਪੀ.ਵੀ. ਵੈਕਸੀਨ 14 ਤੋਂ 15 ਸਾਲ ਤੱਕ ਦੀਆਂ ਲੜਕੀਆਂ ਲਈ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਸੁਰੱਖਿਅਤ ਹੈ। ਉਨ੍ਹਾਂ ਦੱਸਿਆ ਕਿ ਵਿਸ਼ਵ ਭਰ ਵਿੱਚ ਔਰਤਾਂ ਵਿੱਚ ਸਰਵਾਈਕਲ ਕੈਂਸਰ ਦੇ ਵਧਦੇ ਮਾਮਲਿਆਂ ਨੂੰ ਦੇਖਦੇ ਹੋਏ ਸਿਹਤ ਵਿਭਾਗ ਵੱਲੋਂ ਇਹ ਅਹਿਮ ਕਦਮ ਚੁੱਕਿਆ ਗਿਆ ਹੈ ਤਾਂ ਜੋ ਭਵਿੱਖ ਵਿੱਚ ਇਸ ਬਿਮਾਰੀ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।ਡਾ. ਬਾਂਸਲ ਨੇ ਦੱਸਿਆ ਕਿ ਹਿਊਮਨ ਪੈਪੀਲੋਮਾ ਵਾਇਰਸ ਸਰਵਾਈਕਲ ਕੈਂਸਰ ਦਾ ਮੁੱਖ ਕਾਰਨ ਹੈ ਅਤੇ ਜੇਕਰ ਸਹੀ ਉਮਰ ਵਿੱਚ ਇਹ ਟੀਕਾਕਰਨ ਕਰਵਾ ਲਿਆ ਜਾਵੇ, ਤਾਂ ਇਸ ਕੈਂਸਰ ਦੇ ਖ਼ਤਰੇ ਨੂੰ ਲਗਭਗ 90 ਫੀਸਦੀ ਤੱਕ ਘਟਾਇਆ ਜਾ ਸਕਦਾ ਹੈ। ਸੀਨੀਅਰ ਮੈਡੀਕਲ ਅਫ਼ਸਰ ਨੇ ਅਪੀਲ ਕੀਤੀ ਕਿ ਮਾਪੇ ਬਿਨਾਂ ਕਿਸੇ ਡਰ ਜਾਂ ਅਫਵਾਹ ਦੇ ਆਪਣੀਆਂ ਧੀਆਂ ਦਾ ਟੀਕਾਕਰਨ ਜ਼ਰੂਰ ਕਰਵਾਉਣ। ਇਹ ਵੈਕਸੀਨ ਮੁਫ਼ਤ ਲਗਾਈ ਜਾ ਰਹੀ ਹੈ।ਡਾ. ਰਮਨ ਗੋਇਲ ਨੇ ਸਮੂਹ ਨਾਗਰਿਕਾਂ ਨੂੰ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ ਤਾਂ ਜੋ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।ਇਸ ਮੌਕੇ ਐਲ ਐਚ ਵੀ ਸਪਿੰਦਰ ਸ਼ਰਮਾ ਤੇ ਸਮੂਹ ਆਸ਼ਾ ਹਾਜ਼ਰ ਸਨ।

# ਮਾਰਕਫੈੱਡ ਤੋ ਸੇਵਾ ਮੁਕਤ ਹੋਏ ਮੁਲਾਜ਼ਮਾਂ ਨੇ ਮੁੱਖ ਦ.ਫਤਰ ਚੰਡੀਗੜ੍ਹ ਵਿੱਚ ਦਿੱਤੇ ਮੰਗ ਪੱਤਰ



ਬੁਢਲਾਡਾ, 12 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ)-ਮਾਰਕਫੈੱਡ ਤੋਂ ਸੇਵਾ ਮੁਕਤ ਹੋਏ ਮੁਲਾਜ਼ਮਾਂ ਨੇ ਇੱਕ ਪੰਜਾਬ ਪੱਧਰ ਦੀ ਇਕਤਰਤਾ ਮੁੱਖ ਦਫਤਰ ਚੰਡੀਗੜ੍ਹ ਵਿੱਚ ਕਰਦਿਆਂ ਮੰਗ ਪੱਤਰ ਚੇਅਰਮੈਨ ਅਤੇ ਮੁੱਖ ਪ੍ਰਬਧਕ ਅਤੇ ਹੋਰਨਾਂ ਅਧਿਕਾਰੀਆ ਨੂੰ ਦਿੱਤੇ ਹਨ, ਜਿਸ ਵਿੱਚ ਸੇਵਾ ਮੁਕਤ ਹੋਣ ਤੋਂ ਕੁਝ ਦਿਨ, ਮਹੀਨੇ ਪਹਿਲਾਂ ਬਣਾਈਆਂ ਗਈਆਂ ਝੂਠੀਆਂ ਗਲਤ ਚਾਰਜ ਸੀਟਾਂ ਨੂੰ ਵਾਪਸ ਲੈਣ ਤੋ ਇਲਾਵਾ ਗੁਰੈਚੁਟੀ, ਲੀਵ ਇਨ ਕੈਸਮੈਂਟ, ਚਾਰਜ ਸ਼ੀਟਾ ਦੀਆ ਇੰਕੁਆਰੀਆ ਨੂੰ ਸਮੇਂ ਸਿਰ ਚਾਲੂ ਅਤੇ ਫੈਸਲੇ ਕਰਨ ਸਬੰਧੀ ਖਾਸ ਤੌਰ ਤੇ ਮੰਗ ਕੀਤੀ ਗਈ ਹੈ ਇਸ ਸਮੇ ਰਿਟਾਇਰਡ ਫੀਲਡ ਮੁਲਾਜਮਾ ਦੀ ਹਾਜਰੀ ਭਾਰੀ ਗਿਣਤੀ ਵਿੱਚ ਦੇਖੀ ਗਈ ।ਮੰਗ ਪੱਤਰ ਸੌਂਪਣ ਤੋਂ ਪਹਿਲਾ ਮਾਰਕਫੈੱਡ ਰਿਟਾਇਰਡ ਫੀਲਡ ਇੰਪਲਾਈਜ ਵੈਲਫੇਅਰ ਅਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਸ੍ਰ. ਹਰਪਾਲ ਸਿੰਘ ਨੇ ਮਾਰਕਫੈੱਡ ਦੇ ਫੀਲਡ ਮੁਲਾਜਮਾ ਦੀਆ ਝੂਠੀਆ ਅਤੇ ਗਲਤ ਤਰੀਕੇ ਨਾਲ ਚਾਰਜ ਸ਼ੀਟਾ ਬਣਾਉਣ ਵਾਲੇ ਅਧਿਕਾਰੀਆਂ ਨੂੰ ਲੰਬੇ ਹੱਥੀਂ ਲੈਂਦਿਆ ਕਿਹਾ ਕਿ ਮਾਰਕਫੈੱਡ ਨੂੰ ਬੁਲੰਦੀਆ ਤੇ ਪਹੁੰਚਾਉਣ ਲਈ ਫੀਲਡ ਮੁਲਾਜਮ ਦਿਨ ਰਾਤ ਇੱਕ ਕਰਕੇ ਮਾਰਕਫੈੱਡ ਦੇ ਹਿੱਤਾ ਲਈ ਲੱਗੇ ਰਹਿੰਦੇ ਹਨ ਪ੍ਰੰਤੂ ਸੇਵਾ ਮੁਕਤ ਹੋਣ ਤੋ ਕੁਝ ਦਿਨ, ਮਹੀਨੇ ਪਹਿਲਾ ਜਾਣ ਬੁੱਝ ਕੇ ਅਧਿਕਾਰੀ ਆਪਣੀਆ ਕਮੀਆ, ਗਲਤੀਆ ਨੂੰ ਛੁਪਾਂਉਂਦੇ ਹੋਏ ਬੜੀ ਹੁਸ਼ਿਆਰੀ ਨਾਲ ਸੇਵਾ ਮੁਕਤ ਹੋ ਰਹੇ ਫੀਲਡ ਮੁਲਾਜਮਾ ਨੂੰ ਅੰਤਾਂ ਦੀਆ ਚਾਰਜ ਸ਼ੀਟਾਂ ਨਾਲ ਸੇਵਾ ਮੁਕਤ ਕਰਕੇ ਬੜੇ ਖੁਸ਼ ਹੁੰਦੇ ਹਨ।ਕੀ ਸਾਰੇ ਦਾ ਸਾਰਾ ਕਸੂਰ ਫੀਲਡ ਮੁਲਾਜਮਾ ਦਾ ਹੂੰਦਾ ਹੈ ? ਜਦੋ ਕਿ ਸੇਵਾ ਮੁਕਤ ਹੋਣ ਜਾ ਰਹੇ ਮੁਲਾਜਮਾ ਨੂੰ 6 ਮਹੀਨੇ ਪਹਿਲਾ ਉਹਨਾ ਨੂੰ ਦਿੱਤੇ ਕੰਮਾ ਅਤੇ ਚਾਰਜਾ, ਚਾਰਜ ਸ਼ੀਟਾਂ, ਕੇਸਾਂ ਦੇ ਨਿਪਟਾਰੇ ਕਰਕੇ ਮਾਰਕਫੈੱਡ ਦੇ ਰੂਲਜ ਅਤੇ ਰੈਗੂਲੇਸ਼ਨ ਅਨੁਸਾਰ ਸੇਵਾ ਮੁਕਤ ਕੀਤਾ ਜਾਣਾ ਚਾਹੀਦਾ ਹੈ।ਰਿਟਾਇਰਡ ਮੁਲਾਜਮਾ ਨੂੰ ਮੈਡੀਕਲ ਭੱਤਾ ਜਾਂ ਬੀਮਾਰੀ ਤੇ ਹੋਣ ਵਾਲਾ ਖਰਚਾ ਵੀ ਨਹੀ ਦਿੱਤਾ ਜਾਂਦਾ। ਇਸ ਤੋ ਇਲਾਵਾ ਅਸ਼ਵਨੀ ਕੁਮਾਰ ਜਰਨਲ ਸੱਕਤਰ ਪਟਿਆਲਾ ਨੇ ਕਿਹਾ ਕਿ ਮਾਰਕਫੈੱਡ ਦੇ ਫੀਲਡ ਮੁਲਾਜਮਾ ਪਾਸ ਚਾਰਜ ਸ਼ੀਟਾਂ, ਕੇਸਾ ਦੀਆ ਇਨਕੁਆਰੀਆ ਸਮੇ ਆਪਣਾ ਪੱਖ ਪੇਸ਼ ਕਰਨ ਲਈ ਵਕੀਲਾ, ਬੱਸਾ ਦੇ ਕਿਰਾਏ ਅਦਿ ਖਰਚੇ ਵੀ ਨਹੀ ਹਨ ਜਦੋ ਕਿ ਜੀਵਨ ਦਾ ਅੰਤਲਾ ਸਮਾਂ ਸੁੱਖ ਸਹੂਲਤਾ ਵਾਲਾ ਹੋਣਾ ਚਾਹੀਦਾ ਹੈ ਕਈ ਰਿਟਾਈਰਡ ਹੋ ਚੁਕੇ ਮੁਲਾਜਮਾ ਦੇ ਬੱਚਿਆ ਦੀਆ ਸ਼ਾਦੀਆ ਹੋਣ ਵਾਲੀਆ ਹਨ ਪਰਤੂੰ ਆਮਦਨ ਦਾ ਸਾਧਨ ਨਾ ਹੋਣ ਕਾਰਨ ਘਰ ਪਰਿਵਾਰ ਦੇ ਗੁਜਾਰੇ ਨਹੀ ਹੋ ਰਹੇ, ਚੇਅਰਮੈਨ ਸਾਹਿਬ, ਅਤੇਪ੍ਰਬਧਕ ਨਿਰਦੇਸ਼ਕ ਸਾਹਿਬ ਤੋਮੰਗ ਕੀਤੀ ਜਾਂਦੀ ਹੈ ਕਿ ਗਲਤ ਚਾਰਜ ਸ਼ੀਟਾਂ ਨੂੰ ਰੱਦ ਕੀਤਾ ਜਾਵੇ ਝੂਠੀਆ ਚਾਰਜ ਸ਼ੀਟਾ ਤਿਆਰ ਕਰਨ ਵਾਲੇ ਅਧਿਕਾਰੀਆ ਖਿਲਾਫ ਬਣਦੀ ਵਿਭਾਗੀ ਕਾਰਵਾਈ ਕੀਤੀ ਜਾਵੇ। ਚਾਰਜ ਸ਼ੀਟਾ ਦੀਆ ਇਨਕੁਆਰੀਆ ਨੂੰ ਚਾਲੂ ਅਤੇ ਨਿਪਟਾਰੇ ਦਾ ਸਮਾ-ਸਮਾਬੱਧ ਕੀਤਾ ਜਾਵੇ, ਮੈਡੀਕਲ ਸਹੂਲਤ ਦਿੱਤੀ ਜਾਵੇ।ਇਸ ਤੋ ਇਲਾਵਾ ਸੁਰਜੀਤ ਸਿੰਘ ਬਠਿੰਡਾ, ਬਬਲੀ ਖਾਨ,ਹੁਸ਼ਿਆਰ ਸਿੰਘ, ਪਰਮਜੀਤ ਸਿੰਘ, ਲੀਲਾ ਰਾਮ, ਬੂਟਾ ਸਿੰਘ, ਹੁਕਮ ਚੰਦ,ਵਰਿੰਦਰ ਕੁਮਾਰ ਅਤੇ ਜਰਨੈਲ ਸਿੰਘ ਖਜਾਨਚੀ ਆਦਿ ਨੇ ਆਪਣੇ ਵਿਚਾਰ ਰੱਖੇ।

# ਫੱਗੂਵਾਲਾ ਦੇ ਸਰਕਾਰੀ ਸਕੂਲ ਵਿਚ 11 ਕੰਪਿਊਟਰ ਅਤੇ ਇੰਟਰੈਕਟਿਵ ਪੈਨਲ ਲਗਾਏ



ਭਵਾਨੀਗੜ੍ਹ, 12 ਮਾਰਚ (ਅਮਨਦੀਪ ਸਿੰਘ ਮਾਝਾ) : ਪੰਜਾਬ ਸਰਕਾਰ ਸੀਐਮ ਭਗਵੰਤ ਮਾਨ ਦੀ ਸਿੱਖਿਆ ਦੇ ਖੇਤਰ ਵਿੱਚ ਇੱਕ ਡਿਜੀਟਲ ਕ੍ਰਾਂਤੀ ਲਿਆ ਰਹੀ 400 ਕਰੋੜ ਦੇ ਨਿਵੇਸ਼ ਨਾਲ ਸੂਬੇ ਦੇ 5012 ਸਰਕਾਰੀ ਸਕੂਲਾਂ ਨੂੰ ਆਧੁਨਿਕ ਤਕਨੀਕ ਨਾਲ ਲੈਸ ਕੀਤਾ ਜਾ ਰਿਹਾ ਹੈ। ਐਮ ਐਲ ਏ ਨਰਿੰਦਰ ਕੌਰ ਭਰਾਜ ਦੇ ਉਪਰਾਲੇ ਸਦਕਾ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫੱਗੂਵਾਲਾ ਵਿਖੇ ਆਧੁਨਿਕ ਤਕਨੀਕ ਦੇ 11ਨਵੇ ਕੰਪਿਊਟਰ ਤੇ ਇੰਟਰੈਕਟਿਵ ਪੈਨਲ ਲਗਾਏ ਗਏ ਸਰਕਾਰ ਦਾ ਇਹ ਉਪਰਾਲਾ ਵਿਦਿਆਰਥੀਆਂ ਦੇ ਭਵਿੱਖ ਨੂੰ ਡਿਜੀਟਲ ਦੇ ਹਾਨੀ ਬਣਾਏਗਾ। ਇਸ ਮੌਕੇ ਗੁਰਪ੍ਰੀਤ ਸਿੰਘ ਸਰਪੰਚ ਫੱਗੂਵਾਲਾ, ਗੁਰਪ੍ਰੀਤ ਸਿੰਘ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਭਵਾਨੀਗੜ੍ਹ, ਲਖਵਿੰਦਰ ਸਿੰਘ ਲੱਖਾ ਸਮੇਤ ਸਕੂਲ ਮਨੈਜਮੈਂਟ ਹਾਜ਼ਰ ਸੀ।

# ਮੇਘਾ ਮਾਨ ਡੀ.ਪੀ.ਆਰ.ਓ. ਦਾ ਧੀਆਂ ਦਾ ਮਾਣ ਐਵਾਰਡ ਨਾਲ ਸਨਮਾਨ



ਭਗਤਾ ਭਾਈ ਕਾ, 12 ਮਾਰਚ (ਸਵਰਨ ਸਿੰਘ ਭਗਤਾ): ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਨਾਲ ਸਬੰਧਿਤ ਪ੍ਰੈੱਸ ਕਲੱਬ ਭਗਤਾ ਭਾਈ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸਬੰਧ ਵਿੱਚ ਸਥਾਨਕ ਸ਼ਿਵਮ ਰੈਸਟੋਰੈਂਟ ਵਿਖੇ ਕਲੱਬ ਪ੍ਰਧਾਨ ਸੁਖਪਾਲ ਸਿੰਘ ਸੋਨੀ ਦੀ ਪ੍ਰਧਾਨਗੀ ਹੇਠ ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ੍ਰੀਮਤੀ ਮੇਘਾ ਮਾਨ ਡੀ ਪੀ ਆਰ ਓ ਬਠਿੰਡਾ ਨੇ ਸ਼ਮੂਲੀਅਤ ਕੀਤੀ। ਸਮਾਗਮ ਦੇ ਸ਼ੁਰੂ ਵਿੱਚ ਪ੍ਰੈੱਸ ਕਲੱਬ ਦੇ ਖਜ਼ਾਨਚੀ ਬਿੰਦਰ ਜਲਾਲ ਨੇ ਮੈਡਮ ਮੇਘਾ ਮਾਨ ਦਾ ਸਵਾਗਤ ਕਰਦਿਆਂ ਪ੍ਰੈੱਸ ਕਲੱਬ ਦੀਆਂ ਪਿਛਲੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ। ਇਸ ਮੌਕੇ ਪ੍ਰੈੱਸ ਕਲੱਬ ਭਗਤਾ ਭਾਈ ਵੱਲੋਂ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ ਸ੍ਰੀਮਤੀ ਮੇਘਾ ਮਾਨ ਨੂੰ ਧੀਆਂ ਦਾ ਮਾਣ ਐਵਾਰਡ-2026 ਨਾਲ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਪ੍ਰੈੱਸ ਕਲੱਬ ਵੱਲੋਂ ਲੋਕ ਸੰਪਰਕ ਦਫ਼ਤਰ ਬਠਿੰਡਾ ਦੇ ਸਟਾਫ ਮੈਂਬਰਾਂ ਸੀਨੀਅਰ ਸਹਾਇਕ ਬਲਵਿੰਦਰ ਸਿੰਘ, ਕਲਰਕ ਗਗਨਦੀਪ ਕੌਰ, ਕਲਰਕ ਵੀਰਪਾਲ ਕੌਰ, ਕਰਨਦੀਪ ਸਿੰਘ ਬੇਦੀ, ਗੁਰਪ੍ਰਕਾਸ਼ ਸਿੰਘ, ਲਵਪ੍ਰੀਤ ਸਿੰਘ ਅਤੇ ਗੁਰਲਾਲ ਸਿੰਘ ਦਾ ਵੀ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਸਮੇਂ ਲੋਕ ਸੰਪਰਕ ਅਫ਼ਸਰ ਬਠਿੰਡਾ ਸ੍ਰੀਮਤੀ ਮੇਘਾ ਮਾਨ ਨੇ ਕਿਹਾ ਕਿ ਇਲਾਕੇ ਵਿਚ ਇੱਕ ਸਾਫ਼ ਸੁਥਰੀ ਤੇ ਉਸਾਰੂ ਪੱਤਰਕਾਰੀ ਦੇ ਨਾਲ ਪ੍ਰੈਸ ਕਲੱਬ ਭਗਤਾ ਵੱਲੋਂ ਜੋ ਲੋਕ ਭਲਾਈ ਦੇ ਕਾਰਜ ਕੀਤੇ ਜਾ ਰਹੇ ਹਨ, ਉਹ ਬੇਹੱਦ ਪ੍ਰਸ਼ੰਸਾਯੋਗ ਹਨ। ਉਨ੍ਹਾਂ ਕਿਹਾ ਕਿ ਆਮ ਤੌਰ ਤੇ ਪ੍ਰੈੱਸ ਕਲੱਬ ਆਪਣੀਆਂ ਸਮੱਸਿਆਵਾਂ ਤੇ ਮੰਗਾਂ ਤੱਕ ਹੀ ਸੀਮਤ ਹੁੰਦੇ ਹਨ ਪਰ ਪ੍ਰੈਸ ਕਲੱਬ ਭਗਤਾ ਨੇ ਸਮਾਜ ਸੇਵਾ ਦੇ ਖੇਤਰ ਵਿੱਚ ਵੱਡੇ ਕਾਰਜ ਕਰਕੇ ਨਿਵੇਕਲੀ ਤੇ ਉਸਾਰੂ ਪਿਰਤ ਪਾਈ ਹੈ। ਪ੍ਰੈੱਸ ਕਲੱਬ ਦੇ ਪ੍ਰਧਾਨ ਸੁਖਪਾਲ ਸਿੰਘ ਸੋਨੀ ਨੇ ਦੱਸਿਆ ਕਿ ਕਲੱਬ ਵੱਲੋਂ ਹਰ ਸਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਵਿਸ਼ੇਸ਼ ਸਨਮਾਨ ਸਮਾਗਮ ਕਰਕੇ ਵੱਖ-ਵੱਖ ਖੇਤਰਾਂ ਵਿੱਚ ਵਡਮੁੱਲਾ ਕਾਰਜ਼ ਕਰਨ ਵਾਲੀਆਂ ਔਰਤਾਂ ਨੂੰ ਸਨਮਾਨਿਤ ਕੀਤਾ ਜਾਇਆ ਕਰੇਗਾ।



# ਪਟਿਆਲਾ-ਆਸ/ਪਾਸ



## ਕਤਲ ਦੀ ਸਾਜ਼ਿਸ਼ ਕਰਨ ਵਾਲੇ ਪਿਸਤੌਲ ਸਮੇਤ ਤਿੰਨ ਦੋਸ਼ੀ ਗ੍ਰਿਫ਼ਤਾਰ



ਮਾਲੇਰਕੋਟਲਾ, 12 ਮਾਰਚ (ਚ.ਨ.ਸ.): ਸੀਨੀਅਰ ਕਪਤਾਨ ਪੁਲਿਸ ਗਗਨ ਅਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਕਪਤਾਨ ਪੁਲਿਸ ਗੁਰਸ਼ਰਨਜੀਤ ਸਿੰਘ ਸੰਧੂ ਦੀ ਉਪ ਕਪਤਾਨ ਪੁਲਿਸ ਡੀ ਐੱਸ ਪੀ ਹੈੱਡਕੁਆਟਰ ਬਿਕਰਮਜੀਤ ਸਿੰਘ ਘੁੰਮਣ ਦੀ ਅਗਵਾਈ ਹੇਠ ਮਾੜੇ ਅਨਸਰਾਂ ਖ਼ਿਲਾਫ਼ ਕਾਰਵਾਈ ਲਈ ਸਾਇਬਰ ਕਰਾਈਮ ਦੀ ਟੀਮ ਦਾ ਗਠਨ ਕੀਤਾ ਗਿਆ। ਇਸ ਟੀਮ ਵਿੱਚ ਇੰਚਾਰਜ ਸੀ.ਆਈ.ਏ. ਮਾਹੋਰਾਣਾ ਇੰਸਪੈਕਟਰ ਹਰਜਿੰਦਰ ਸਿੰਘ ਅਤੇ ਮੁੱਖ ਅਫ਼ਸਰ ਥਾਣਾ ਸਾਇਬਰ ਕਰਾਈਮ ਇੰਸਪੈਕਟਰ ਮਨਜੋਤ ਸਿੰਘ ਸ਼ਾਮਲ ਸਨ।

ਐਸ.ਐਸ.ਪੀ ਨੇ ਦੱਸਿਆ ਕਿ ਪੁਲਿਸ ਨੂੰ ਮਿਲੀ ਮੁਖ਼ਬਰੀ ਦੇ ਆਧਾਰ 'ਤੇ ਥਾਣਾ ਸਾਇਬਰ ਕਰਾਈਮ ਮਾਲੇਰਕੋਟਲਾ ਵਿਖੇ 351(3), 351(4), 109, 152, 196, 353, 61(2), 62 ਭਾਰਤੀ ਨਿਆ ਸੰਹਿਤਾ ਅਤੇ 25/54/59 ਆਰਮਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਅਤੇ ਜਾਂਚ ਦੌਰਾਨ ਦੋਸ਼ੀ ਫਰਹਾਨ ਅੰਜੁਮ ਪੁੱਤਰ ਇਰਫਾਨ ਅੰਜੁਮ ਵਾਸੀ ਮੁਹੱਲਾ ਲੁਹਾਰਾ, ਮਾਲੇਰਕੋਟਲਾ ਨੂੰ ਗ੍ਰਿਫ਼ਤਾਰ ਕੀਤਾ ਗਿਆ। ਪੁੱਛਗਿੱਛ ਦੌਰਾਨ ਦੋਸ਼ੀ ਨੇ ਦੱਸਿਆ ਕਿ ਉਹ ਸੋਸ਼ਲ ਮੀਡੀਆ 'ਤੇ ਕੁਝ ਵਿਦੇਸ਼ੀ ਵਿਅਕਤੀਆਂ ਦੀਆਂ ਵੀਡੀਓਜ਼ ਦੇ ਪ੍ਰਭਾਵ ਹੇਠ ਆ ਕੇ ਕੱਟੜਪੰਥੀ ਵਿਚਾਰਧਾਰਾ ਵੱਲ ਝੁਕ ਗਿਆ ਸੀ ਤੇ ਕੁਝ ਵਿਅਕਤੀਆਂ ਨੂੰ ਨੁਕਸਾਨ ਪਹੁੰਚਾਉਣ ਦੀ ਯੋਜਨਾ ਬਣਾਈ ਜਾ ਰਹੀ ਸੀ।

ਜਾਂਚ ਦੌਰਾਨ ਅਦਨਾਨ ਖਾਨ ਉਰਫ਼ ਨੰਨੂ ਅਤੇ ਵਾਰਿਸ ਅਲੀ ਨੂੰ ਵੀ ਇਸ ਮਾਮਲੇ ਵਿੱਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ। ਦੋਸ਼ੀ ਵਾਰਿਸ ਅਲੀ ਪਾਸੋਂ ਇੱਕ 32 ਬੋਰ ਦੇਸੀ ਪਿਸਟਲ ਸਮੇਤ ਤਿੰਨ ਜ਼ਿੰਦਾ ਕਾਰਤੂਸ ਬਰਾਮਦ ਹੋਏ ਹਨ, ਜਦਕਿ ਮਾਮਲੇ ਨਾਲ ਸੰਬੰਧਿਤ ਚਾਰ ਮੋਬਾਇਲ ਫੋਨ ਵੀ ਕਬਜ਼ੇ ਵਿੱਚ ਲਏ ਗਏ ਹਨ। ਪੁਲਿਸ ਅਧਿਕਾਰੀਆਂ ਮੁਤਾਬਕ ਜ਼ਬਤ ਕੀਤੇ ਮੋਬਾਇਲ ਫੋਨਾਂ ਦੀ ਟੈਕਨੀਕਲ ਜਾਂਚ ਜਾਰੀ ਹੈ ਅਤੇ ਤਫ਼ਤੀਸ਼ ਦੌਰਾਨ ਹੋਰ ਅਹਿਮ ਤੱਥ ਸਾਹਮਣੇ ਆਉਣ ਦੀ ਸੰਭਾਵਨਾ ਹੈ। ਜ਼ਿਲ੍ਹਾ ਪੁਲਿਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ।

## ਪਟਿਆਲਾ ਜ਼ਿਲ੍ਹੇ ਦੇ ਵਪਾਰੀਆਂ ਦੀ ਮੀਟਿੰਗ

ਪਟਿਆਲਾ, 12 ਮਾਰਚ (ਚ.ਨ.ਸ.): ਪਟਿਆਲਾ ਵਿਖੇ ਆਪਣੇ ਆਪਣੇ ਵਪਾਰ ਦੀ ਸੁਰੱਖਿਆ ਅਤੇ ਵਪਾਰ ਵਿੱਚ ਵਾਧੇ ਦੇ ਮੱਦੇਨਜ਼ਰ ਪਟਿਆਲਾ ਜ਼ਿਲ੍ਹੇ ਦੇ ਵਪਾਰੀਆਂ ਵੱਲੋਂ ਬੀ.ਐਨ.ਈ ਦੇ ਬੈਨਰ ਹੇਠ ਇਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਟਿਆਲਾ, ਰਾਜਪੁਰਾ, ਸਮਾਣਾ ਅਤੇ ਨਾਭਾ ਦੇ 50 ਦੇ ਕਰੀਬ ਵਪਾਰੀ ਅਤੇ 20 ਦੇ ਕਰੀਬ ਨਵੇਂ ਵਿਜ਼ਟਰ ਵਪਾਰੀ ਇਕੱਠੇ ਹੋਏ ਅਤੇ ਵਪਾਰ ਦੇ ਮਸਲਿਆਂ 'ਤੇ ਵਨ ਟੂ ਵਨ ਅਹਿਮ ਚਰਚਾ ਨੂੰ ਸਾਂਝਾ ਕੀਤਾ। ਇਸ ਮੌਕੇ ਐਗਜੀਕਿਊਟਿਵ ਡਾਇਰੈਕਟਰ ਸ਼ਿਵਾਨੀ ਗੁਪਤਾ, ਏਰੀਆ ਡਾਇਰੈਕਟਰ ਪ੍ਰਦੀਪ ਗੁਪਤਾ, ਮੀਤ ਪ੍ਰਧਾਨ ਰੋਹਿਤ ਬਾਂਸਲ ਤੇ ਸਕੱਤਰ ਅਨੀਸ਼ ਬਾਂਸਲ ਨੇ ਦੱਸਿਆ ਕਿ ਅੱਜ ਦੇ ਅਜੋਕੇ ਸਮੇਂ ਵਿੱਚ ਵਪਾਰ ਇੱਕਜੁੱਟ ਹੋਕੇ ਹੀ ਕੀਤਾ ਜਾ ਸਕਦਾ ਹੈ, ਜਿਸ ਨਾਲ ਵਪਾਰ ਸੁਰੱਖਿਅਤ ਰਹਿੰਦਾ ਹੈ ਤੇ ਵਪਾਰੀਆਂ ਦੇ ਇੱਕ ਦੂਜੇ ਨਾਲ ਤਾਲੁਕ ਵੀ ਵਧੀਆ ਬਣਦੇ ਹਨ।

## ਜੁਆਇੰਟ ਕਮਿਸ਼ਨਰ ਮਨਰੀਤ ਰਾਣਾ ਵੱਲੋਂ ਤ੍ਰਿਪੜੀ ਵਿਖੇ ਸੀਵਰੇਜ਼ ਤੇ ਸਫ਼ਾਈ ਵਿਵਸਥਾ ਦਾ ਨਿਰੀਖਣ



ਪਟਿਆਲਾ, 12 ਮਾਰਚ (ਰੁਪਾਣਾ): ਨਗਰ ਨਿਗਮ ਪਟਿਆਲਾ ਦੀ ਜੁਆਇੰਟ ਕਮਿਸ਼ਨਰ ਮਨਰੀਤ ਰਾਣਾ ਵੱਲੋਂ ਅੱਜ ਵਾਰਡ ਨੰਬਰ 10, ਤ੍ਰਿਪੜੀ ਇਲਾਕੇ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਇਲਾਕੇ ਵਿੱਚ ਸੀਵਰੇਜ ਦੀ ਬਲਾਕੇਜ ਅਤੇ ਸਫਾਈ ਨਾਲ ਸਬੰਧਤ ਆ ਰਹੀਆਂ ਸਮੱਸਿਆਵਾਂ ਦਾ ਜਾਇਜ਼ਾ ਲੈਣਾ ਅਤੇ ਉਨ੍ਹਾਂ ਦਾ ਤੁਰੰਤ ਹੱਲ ਕਰਵਾਉਣਾ ਸੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਪਟਿਆਲਾ ਅਤੇ ਐਮ.ਸੀ. ਸ਼ਿਵਰਾਜ ਸਿੰਘ ਵਿਰਕ ਅਤੇ ਹੋਰ ਇਲਾਕਾ ਨਿਵਾਸੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਨਿਰੀਖਣ ਦੌਰਾਨ ਜੁਆਇੰਟ ਕਮਿਸ਼ਨਰ ਨੇ ਇਲਾਕਾ ਨਿਵਾਸੀਆਂ ਵੱਲੋਂ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਅਤੇ ਸਫਾਈ ਵਿਵਸਥਾ ਵਿੱਚ ਆ ਰਹੀਆਂ ਦਿੱਕਤਾਂ ਬਾਰੇ ਸ਼ਿਕਾਇਤਾਂ ਸੁਣੀਆਂ। ਉਨ੍ਹਾਂ ਨੇ ਮੌਕੇ 'ਤੇ ਮੌਜੂਦ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਸਮੱਸਿਆਵਾਂ ਦਾ ਨਿਪਟਾਰਾ ਤੁਰੰਤ ਪ੍ਰਭਾਵ ਨਾਲ ਕੀਤਾ ਜਾਵੇ ਤਾਂ ਜੋ ਨਿਵਾਸੀਆਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਨਾ ਹੋਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਸੀਵਰੇਜ ਅਤੇ ਸਫਾਈ ਸਹੂਲਤਾਂ ਦੇ ਰੱਖ-ਰਖਾਅ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਦੌਰੇ ਦੌਰਾਨ ਜੁਆਇੰਟ ਕਮਿਸ਼ਨਰ ਦੇ ਨਾਲ ਐਸ.ਡੀ.ਓ. ਮਨੀਸ਼ ਕੈਂਥ, ਜੇ.ਈ. ਸੀਵਰੇਜ ਅਤੇ ਵਾਟਰ ਸਪਲਾਈ ਹਰਵਿੰਦਰ ਕੌਰ, ਸੈਨੇਟਰੀ ਇੰਸਪੈਕਟਰ ਮੋਹਿਤ ਜਿੰਦਲ ਤੇ ਨਗਰ ਨਿਗਮ ਦਾ ਹੋਰ ਸਟਾਫ਼ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਿਹਾ।

## ਪ.ਸ.ਸ.ਫ. ਵੱਲੋਂ ਅਧਿਆਪਕਾਂ ਦੇ ਸ਼ਾਂਤਮਈ ਸੰਘਰਸ਼ 'ਤੇ ਪੁਲਿਸ ਤਸ਼ੱਦਦ ਦੀ ਨਿਖੇਧੀ



ਪਟਿਆਲਾ, 12 ਮਾਰਚ (ਚ.ਨ.ਸ.): ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀ ਸਾਂਝਾ ਅਧਿਆਪਕ ਮੋਰਚਾ ਅਤੇ ਹੋਰ ਅਧਿਆਪਕ ਜੱਥੇਬੰਦੀਆਂ ਵਲੋਂ ਚੰਡੀਗੜ੍ਹ ਵਿਖੇ ਟੈਟ ਦੇ ਖਿਲਾਫ ਕੀਤੇ ਗਏ ਸ਼ਾਤਮਈ ਰੋਸ ਪ੍ਰਦਰਸ਼ਨ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਦਿਆ ਮੰਤਰੀ ਹਰਜੋਤ ਬੈਂਸ ਦੀ ਸ਼ਹਿ ਤੇ ਪੁਲਿਸ ਵਲੋਂ ਕੀਤੇ ਗਏ ਤਸ਼ੱਦਦ ਦੀ ਕੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਹਨਾਂ ਆਖਿਆ ਹੈ ਕਿ ਮੁੱਖ ਮੰਤਰੀ ਸਹਿਤ ਆਮ ਆਦਮੀ ਪਾਰਟੀ ਦੇ ਆਗੂਆਂ ਅੰਦਰ ਹੰਕਾਰ ਇੰਨਾ ਜ਼ਿਆਦਾ ਭਰ ਗਿਆ ਹੈ ਕਿ ਪੰਜ ਦਿਨਾਂ ਵਿੱਚ ਦੋ ਵਾਰ ਮੁਲਾਜ਼ਮਾਂ ਅਤੇ ਅਧਿਆਪਕਾਂ ਤੇ ਪੁਲਿਸ ਵਲੋਂ ਪਾਣੀ ਦੀ ਵੌਛਾੜਾਂ, ਲਾਠੀ ਚਾਰਜ ਅਤੇ ਅੱਥਰੂ ਗੈਸ ਦੇ ਗੋਲੇ ਦਾਗੇ ਗਏ ਹਨ ਜਿਸਨੂੰ ਨੂੰ ਮੁਲਾਜ਼ਮ ਵਰਗ ਕਿਸੇ ਕੀਮਤ ਤੇ ਵੀ ਸਹਿਣ ਨਹੀਂ ਕਰੇਗਾ ਅਤੇ ਸਰਕਾਰ ਦੇ ਖਿਲਾਫ ਸੰਘਰਸ਼ ਨੂੰ ਹੋਰ ਵੀ ਤੇਜ਼ ਕੀਤਾ ਜਾਵੇਗਾ।ਪ.ਸ.ਸ.ਫ. ਦੇ ਸੂਬਾ ਪ੍ਰੈਸ ਸਕੱਤਰ ਇੰਦਰਜੀਤ ਵਿਰਦੀ ਨੇ ਕਿਹਾ ਕਿ ਚੁਟਕਲਿਆਂ ਦੇ ਮਾਹਰ ਭਗਵੰਤ ਮਾਨ ਕੋਲ ਮੁਲਾਜ਼ਮਾਂ ਦੀਆਂ ਮੰਗਾਂ ਅਤੇ ਸਰਕਾਰ ਦੀਆਂ ਮੁਲਾਜ਼ਮ, ਪੈਨਸ਼ਨਰ, ਲੋਕ ਵਿਰੋਧੀ ਨੀਤੀਆਂ ਸਬੰਧੀ ਕੋਈ ਵੀ ਜਵਾਬ ਨਹੀਂ ਹੈ ਅਤੇ ਮੁਲਾਜ਼ਮ ਵਰਗ ਦੇ ਸਵਾਲਾਂ ਦਾ ਸਾਹਮਣਾ ਕਰਨ ਤੋਂ ਬਚਣ ਲਈ ਅਜਿਹੀ ਦਮਨਕਾਰੀ ਨੀਤੀ ਅਪਣਾਈ ਜਾ ਰਹੀ ਹੈ।

ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਆਪਣੇ ਆਪ ਨੂੰ ਕਮੇਡੀਅਨ ਸਮਝਦੇ ਹਨ ਪ੍ਰੰਤੂ ਮੁਲਾਜ਼ਮਾਂ ਦੇ ਸਵਾਲਾਂ ਦੇ ਜਵਾਬ ਦੇਣ ਦੀ ਹਿੰਮਤ ਨਹੀਂ ਰੱਖਦੇ ਕਿਉਂਕਿ ਸਰਕਾਰ ਬਣਨ ਤੋਂ ਪਹਿਲਾਂ ਕੀਤੇ ਵਾਅਦਿਆਂ ਦੀ ਫੂਕ ਨਿੱਕਲ ਚੁੱਕੀ ਹੈ।ਆਗੂਆਂ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਮੌਕੇ ਭਗਵੰਤ ਮਾਨ ਸਹਿਤ ਆਮ ਆਦਮੀ ਪਾਰਟੀ ਦੇ ਸਾਰੇ ਉਮੀਦਵਾਰਾਂ ਦਾ ਵਿਰੋਧ ਕੀਤਾ ਜਾਵੇਗਾ ਅਤੇ ਉਹਨਾਂ ਨੂੰ ਹਰਾਉਣ ਲਈ ਹਰ ਹਲਕੇ ਅੰਦਰ ਪ੍ਰਚਾਰ ਕੀਤਾ ਜਾਵੇਗਾ।ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਹੈ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਹੱਲ ਕਰਨ ਲਈ ਫੌਰੀ ਤੌਰ 'ਤੇ ਆਗੂਆਂ ਨਾਲ ਮੀਟਿੰਗ ਕੀਤੀ ਜਾਵੇ ਅਤੇ ਪੁਲਿਸ ਤਸ਼ੱਦਦ ਨੂੰ ਬੰਦ ਕੀਤਾ ਜਾਵੇ ਨਹੀਂ ਤਾ ਸਾਕਾਰ ਦੇ ਕੀਤੇ ਜਾ ਰਹੇ ਵਿਰੋਧ ਨੂੰ ਹੋਰ ਵੀ ਤੇਜ਼ ਕਰਦਿਆਂ ਪੰਜਾਬ ਭਰ ਵਿੱਚ ਮੰਤਰੀਆਂ ਅਤੇ ਵਿਧਾਇਕਾਂ ਦਾ ਵੱਡੇ ਪੱਧਰ 'ਤੇ ਵਿਰੋਧ ਕੀਤਾ ਜਾਵੇਗਾ।

ਇਸ ਮੌਕੇ ਮੱਖਣ ਸਿੰਘ ਵਾਹਿਦਪੁਰੀ, ਗੁਰਬਿੰਦਰ ਸਿੰਘ, ਕਿਸ਼ੋਰ ਚੰਦ ਗਾਜ, ਬੌਬਿੰਦਰ ਸਿੰਘ, ਅਨਿਲ ਕੁਮਾਰ, ਰਜੇਸ਼ ਕੁਮਾਰ ਅਮਲੋਹ, ਗੁਰਦੇਵ ਸਿੰਘ ਸਿੱਧੂ, ਜਸਵਿੰਦਰ ਸੋਜ਼ਾ, ਰਜਿੰਦਰ ਸਿੰਘ ਰਿਆੜ, ਮਾਲਵਿੰਦਰ ਸਿੰਘ, ਜਤਿੰਦਰ ਕੁਮਾਰ, ਬਲਵਿੰਦਰ ਭੁੱਟੋ, ਅਮਨਦੀਪ ਸ਼ਰਮਾ, ਗੁਰਪ੍ਰੀਤ ਸਿੰਘ ਮਜਕੀਮਪੁਰ, ਜਸਵੀਰ ਸਿੰਘ ਸ਼ੀਰਾ, ਗੁਰਪ੍ਰੀਤ ਰੰਗੀਲਪੁਰ, ਅਮਰੀਕ ਸਿੰਘ, ਚਮਕੌਰ ਸਿੰਘ ਨਾਭਾ, ਕੁਲਦੀਪ ਵਾਲੀਆ, ਸੁਭਾਸ਼ ਚੰਦਰ, ਸਰਬਜੀਤ ਪੱਟੀ, ਹਰਮਨਪ੍ਰੀਤ ਕੌਰ ਗਿੱਲ, ਬਿਮਲਾ ਰਾਣੀ, ਰਾਣੋ ਖੇੜੀ ਗਿੱਲਾਂ, ਸਿਮਰਜੀਤ ਸਿੰਘ ਬਰਾੜ, ਕੁਲਦੀਪ ਪੂਰੋਵਾਲ, ਮਨੋਹਰ ਲਾਲ ਸ਼ਰਮਾ, ਤਰਸੇਮ ਮਾਧੋਪੁਰੀ ਆਦਿ ਆਗੂ ਵੀ ਹਾਜ਼ਰ ਸਨ।

## ਘਨੌਰ ਕਾਲਜ ਵਿਖੇ ਸਾਲਾਨਾ ਐਥਲੈਟਿਕ ਮੀਟ ਕਰਵਾਈ



ਘਨੌਰ, 12 ਮਾਰਚ (ਮਦਨ ਲਾਲ): ਘਨੌਰ ਕਾਲਜ ਦੇ ਪ੍ਰਿੰਸੀਪਲ ਡਾ. ਲਖਵੀਰ ਸਿੰਘ ਗਿੱਲ ਦੀ ਯੋਗ ਅਗਵਾਈ ਅਤੇ ਅਸਿਸਟੈਂਟ ਪ੍ਰੋਫੈਸਰ ਵਰਿੰਦਰ ਸਿੰਘ, ਸਰੀਰਕ ਸਿੱਖਿਆ ਵਿਭਾਗ ਦੀ ਦੇਖ-ਰੇਖ ਵਿਚ ਸਾਲਾਨਾ ਐਥਲੈਟਿਕ ਮੀਟ ਕਰਵਾਈ ਗਈ। ਇਸ ਐਥਲੈਟਿਕ ਮੀਟ ਵਿੱਚ ਪਰਦੀਪ ਸਿੰਘ ਵੜੈਚ ਅਤੇ ਨਗਰ ਪੰਚਾਇਤ ਘਨੌਰ ਦੇ ਪ੍ਰਧਾਨ ਸ੍ਰੀਮਤੀ ਮਨਦੀਪ ਕੌਰ ਨੇ ਇਸ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਲਜ ਪ੍ਰਿੰਸੀਪਲ ਡਾ. ਲਖਵੀਰ ਸਿੰਘ ਗਿੱਲ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਬੋਲਦਿਆਂ ਕਿਹਾ ਕਿ ਵਿਦਿਆਰਥੀਆਂ ਦੇ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਲਈ ਖੇਡਾਂ ਦਾ ਮਹੱਤਵਪੂਰਨ ਯੋਗਦਾਨ ਹੈ। ਇਸ ਉਦੇਸ਼ ਦੇ ਮੱਦੇਨਜ਼ਰ ਹਰ ਸਾਲ ਕਾਲਜ ਵਿਚ ਸਾਲਾਨਾ ਐਥਲੈਟਿਕ ਮੀਟ ਕਰਵਾਈ ਜਾਂਦੀ ਹੈ। ਇਸ ਐਥਲੈਟਿਕ ਮੀਟ ਵਿਚ ਸਰੀਰਕ ਸਿੱਖਿਆ ਵਿਸ਼ੇ ਦੇ ਨਾਲ ਨਾਲ ਸਾਰੇ ਕੋਰਸਾਂ ਨਾਲ ਸੰਬੰਧਤ ਵਿਦਿਆਰਥੀ ਬਹੁਤ ਉਤਸ਼ਾਹ ਨਾਲ ਭਾਗ ਲੈਂਦੇ ਹਨ। ਬਤੌਰ ਮੁੱਖ ਮਹਿਮਾਨ ਪਰਦੀਪ ਸਿੰਘ ਵੜੈਚ ਅਤੇ ਨਗਰ ਪੰਚਾਇਤ ਘਨੌਰ ਦੇ ਪ੍ਰਧਾਨ ਸ੍ਰੀਮਤੀ ਮਨਦੀਪ ਕੌਰ ਨੇ ਇਸ ਸਾਲਾਨਾ ਐਥਲੈਟਿਕ ਮੀਟ ਦਾ ਉਦਘਾਟਨ ਕੀਤਾ। ਉਹਨਾਂ ਬੋਲਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵਿਦਿਆਰਥੀਆਂ ਲਈ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਸ਼ਲਾਘਾਯੋਗ ਕੰਮ ਕਰ ਰਹੀ ਹੈ। ਪੰਜਾਬ ਸਰਕਾਰ ਦੇ ਉਦਮਾਂ ਸਦਕਾ ਵਿਦਿਆਰਥੀਆਂ ਲਈ ਸਰੀਰਕ ਕਸਰਤ ਕਰਨ ਲਈ ਕਾਲਜ ਨੂੰ ਇਕ ਨਵਾਂ ਜਿਮ ਅਤੇ ਵੱਖ-ਵੱਖ ਖੇਡਾਂ ਦੀ ਪ੍ਰੈਕਟਿਸ ਲਈ ਇੰਨਡੋਰ ਜਿਮਨੇਜ਼ੀਅਮ ਅਤੇ ਖੇਡ ਗਰਾਊਂਡ ਮੁਹੱਈਆ ਕਰਵਾਇਆ ਗਿਆ ਹੈ। ਉਹਨਾਂ ਬੋਲਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੁੜਨਾ ਚਾਹੀਦਾ ਹੈ ਅਤੇ ਮੈਡਲ ਹਾਸਿਲ ਕਰਨੇ ਚਾਹੀਦੇ ਹਨ, ਜਿਸ ਸਦਕਾ ਉਹ ਚੰਗੇ ਅਹੁਦਿਆਂ 'ਤੇ ਕੰਮ ਕਰ ਸਕਣਗੇ।

ਇਸ ਐਥਲੈਟਿਕ ਮੀਟ ਵਿਚ ਵੱਖ ਵੱਖ ਕੋਰਸਾਂ ਨਾਲ ਸੰਬੰਧਤ ਲਗਭਗ 300 ਵਿਦਿਆਰਥੀਆਂ ਨੇ ਵੱਖ ਵੱਖ ਤਰਾਂ ਦੀਆਂ ਦੇ ਈਵੈਂਟਸ ਜਿਵੇਂ ਕਿ 100,200,400,800 ਮੀਟਰ ਰੇਸ, ਰੀਲੇਅ ਰੇਸ, ਲੰਬੀ ਛਾਲ, ਗੋਲਾ ਸੁੱਟਣਾ,ਸਪੂਨ ਰੇਸ, ਰਿਲੇਅ ਰੇਸ, ਸੈਕ ਰੇਸ ਆਦਿ ਵਿਚ ਭਾਗ ਲਿਆ। ਇਹਨਾਂ ਵਿਦਿਆਰਥੀਆਂ ਨੂੰ ਵੱਖ ਵੱਖ ਹਾਊਸਾਂ (ਸਤਲੁਜ, ਬਿਆਸ, ਰਾਵੀ, ਚਿਨਾਬ) ਵਿਚ ਵੰਡਿਆ ਗਿਆ। ਇਸ ਐਥਲੈਟਿਕ ਮੀਟ ਵਿਚ ਰੋਹਲ ਖਾਨ ਨੂੰ ਮੁੰਡਿਆਂ ਵਿਚੋਂ ਅਤੇ ਮਨਦੀਪ ਕੌਰ ਨੂੰ ਕੁੜੀਆਂ ਵਿਚੋਂ ਬੈਸਟ ਐਥਲੀਟ ਚੁਣਿਆ ਗਿਆ। ਡਾ. ਰਵਿੰਦਰ ਸਿੰਘ ਰਵੀ ਨੇ ਸਟੇਜ ਸੰਚਾਲਨ ਦੀ ਭੂਮਿਕਾ ਬੜੇ ਸੁਚੱਜੇ ਢੰਗ ਨਾਲ ਨਿਭਾਈ। ਸਰੀਰਕ ਸਿੱਖਿਆ ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰ ਵਰਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਤੋਂ ਬਿਨਾ ਅੱਜ ਇਸ ਮੌਕੇ ਤੇ ਕਾਲਜ ਦੇ ਵੱਖ ਵੱਖ ਵਿਦਿਆਰਥੀ ਜੋ ਹੁਣ ਪੰਜਾਬ ਪੁਲਿਸ ਅਤੇ ਸਮੇਤ ਹੋਰ ਅਹੁਦਿਆ ਤੇ ਸੇਵਾ ਨਿਭਾਅ ਰਹੇ ਹਨ ਉਹਨਾਂ ਦਾ ਵੀ ਸਨਮਾਨ ਕੀਤਾ ਗਿਆ।ਇਸ ਦੌਰਾਨ ਕਾਲਜ ਦਾ ਸਮੁੱਚਾ ਸਟਾਫ ਅਤੇ ਘਨੌਰ ਦੇ ਐਮ.ਸੀ. ਮੌਜੂਦ ਸਨ। ਇਸ ਤੋਂ ਬਿਨਾ ਅੱਜ ਇਸ ਮੌਕੇ ਤੇ ਕਾਲਜ ਦੇ ਵੱਖ ਵੱਖ ਵਿਦਿਆਰਥੀ ਜੋ ਹੁਣ ਪੰਜਾਬ ਪੁਲਿਸ ਪੁਲਿਸ ਵਿੱਚ ਐਸ ਐਚ ਓ ਸਮੇਤ ਹੋਰ ਅਹੁਦਿਆ ਤੇ ਸੇਵਾ ਨਿਭਾਅ ਰਹੇ ਹਨ ਉਹਨਾਂ ਦਾ ਵੀ ਸਨਮਾਨ ਕੀਤਾ ਗਿਆ।

## ਪੰਜਾਬ ਪੱਧਰ 'ਤੇ ਸੱਤਾ ਪ੍ਰਾਪਤ ਕਰੋਬਸਪਾ ਦੀ ਰੈਲੀ ਦੀਆਂ ਤਿਆਰੀਆਂ ਮੁਕੰਮਲ : ਬਠੋਈ



ਪਟਿਆਲਾ, 12 ਮਾਰਚ (ਚ.ਨ.ਸ.) : ਬਹੁਜਨ ਸਮਾਜ ਪਾਰਟੀ ਦੇ ਸੰਸਥਾਪਕ ਸਾਹਿਬ ਕਾਂਸ਼ੀ ਰਾਮ ਦੇ ਜਨਮ ਦਿਵਸ ਨੂੰ ਸਮਰਪਿਤ ਸੱਤਾ ਪ੍ਰਾਪਤ ਕਰੋ ਮੁਹਿੰਮ ਤਹਿਤ ਜਿਲਾ ਸ਼ਹੀਦ ਭਗਤ ਸਿੰਘ (ਨਵਾਂ ਸ਼ਹਿਰ) ਅਧੀਨ ਆਉਂਦੇ ਬਹਿਰਾਮ ਦੀ ਦਾਣਾ ਮੰਡੀ ਵਿਖੇ ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ ਪੰਜਾਬ ਦੀ ਅਗਵਾਈ ਵਿੱਚ 15 ਮਾਰਚ ਨੂੰ ਹੋਣ ਜਾ ਰਹੀ ਰੈਲੀ ਦੀਆਂ ਤਿਆਰੀਆਂ ਲਗਭਗ ਮੁਕੰਮਲ ਕਰ ਲਈਆਂ ਗਈਆਂ ਹਨ। ਪ੍ਰੈਸ ਨੋਟ ਰਾਹੀਂ ਉਕਤ ਜਾਣਕਾਰੀ ਦਿੰਦਿਆ ਬਸਪਾ ਦੇ ਜ਼ਿਲ੍ਹਾ ਇੰਚਾਰਜ ਰੂਪ ਸਿੰਘ ਬਠੋਈ ਅਤੇ ਜਿਲਾ ਸਕੱਤਰ ਚੰਦ ਸਿੰਘ ਭੱਟੀ ਨੇ ਸਾਂਝੇ ਤੌਰ 'ਤੇ ਦੱਸਿਆ ਕਿ 15 ਮਾਰਚ ਨੂੰ ਸਵੇਰੇ ਦੇ ਸਮੇਂ ਰੈਲੀ ਵਿੱਚ ਸ਼ਾਮਲ ਹੋਣ ਲਈ ਜਿਲਾ ਪੱਧਰ 'ਤੇ ਲਗਭਗ 500 ਬਸਪਾ ਵਰਕਰ, ਸਮਰੱਥਕ ਬੱਸਾਂ ਰਾਹੀਂ ਰੈਲੀ ਵਿੱਚ ਸ਼ਾਮਲ ਹੋਣਗੇ। ਜਿਨ੍ਹਾਂ ਵਿੱਚ ਹਲਕਾ ਸਮਾਣਾ ਦੇ ਪਿੰਡ ਰਾਮਨਗਰ, ਕਰਹਾਲੀ ਸਾਹਿਬ, ਮਵੀ ਸੱਪਾਂ, ਖੇੜਕੀ, ਚੂਹੜਪੁਰ ਜੱਟਾਂ, ਬਠੋਈ ਕਲਾਂ, ਡਕਾਲਾ, ਕਲਰ ਭੈਣੀ, ਲੰਗੜੋਈ ਆਦਿ ਵੱਖ—ਵੱਖ ਪਿੰਡਾਂ ਤੋਂ ਵੀ ਬਹੁ ਗਿਣਤੀ ਬਸਪਾ ਵਰਕਰ ਅਤੇ ਸਮਰਥਕ ਪਰਿਵਾਰਾਂ ਦਾ ਵੱਡਾ ਕਾਫਲਾ ਸ਼ਾਮਲ ਹੋਵੇਗਾ। ਇਸ ਰੈਲੀ ਵਿੱਚ ਪ੍ਰਤਾਪ ਸਿੰਘ ਕੇਂਦਰੀ ਸੂਬਾ ਇੰਚਾਰਜ, ਰਧਧੀਰ ਸਿੰਘ ਬੈਨੀਵਾਲ ਸੈਂਟਰਲ ਕੋਆਡੀਨੇਟਰ, ਅਜੀਤ ਸਿੰਘ ਭੈਣੀ ਸਟੇਟ ਕੋਆਡੀਨੇਟਰ, ਡਾ. ਨਛੱਤਰ ਪਾਲ ਸਿੰਘ ਵਿਧਾਇਕ ਤੇ ਜ਼ੋਨ ਇੰਚਾਰਜ ਪੰਜਾਬ, ਕੁਲਦੀਪ ਸਿੰਘ ਸਰਦੂਲਗੜ੍ਹ ਚੌਧਰੀ ਗੁਰਨਾਮ ਸਿੰਘ, ਤੀਰਥ ਰਾਜਪੁਰ, ਪੰਜਾਬ ਦੇ ਜ਼ੋਨ ਇੰਚਾਰਜ ਸ਼ਮੂਲੀਅਤ ਕਰਨਗੇ। ਉਹਨਾਂ ਕਿਹਾ ਕਿ ਪਾਰਟੀ ਦੇ ਸੰਸਥਾਪਕ ਕਾਂਸ਼ੀ ਰਾਮ ਦੇ ਜਨਮ ਦਿਵਸ ਮੌਕੇ ਹੋਣ ਜਾ ਰਹੀ ਇਸ ਰੈਲੀ ਪਿੰਡਾਂ ਅਤੇ ਸ਼ਹਿਰਾਂ ਦੇ ਬਸਪਾਂ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

## ਬਿਜਲੀ ਵਿਭਾਗ ਦੇ ਮੀਟਰ ਰੀਡਰ ਵੱਲੋਂ ਖ਼ੁਦਕੁਸ਼ੀ ਦੀ ਕੋਸ਼ਿਸ਼, ਅਧਿਕਾਰੀਆਂ 'ਤੇ ਲਗਾਏ ਗੰਭੀਰ ਦੋਸ਼

ਸਮਾਣਾ, 12 ਮਾਰਚ (ਵਿਜੇ ਕੁਮਾਰ): ਬਿਜਲੀ ਵਿਭਾਗ ਵਿੱਚ ਆਊਟਸੋਰਸ ਵਜੋਂ ਤਾਇਨਾਤ ਇੱਕ ਮੀਟਰ ਰੀਡਰ ਵੱਲੋਂ ਵਿਭਾਗ ਦੇ ਸਥਾਨਕ ਅਧਿਕਾਰੀਆਂ 'ਤੇ ਤੰਗ-ਪ੍ਰੇਸ਼ਾਨ ਕਰਨ ਦਾ ਦੋਸ਼ ਲਗਾਉਂਦੇ ਹੋਏ ਭਾਖੜਾ ਨਹਿਰ ਵਿੱਚ ਛਾਲ ਮਾਰ ਕੇ ਖ਼ੁਦਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਗਈ। ਮੌਕੇ 'ਤੇ ਮੌਜੂਦ ਕੁਝ ਤੈਰਾਕਾਂ ਨੇ ਤੁਰੰਤ ਨਹਿਰ ਵਿੱਚ ਛਾਲ ਮਾਰ ਕੇ ਉਸ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਤੇ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ। ਮਾਮਲੇ ਦੀ ਜਾਂਚ ਅਧਿਕਾਰੀ ਸੀਟੀ ਪੁਲਿਸ ਦੀ ਏਐਸਆਈ ਜੱਜਪਾਲ ਸਿੰਘ ਨੇ ਦੱਸਿਆ ਕਿ ਅਜੈਪਾਲ ਸਿੰਘ (28 ਸਾਲ), ਜੋ ਕਥਿਤ ਤੌਰ 'ਤੇ ਬਿਜਲੀ ਬੋਰਡ ਪੰਜਾਬ ਵਿੱਚ ਆਊਟਸੋਰਸਿੰਗ ਰਾਹੀਂ ਮੀਟਰ ਰੀਡਰ ਵਜੋਂ ਕੰਮ ਕਰਦਾ ਹੈ। ਬੁੱਧਵਾਰ ਦੇਰ ਸ਼ਾਮ ਭਾਖੜਾ ਨਹਿਰ ਦੇ ਪੁਲ 'ਤੇ ਪਹੁੰਚਿਆ। ਵੀਡੀਓ ਵਿੱਚ ਉਸ ਨੇ ਅਧਿਕਾਰੀਆਂ ਨੂੰ ਆਪਣੀ ਮੌਤ ਲਈ ਜ਼ਿੰਮੇਵਾਰ ਠਹਿਰਾਉਂਦਿਆਂ ਇਸ ਨੂੰ ਸੋਸ਼ਲ ਮੀਡੀਆ 'ਤੇ ਸੈਂਡ (ਸ਼ੇਅਰ) ਕਰ ਦਿੱਤਾ ਤੇ ਨਹਿਰ ਵਿੱਚ ਛਾਲ ਮਾਰ ਦਿੱਤੀ। ਬਿਜਲੀ ਵਿਭਾਗ ਦੇ ਸਥਾਨਕ ਅਧਿਕਾਰੀ ਇਸ ਨੌਜਵਾਨ ਨਾਲ ਕਿਸੇ ਵੀ ਤਰ੍ਹਾਂ ਦੇ ਸਬੰਧ ਹੋਣ ਤੋਂ ਇਨਕਾਰ ਕਰ ਰਹੇ ਹਨ। ਪੁਲਿਸ ਅਧਿਕਾਰੀ ਅਨੁਸਾਰ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਨੌਜਵਾਨ ਦੇ ਬਿਆਨ ਦਰਜ ਕੀਤੇ ਜਾਣੇ ਅਜੇ ਬਾਕੀ ਹਨ।

## ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਉੱਪ ਪ੍ਰਧਾਨ ਦਾ ਬਲਾਕ ਕਾਂਗਰਸ ਸਮਾਣਾ ਵੱਲੋਂ ਸਨਮਾਨ



ਪਟਿਆਲਾ, 12 ਮਾਰਚ (ਹਰਜਿੰਦਰ ਸਿੰਘ) : ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਮੀਤ ਪ੍ਰਧਾਨ ਗੌਰਵ ਸੰਧੂ ਨੂੰ ਬਲਾਕ ਕਾਂਗਰਸ ਸਮਾਣਾ ਵੱਲੋਂ ਪ੍ਰਧਾਨ ਮੰਗਤ ਮਵੀ ਦੀ ਅਗਵਾਈ ਹੇਠ ਸਨਮਾਨਤ ਕੀਤਾ ਗਿਆ ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਨਗਰ ਕੌਂਸਲ ਸਮਾਣਾ ਦੇ ਪ੍ਰਧਾਨ ਅਸ਼ਵਨੀ ਗੁਪਤਾ ਵੀ ਪਹੁੰਚੇ ਹੋਏ ਸਨ ਇੱਥੇ ਸਮਾਗਮ ਨੂੰ ਸੰਬੋਧਨ ਕਰਦਿਆਂ ਬਲਾਕ ਕਾਂਗਰਸ ਦੇ ਪ੍ਰਧਾਨ ਮੰਗਤ ਮਵੀ ਨੇ ਕਿਹਾ ਕਿ ਕਾਂਗਰਸ ਨੂੰ ਗੌਰਵ ਸੰਧੂ ਵਰਗੇ ਨੌਜਵਾਨਾਂ ਨੂੰ ਅੱਗੇ ਲਿਆਉਣਾ ਚਾਹੀਦਾ ਹੈ ਉਹਨਾਂ ਕਿਹਾ ਕਿ ਗੌਰਵ ਸੰਧੂ ਹਮੇਸ਼ਾ ਆਮ ਲੋਕਾਂ ਤੇ ਨੌਜਵਾਨਾਂ ਦੀ ਲੜਾਈ ਲੜਦੇ ਹਨ ਅਤੇ ਉਹਨਾਂ ਦੇ ਹਿੱਤਾਂ ਦੀ ਰੱਖਿਆ ਦੇ ਲਈ ਦਿਨ ਰਾਤ ਇੱਕ ਕਰਦੇ ਹਨ ਅਜਿਹੇ ਆਗੂ ਹੀ ਕਾਂਗਰਸ ਵਿੱਚ ਨਵੀਂ ਜਾਨ ਪਾ ਕੇ ਮੁੜ ਤੋਂ ਕਾਂਗਰਸ ਨੂੰ ਸੱਤਾ ਦੀ ਕੁਰਸੀ ਤੱਕ ਪਹੁੰਚਾ ਸਕਦੇ। ਬਲਾਕ ਸੰਮਤੀ ਸਮਾਣਾ ਦੇ ਸਾਬਕਾ ਚੇਅਰਮੈਨ ਸੋਨੀ ਦਾਨੀਪੁਰ ਨੇ ਕਿਹਾ ਕਿ ਗੌਰਵ ਸੰਧੂ ਨੇ ਹਮੇਸ਼ਾ ਹੀ ਕਾਂਗਰਸ ਨੂੰ ਜਮੀਨੀ ਪੱਧਰ ਤੇ ਮਜਬੂਤ ਕਰਨ ਲਈ ਕੰਮ ਕੀਤਾ ਹੈ ਇਹੀ ਕਾਰਨ ਹੈ ਕਿ ਅੱਜ ਵੱਡੀ ਸੰਖਿਆ ਵਿੱਚ ਨੌਜਵਾਨ ਗੌਰਵ ਸੰਧੂ ਦੇ ਨਾਲ ਮੋਢੇ ਦੇ ਨਾਲ ਮੋਢਾ ਲਾ ਕੇ ਚੱਲ ਰਹੇ ਹਨ।

ਸਮਾਗਮ ਨੂੰ ਸੰਬੋਧਨ ਕਰਦਿਆਂ ਗੌਰਵ ਸੰਧੂ ਨੇ ਕਿਹਾ ਕਿ ਕਾਂਗਰਸੀ ਇੱਕੋ ਇੱਕ ਅਜਿਹੀ ਪਾਰਟੀ ਹੈ ਜਿਹੜੀ ਸਾਰੇ ਵਰਗਾਂ ਨੂੰ ਨਾਲ ਲੈ ਕੇ ਚੱਲਦੀ ਹੈ ਪੰਜਾਬ ਦੇ ਲੋਕ ਇਸ ਗੱਲ ਨੂੰ ਭਲੀ ਭਾਂਤੀ ਸਮਝ ਚੁੱਕੇ ਹਨ ਕਿ ਪੰਜਾਬ ਦਾ ਭਲਾ ਸਿਰਫ ਤੇ ਸਿਰਫ ਕਾਂਗਰਸ ਦੇ ਹੱਥਾਂ ਵਿੱਚ ਹੈ, ਕਿਉਂਕਿ ਪੰਜਾਬ ਦੇ ਲੋਕ ਹਜ਼ਾਰਾਂ ਸਾਲਾਂ ਤੋਂ ਇੱਕ ਦੂਜੇ ਨਾਲ ਮਿਲ ਕੇ ਰਹਿ ਰਹੇ ਹਨ ਜਿਸ ਤਰ੍ਹਾਂ ਭਾਜਪਾ ਵਰਗੀਆਂ ਪਾਰਟੀਆਂ ਦੇਸ਼ ਨੂੰ ਵੰਡਣ 'ਤੇ ਤੁਲੀਆਂ ਹੋਈਆਂ ਹਨ ਲੋਕ ਕਦੇ ਵੀ ਉਹਨਾਂ ਨੂੰ ਸਵੀਕਾਰ ਨਹੀਂ ਕਰਨਗੇ ਗੌਰਵ ਸੰਧੂ ਨੇ ਕਿਹਾ ਕਿ ਜਿੱਥੋਂ ਤੱਕ ਆਮ ਆਦਮੀ ਪਾਰਟੀ ਦਾ ਸਵਾਲ ਹੈ ਆਮ ਆਦਮੀ ਪਾਰਟੀ ਨੇ ਪੰਜਾਬ ਨੂੰ ਹਰ ਖੇਤਰ ਵਿੱਚ ਪਛਾੜ ਕੇ ਰੱਖ ਦਿੱਤਾ ਹੈ ਅਤੇ ਅੱਜ ਪੰਜਾਬ ਵਿੱਚ ਭਾਵੇਂ ਅਮਨ ਕਾਨੂੰਨ ਦੀ ਗੱਲ ਹੋਵੇ ਜਾਂ ਫਿਰ ਸਿੱਖਿਆ ਤੇ ਸਿਹਤ ਦੀ ਪੰਜਾਬ ਦੇ ਲੋਕ ਹਰ ਪਾਸੇ ਤੋਂ ਪੱਛੜ ਚੁੱਕੇ ਹਨ ਤੇ ਹੁਣ ਨੌਜਵਾਨਾਂ ਨੂੰ ਅੱਗੇ ਆ ਕੇ ਮੁੜ ਤੋਂ ਪੰਜਾਬ ਨੂੰ ਤਰੱਕੀ ਦੀ ਲੀਹ ਤੇ ਪਾਉਣ ਦੇ ਲਈ ਕਾਂਗਰਸ ਦੇ ਹੱਕ ਵਿੱਚ ਡੱਟ ਕੇ ਖੜਨਾ ਚਾਹੀਦਾ ਹੈ। ਇਸ ਮੌਕੇ ਲਵਲੀ, ਪਰਮਜੀਤ ਖੇੜੀ ਬਰਨਾ, ਰੋਸ਼ਨ ਸਿੰਘ ਲਲੋਚੀ, ਗੁਰਜੀਤ ਸਿੰਘ ਬਰਾੜ ਗੁਰਵਿੰਦਰ ਸਿੰਘ ਬਰਾੜ, ਲਾਡੀ ਮੈਣ, ਮੰਗਤ ਧਨੇਠਾ ਸਮੇਤ ਵੱਡੀ ਸੰਖਿਆ ਵਿੱਚ ਨੌਜਵਾਨ ਅਤੇ ਸੀਨੀਅਰ ਕਾਂਗਰਸੀ ਆਗੂ ਹਾਜ਼ਰ ਸਨ।

## ਕਬੱਡੀ ਖਿਡਾਰੀ ਵਿਰੁੱਧ ਨਸ਼ੇ ਦੀ ਝੂੱਠੀ ਸ਼ਿਕਾਇਤ 'ਤੇ ਪਿੰਡ ਵਾਸੀਆਂ ਵੱਲੋਂ ਪੁਲਿਸ ਚੌਕੀ 'ਚ ਰੋਸ ਪ੍ਰਦਰਸ਼ਨ




ਡਕਾਲਾ/ਬਲਬੇੜਾ ,12 ਮਾਰਚ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਹਲਕਾ ਸਨੌਰ ਦੇ ਉੱਘੇ ਪਿੰਡ ਬਲਬੇੜ੍ਹਾ ਦੇ ਯੂਥ ਸਪੋਰਟ। ਕੱਲਬ ਦੇ ਪ੍ਰਧਾਨ ਤੇ ਕਬੱਡੀ ਖਿਡਾਰੀ ਗੁਰਜੰਟ ਸਿੰਘ ਖ਼ਿਲਾਫ਼ ਕਿਸੇ ਸਿਆਸੀ ਅਨਸਰ ਦੁਆਰਾ ਪੁਲਿਸ ਨੂੰ ਨਸ਼ੇ ਕਰਨ ਦੀ ਝੂੱਠੀ ਸ਼ਿਕਾਇਤ ਕਰਨ 'ਤੇ ਪਿੰਡ ਦੇ ਲੋਕਾਂ ਵੱਲੋਂ ਪੁਲਿਸ ਪ੍ਰਸ਼ਾਸਨ ਦੀ ਕਾਰਵਾਈ ਦਾ ਵਿਰੋਧ ਕਰਨ 'ਤੇ ਸ਼ਿਕਾਇਤ ਕਰਤਾ ਖਿਲਾਫ ਕਾਰਵਾਈ ਦੀ ਮੰਗ ਨੂੰ ਲੈ ਕੇ ਪੁਲਸ ਚੌਕੀ ਬਲਬੇੜ੍ਹਾ ਵਿਖੇ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਸੁਖਬੀਰ ਸਿੰਘ, ਕਿਸਾਨ ਆਗੂ ਪ੍ਰਧਾਨ ਜੋਰਾ ਸਿੰਘ, ਅਵਤਾਰ ਸਿੰਘ, ਹਰਵਿੰਦਰ ਸਿੰਘ ਕੋਚ, ਚਰਨਜੀਤ ਚੰਨੀ, ਰਣਧੀਰ ਭੋਲਾ, ਕਸ਼ਮੀਰ ਸਿੰਘ, ਅਮਰਿੰਦਰ ਸਿੰਘ, ਗੁਰਮੇਲ ਸਿੰਘ ਘੁੰਮਣ, ਗੁਰਬਖਸ਼ ਸਿੰਘ, ਭਾਗ ਸਿੰਘ, ਟੋਨੀ, ਹਰਜੀਤ ਸਿੰਘ ਆਦਿ ਸਮੇਤ ਕਈ ਕਬੱਡੀ ਖਿਡਾਰੀ ਮੌਜੂਦ ਸਨ। ਇਸ ਮੌਕੇ ਕਬੱਡੀ ਖਿਡਾਰੀ ਗੁਰਜੰਟ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਆਮ ਆਦਮੀ ਪਾਰਟੀ ਦੇ ਆਗੂ ਪਿੰਡ ਬਲਬੇੜ੍ਹਾ ਦੀ ਐਕਸਚੈਂਜ ਕਾਲੋਨੀ ਦੇ ਰਸਤੇ ਨੂੰ ਦੇਖਣ ਲਈ ਪੁੱਜੇ ਹੋਏ ਸਨ,ਜੋ ਕਿ ਕਈ ਸਾਲਾਂ ਤੋਂ ਨਹੀਂ ਬਣਾਇਆ ਗਿਆ। ਇਸ ਦੌਰਾਨ ਉਸਦੀ ਪਿੰਡ ਦੇ ਇੱਕ ਆਪ ਆਗੂ ਨਾਲ ਤਕਰਾਰ ਹੋ ਗਈ।ਗੁਰਜੰਟ ਸਿੰਘ ਨੇ ਦੱਸਿਆ ਕਿ ਇਸ ਘਟਨਾ ਤੋਂ ਲਗਭਗ ਘੰਟੇ ਬਾਅਦ 'ਸੈਫ ਪੰਜਾਬ ਐਂਟੀ ਡਰੱਗ ਐਪ' ਤੇ ਉਸਦੇ ਖਿਲਾਫ ਨਸ਼ੇ ਸਬੰਧੀ ਸ਼ਿਕਾਇਤ ਕੀਤੀ ਗਈ। ਇਸ ਸ਼ਿਕਾਇਤ ਦੇ ਮਿਲਣ ਉਪਰੰਤ ਅਗਲੇ ਦਿਨ ਪੁਲਸ ਚੌਕੀ ਬਲਬੇੜ੍ਹਾ ਦੇ ਇੰਚਾਰਜ ਨੇ ਉਸਨੂੰ ਚੌਕੀ ਵਿਖੇ ਪੇਸ਼ ਹੋਣ ਅਤੇ ਡੋਪ ਟੈਸਟ ਕਰਵਾਉਣ ਲਈ ਕਿਹਾ। ਪਿੰਡ ਵਾਸੀਆਂ ਵੱਡੀ ਗਿਣਤੀ 'ਚ ਕਬੱਡੀ ਖਿਡਾਰੀ ਦੇ ਹੱਕ 'ਚ ਨਿੱਤਰੇ ਪਿੰਡ ਦੇ ਪੱਤਵੰਤੇ ਪੁਲਸ ਚੌਕੀ ਪੁੱਜੇ ਤੇ ਸ਼ਿਕਾਇਤ ਕਰਤਾ ਬਾਰੇ ਜਾਣਕਾਰੀ ਮੰਗੀ ਗਈ। ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਇਸ ਦੌਰਾਨ ਪੁਲਸ ਚੌਕੀ ਦੇ ਮੁਲਾਜ਼ਮਾ ਦੀ ਭਾਸ਼ਾ ਸਿਆਸੀ ਤੇ ਪੁਲਿਸ ਨੇ ਸ਼ਿਕਾਇਤ ਕਰਤਾ ਬਾਰੇ ਕੁੱਝ ਨਹੀਂ ਦੱਸਿਆ। ਲੋਕਾਂ ਦੇ ਰੋਸ਼ ਪ੍ਰਦਸ਼ਨ ਨੂੰ ਦੇਖਦੇ ਹੋਏ ਪੁਲਸ ਮੁਲਾਜ਼ਮਾਂ ਨੇ ਆਪਣੇ ਸੁਰ ਬਦਲ ਲਏ ਤੇ ਕਿਹਾ ਕਿ ਉਨ੍ਹਾਂ ਵੱਲੋਂ ਇਸ ਮਾਮਲੇ ਬਾਰੇ ਸੰਤੁਸ਼ਟੀ ਹੋ ਗਈ ਹੈ ਤੇ ਉਹ ਜਾ ਸਕਦੇ ਹਨ। ਪਿੰਡ ਦੇ ਮੋਹਤਬਰਾਂ ਨੇ ਕਬੱਡੀ ਖਿਡਾਰੀ ਗੁਰਜੰਟ ਸਿੰਘ ਦਾ ਮਾਤਾ ਕੁਸ਼ਲਿਆ ਹਸਪਤਾਲ ਪਟਿਆਲਾ ਵਿਖੇ ਡੋਪ ਟੈਸਟ ਕਰਵਾਇਆ ਤੇ ਜਿਸਦੀ ਰਿਪੋਰਟ ਨੈਗੇਟਿਵ ਆਈ।ਗੁਰਜੰਟ ਸਿੰਘ ਦੇ ਹੱਕ 'ਚ ਨਿੱਤਰੇ ਕਬੱਡੀ ਖਿਡਾਰੀਆਂ ਨੇ ਕਿਹਾ ਕਿ ਉਹ ਝੂੱਠੀ ਸ਼ਿਕਾਇਤ ਕਰਨ ਵਾਲੇ ਵਿਅਕਤੀ ਖਿਲਾਖ ਕਾਰਵਾਈ ਨੂੰ ਲੈ ਕੇ ਐੱਸ.ਐੱਸ.ਪੀ. ਪਟਿਆਲਾ ਨੂੰ ਮਿਲਣਗੇ ਤਾਕਿ ਕਿੜ ਕਢੱਣ ਲਈ ਇਸ ਤਰ੍ਹਾਂ ਦੀ ਗਲਤ ਹਰਕਤ ਕਰਨ ਵਾਲੇ ਸਿਆਸੀ ਅਨਸਰ ਨੂੰ ਸਬਕ ਮਿਲ ਸਕੇ।

ਇਸ ਮਾਮਲੇ ਸਬੰਧੀ ਜਦੋਂ ਡੀਐਸਪੀ ਡਾ. ਹਰਸਿਮਰਨ ਸਿੰਘ ਨੂੰ ਫੋਨ ਕੀਤਾ ਗਿਆ ਤਾਂ ਉਹਨਾਂ ਕੋਈ ਵੀ ਜਵਾਬ ਦਿੱਤੇ ਬਿਨਾਂ ਫੋਨ ਕਾਲ ਰਿਸੀਵ ਹੋਏ ਹੋਣ ਕੱਟਿਆ ਗਿਆ, ਉਪਰੰਤ ਪੁਲਿਸ ਚੌਕੀ ਬਲਬੇੜ੍ਹਾ ਦੇ ਇੰਚਾਰਜ ਰਾਮਕਰਨ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਨੇ ਕਿਹਾ ਕਿ ਉਨ੍ਹਾ ਨੂੰ ਇਸ ਮਾਮਲੇ ਸਬੰਧੀ ਸ਼ਿਕਾਇਤ ਮਿਲੀ ਸੀ। ਉਨ੍ਹਾਂ ਕਿਹਾ ਕਿ ਪੁਲਿਸ ਨੂੰ ਡੋਪ ਟੈਸਟ ਦੀ ਰਿਪੋਰਟ ਨਹੀਂ ਮਿਲੀ ਹੈ, ਜਦੋਂ ਸ਼ਿਕਾਇਤ ਕਰਤਾ ਬਾਰੇ ਪੁੱਛਿਆ ਗਿਆ ਤਾਂ ਪੁਲਿਸ ਇੰਚਾਰਜ ਨੇ ਇਹ ਕਹਿ ਕੇ ਆਪਣਾ ਪੱਲਾ ਝਾੜ ਦਿੱਤਾ ਕਿ ਉਨ੍ਹਾਂ ਨੂੰ ਸ਼ਿਕਾਇਤ ਕਰਤਾ ਬਾਰੇ ਨਹੀਂ ਪਤਾ ਹੈ ।

## ਕੇਂਦਰੀ ਮੰਤਰੀ ਰਾਮਦਾਸ ਅਠਾਵਲੇ ਦੇ ਮੁੜ ਰਾਜ ਸਭਾ ਮੈਂਬਰ ਬਣਨ ਦੀ ਖ਼ੁਸ਼ੀ 'ਚ ਵੰਡੇ ਲੱਡੂ



ਦੇਵੀਗੜ੍ਹ, 12 ਮਾਰਚ (ਗੁਰਜੀਤ ਸਿੰਘ ਢੌਟ): ਰਿਪਬਲਿਕਨ ਪਾਰਟੀ ਆਫ ਇੰਡੀਆ (ਅਠਾਵਲੇ) ਪੰਜਾਬ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਧਾਨ ਮੰਗਲ ਸਿੰਘ (ਰੰਗਰੇਟਾ)ਤੇ ਸਮੁੱਚੀ ਟੀਮ ਪਟਿਆਲਾ ਵੱਲੋਂ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸ੍ਰੀ.ਰਾਮਦਾਸ ਅਠਾਵਲੇ ਜੀ, ਕੇਂਦਰੀ ਮੰਤਰੀ (ਭਾਰਤ ਸਰਕਾਰ) ਦੇ ਤੀਸਰੀ ਵਾਰ 2026 ਲਈ ਰਾਜ ਸਭਾ ਮੈਂਬਰ(ਮਹਾਰਾਸ਼ਟਰ) ਨਿਯੁਕਤ ਹੋਣ 'ਤੇ ਪਟਿਆਲਾ ਵਿਖੇ ਲੱਡੂ ਵੰਡੇ ਗਏ।ਸ਼ਹਿਰ ਵਾਸੀਆਂ ਨਾਲ ਖ਼ੁਸ਼ੀ ਸਾਂਝੀ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਸਾਥੀ ਜਸਪਾਲ ਸਿੰਘ (ਜੱਸ) ਖੇੜੀ ਮਾਨੀਆਂ, ਮਨਦੀਪ ਸਿੰਘ (ਕਾਠਮੱਠੀ), ਪ੍ਰਿੰਸ (ਚਿੜਬਾ ਚਿੜਬੀ) ਪ੍ਰਦੀਪ ਸਿੰਘ (ਮੰਨਾ) ਮੁਸਲਮਾਨੀ ਖੇੜੀ ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਰਿਪਬਲਿਕਨ ਪਾਰਟੀ ਆਫ ਇੰਡੀਆ (ਅਠਾਵਲੇ) ਪੰਜਾਬ ਦੇ ਲੋਕਾਂ ਲਈ ਇੱਕ ਨਵੀਂ ਉਮੀਦ ਦੀ ਕਿਰਨ ਉੱਭਰ ਕੇ ਸਾਹਮਣੇ ਆ ਰਹੀ ਹੈ, ਅਤੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ 2027 ਚੋਣਾਂ ਲਈ ਪਾਰਟੀ ਜ਼ਮੀਨੀ ਪੱਧਰ 'ਤੇ ਤਿਆਰੀ ਜ਼ੋਰਾ ਸੋਰਾ ਕਰ ਰਹੀ ਹੈ, ਸਭ ਤੋਂ ਵਿਸ਼ੇਸ਼ ਗੱਲਬਾਤ ਦੱਸੀ ਕਿ ਸਾਡੇ ਜੋ ਰਿਪਬਲਿਕਨ ਪਾਰਟੀ ਆਫ ਇੰਡੀਆ (ਅਠਾਵਲੇ) ਜੀ ਜੋ ਰਾਸ਼ਟਰੀ ਪ੍ਰਧਾਨ ਰਾਮਦਾਸ ਅਠਾਵਲੇ ਬੜੇ ਲੰਬੇ ਸਮੇਂ ਤੋਂ ਭਾਰਤ ਸਰਕਾਰ ਜੋ (ਐਨ.ਡੀ.ਏ) ਮਹਾਂ ਗਠਜੋੜ ਦੀ ਬਣੀ ਹੈ, ਵਿੱਚ ਕੇਂਦਰੀ ਮੰਤਰੀ (ਸਮਾਜਿਕ ਨਿਆਂ ਵਿਭਾਗ ਤੇ ਇੰਪਰੂਮੈਂਟ ਵਿਭਾਗ) ਬਤੌਰ ਉਹ ਲੋਕ ਸੇਵਾ ਨਿਭਾ ਕਰ ਰਹੇ ਹਨ,, ਬਹੁਤ ਜਲਦ ਪੂਰੇ ਪੰਜਾਬ ਵਿੱਚ ਵੀ ਪੰਜਾਬ ਸਰਕਾਰ 2027 ਵਿੱਚ ਰਿਪਬਲਿਕਨ ਪਾਰਟੀ ਆਫ ਇੰਡੀਆ ਅਠਾਵਲੇ ਆਪਣੀ ਅਹਿਮ ਭੂਮਿਕਾ ਵਿੱਚ ਨਜ਼ਰ ਆਵੇਗੀ।

## ਗਲੂਕੋਮਾ ਦੀ ਬਿਮਾਰੀ ਨਾਲ ਜਾ ਸਕਦੀ ਹੈ ਤੁਹਾਡੇ ਅੱਖਾਂ ਦੀ ਰੋਸ਼ਨੀ : ਡਾ. ਬੋਪਾਰਾਏ



ਪਟਿਆਲਾ, 12 ਮਾਰਚ (ਚ.ਨ.ਸ.): ਗਲੂਕੋਮਾ ਸਪਤਾਹ ਦੇ ਚੱਲਦਿਆਂ ਪਟਿਆਲਾ ਆਈ ਹਸਪਤਾਲ ਦੇ ਐਮ.ਡੀ. ਅੱਖਾਂ ਦੇ ਰੋਗਾਂ ਦੇ ਮਾਹਿਰ ਡਾ. ਸੁਖਦੀਪ ਸਿੰਘ ਬੋਪਾਰਾਏ ਨੇ ਮਰੀਜ਼ਾਂ ਗਲੂਕੋਮਾ ਅੱਖਾਂ ਦੀ ਬਿਮਾਰੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਲੂਕੋਮਾ ਇੱਕ ਅਜਿਹੀ ਬਿਮਾਰੀ ਹੈ, ਜੋ ਹਮੇਸ਼ਾ ਲਈ ਹੀ ਵਿਅਕਤੀ ਦੀ ਅੱਖਾਂ ਦੀ ਰੌਸ਼ਨੀ ਖੋਹ ਲੈਂਦੀ ਹੈ। ਡਾ. ਬੋਪਾਰਾਏ ਨੇ ਗਲੂਕੋਮਾ ਦੇ ਲੱਛਣਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਡਰਾਈਵਿੰਗ ਕਰਦੇ ਸਮੇਂ ਜੇਕਰ ਅਚਾਨਕ ਤੁਹਾਡੇ ਸਾਹਮਣੇ ਕੋਈ ਆ ਜਾਵੇ ਅਤੇ ਨਜ਼ਰ ਨਾ ਆਵੇ ਅਤੇ ਘੱਟ ਰੋਸ਼ਨੀ ਵਾਲੇ ਕਮਰੇ ਵਿਚ ਵੀ ਚੰਗੀ ਤਰ੍ਹਾਂ ਨਾ ਦਿਖਾਈ ਦੇਣਾ ਤਾਂ ਤੁਸੀਂ ਗਲੂਕੋਮਾ ਬਿਮਾਰੀ ਤੋਂ ਪੀੜਤ ਹੋ ਦੀ ਸੰਭਾਵਨਾ ਹੋ ਸਕਦੀ ਹੈ। ਡਾ. ਬੋਪਾਰਾਏ ਨੇ ਕਿਹਾ ਕਿ ਜੇਕਰ ਪਰਿਵਾਰ ਵਿੱਚ ਕਿਸੇ ਨੂੰ ਪਹਿਲਾਂ ਹੀ ਗਲੂਕੋਮਾ ਹੈ, ਜੇਕਰ ਤੁਸੀਂ ਐਨਕਾਂ ਪਾਉਂਦੇ ਹੋ ਤਾਂ ਸੁਚੇਤ ਰਹੋ, ਕਦੇ ਅੱਖ 'ਤੇ ਸੱਟ ਲੱਗੀ, ਸਰਜਰੀ ਹੋਈ ਹੋਵੇ, ਅੱਖਾਂ ਵਿੱਚ ਸਟੀਰੌਇਡ ਬੂੰਦਾਂ ਪਾਉਣਾ, ਸ਼ੂਗਰ ਰੋਗੀ ਆਦਿ ਮਰੀਜ਼ਾਂ ਨੂੰ ਗਲੂਕੋਮਾ ਹੋਣ ਦੀ ਸੰਭਾਵਨਾ ਜਿਆਦਾ ਹੁੰਦੀ ਹੈ। ਡਾ. ਬੋਪਾਰਾਏ ਨੇ ਗਲੂਕੋਮਾ ਬਿਮਾਰੀ ਤੋਂ ਬਚਣ ਲਈ ਦੱਸਦਿਆਂ ਕਿਹਾ ਕਿ 40 ਸਾਲ ਦੀ ਉਮਰ ਵਿੱਚ, ਜ਼ਿਆਦਾਤਰ ਲੋਕਾਂ ਨੂੰ ਐਨਕਾਂ ਲੱਗ ਜਾਂਦੀਆਂ ਹਨ, ਇਸ ਸਥਿਤੀ ਵਿੱਚ ਗਲੂਕੋਮਾ ਲਈ ਟੈਸਟ ਕਰਵਾਓ। ਭਾਵੇਂ ਤੁਸੀਂ ਐਨਕਾਂ ਨਹੀਂ ਪਹਿਨਦੇ ਹੋ, ਤੁਹਾਨੂੰ 40 ਸਾਲ ਦੀ ਉਮਰ ਵਿਚ ਗਲੂਕੋਮਾ ਟੈਸਟ ਜ਼ਰੂਰ ਕਰਵਾਉਣਾ ਚਾਹੀਦਾ ਹੈ ਇਸ ਉਮਰ ਵਿੱਚ ਇਸਦੀ ਸੰਭਾਵਨਾ ਦੋ ਫੀਸਦੀ ਹੁੰਦੀ ਹੈ। ਜੇਕਰ ਤੁਸੀਂ ਮੋਤੀਆਬਿੰਦ ਜਾਂ ਕਿਸੇ ਹੋਰ ਇਲਾਜ ਲਈ ਅੱਖਾਂ ਦੇ ਮਾਹਿਰ ਡਾਕਟਰ ਕੋਲ ਜਾਂਦੇ ਹੋ ਤਾਂ ਗਲੂਕੋਮਾ ਦਾ ਟੈਸਟ ਜ਼ਰੂਰ ਕਰਵਾਓ।

## ਚੜ੍ਹਦੀਕਲਾ ਅਖ਼ਬਾਰ ਦੇ ਸਬ ਐਡੀਟਰ ਅਵਤਾਰ ਸਿੰਘ ਨੂੰ ਸਦਮਾ, ਪਿਤਾ ਦਾ ਦੇਹਾਂਤ



ਸਮਾਣਾ, 12 ਮਾਰਚ (ਵਿਜੇ ਕੁਮਾਰ): ਚੜ੍ਹਦੀਕਲਾ ਅਖਬਾਰ ਦੇ ਸਬ ਐਡੀਟਰ ਅਵਤਾਰ ਸਿੰਘ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਗਿਆਨ ਸਿੰਘ (81) (ਸੇਵਾ ਮੁਕਤ ਬਿਜਲੀ ਬੋਰਡ) ਦਾ ਸੰਖੇਪ ਬਿਮਾਰੀ ਤੋਂ ਬਾਅਦ ਬੁੱਧਵਾਰ ਦੀ ਰਾਤ ਨੂੰ ਅਮਰ ਹਸਪਤਾਲ 'ਚ ਦਹਾਂਤ ਹੋ ਗਿਆ। ਇਸ ਮੌਕੇ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਪਦਮਸ਼੍ਰੀ ਡਾ: ਜਗਜੀਤ ਸਿੰਘ ਦਰਦੀ ਤੇ ਸਮੂਹ ਸਟਾਫ ਵੱਲੋਂ ਜਿੱਥੇ ਅਵਤਾਰ ਸਿੰਘ ਤੇ ਉਨ੍ਹਾਂ ਦੇ ਪ੍ਰੀਵਾਰ ਨਾਲ ਦੁੱਖ ਸਾਝਾਂ ਕੀਤਾ, ਉਥੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਕੈਬਨਿਟ ਮੰਤਰੀ ਡਾ: ਬਲਬੀਰ ਸਿੰਘ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਮੇਅਰ ਕੁੰਦਨ ਗੋਗੀਆ, ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਤੋਂ ਇਲਾਵਾ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਜਥੇਬੰਦੀਆਂ ਦੇ ਆਗੂਆਂ ਨੇ ਪ੍ਰੀਵਾਰ ਨਾਲ ਹਮਦਰਦੀ ਪ੍ਰਗਟਾਈ। ਅਵਤਾਰ ਸਿੰਘ ਨੇ ਦੱਸਿਆ ਕਿ ਪਿਤਾ ਦੀ ਮ੍ਰਿਤਕ ਦੇਹ ਦਾ ਸੰਸਕਾਰ ਰਿਸ਼ਤੇਦਾਰਾਂ ਦੇ ਕੈਨੇਡਾ ਤੋਂ ਆਉਣ ਉਪਰੰਤ ਕੀਤਾ ਜਾਵੇਗਾ।



# ਪਟਿਆਲਾ-ਆਸ/ਪਾਸ



## ਹਲਕਾ ਸਨੌਰ ਦੇ ਵਪਾਰੀਆਂ ਦਾ ਮਾਨ ਸਰਕਾਰ ’ਤੇ ਵਿਸ਼ਵਾਸ ਵਧਿਆ; ਵਿਸ਼ਾਲ ਇਕੱਠ ਨੇ ਵਿਰੋਧੀਆਂ ਦੇ ਮੂੰਹ ਕੀਤੇ ਬੰਦ

ਦੇਵੀਗੜ੍ਹ, 12 ਮਾਰਚ (ਗੁਰਜੀਤ ਸਿੰਘ ਢੋਟ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਿੱਚ ਲਿਆਂਦੇ ਗਏ ਕ੍ਰਾਂਤੀਕਾਰੀ ਬਦਲਾਅ ਤੇ ਵਪਾਰ-ਪੱਖੀ ਨੀਤੀਆਂ ਦਾ ਅਸਰ ਹੁਣ ਜ਼ਮੀਨੀ ਪੱਧਰ ’ਤੇ ਸਾਫ਼ ਦੇਖਣ ਨੂੰ ਮਿਲ ਰਿਹਾ ਹੈ। ਬੀਤੇ ਦਿਨੀਂ ਹਲਕਾ ਸਨੌਰ ਦੇ ਵਪਾਰੀ ਭਰਾਵਾਂ ਦੇ ਹੋਏ ਇੱਕ ਵਿਸ਼ਾਲ ਇਕੱਠ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਸੂਬੇ ਦਾ ਵਪਾਰੀ ਵਰਗ ਸਰਕਾਰ ਦੀਆਂ ਨੀਤੀਆਂ ਅਤੇ ਇਮਾਨਦਾਰ ਨੀਅਤ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੈ। ਇਸ ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੇ ਵਪਾਰੀਆਂ ਨੇ ਇੱਕਸੁਰ ਵਿੱਚ ਮਾਨ ਸਰਕਾਰ ਦੀਆਂ ਪਹਿਲਕਦਮੀਆਂ ਦਾ ਸਮਰਥਨ ਕੀਤਾ। ਇਹ ਪ੍ਰਗਟਾਵਾ ਰਣਜੋਧ ਸਿੰਘ ਹਡਾਣਾ ਨੇ ਦੇਵੀਗੜ੍ਹ ਵਿਖੇ ਪੰਜਾਬ ਟਰੇਡ ਕਮਿਸ਼ਨ ਵੱਲੋਂ ਹਲਕਾ ਸਨੌਰ ਦੇ ਸਮੂਹ ਵਪਾਰੀਆਂ ਦੀਆ ਮੁਸ਼ਕਲਾ ਹੱਲ ਕਰਨ ਸਬੰਧੀ ਰੱਖੇ ਪ੍ਰੋਗਰਾਮ ਦੌਰਾਨ ਕੀਤਾ। ਇਸ ਮੌਕੇ ਬਲਦੇਵ ਸਿੰਘ ਦੇਵੀਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਦੂਧਨਸਾਧਾਂ, ਵੇਦ ਪ੍ਰਕਾਸ਼ ਚੇਅਰਮੈਨ, ਵਿਨੋਦ ਕੁਮਾਰ




ਸਿੰਗਲਾ ਜ਼ਿਲ੍ਹਾ ਚੇਅਰਮੈਨ, ਰਾਜਵਿੰਦਰ ਸਿੰਘ ਚੇਅਰਮੈਨ ਦੇਵੀਗੜ੍ਹ ਮੰਡੀ, ਬਲਦੇਵ ਸਿੰਘ, ਦਵਿੰਦਰ ਸਿੰਘ ਮਾੜੂ ਬਲਾਕ ਪ੍ਰਧਾਨ, ਪਰਮਜੀਤ ਸਿੰਘ ਪ੍ਰਧਾਨ ਪੈਸਟੀਸਾਈਡ ਐਸੋਸੀਏਸ਼ਨ, ਭੁਪਿੰਦਰ ਸਿੰਘ ਪ੍ਰਧਾਨ ਰਾਈਸ ਮਿੱਲ ਐਸੋਸੀਏਸ਼ਨ, ਗੁਰਪ੍ਰੀਤ ਸਿੰਘ ਸਰਪੰਚ ਅਤੇ ਬਲਾਕ ਪ੍ਰਧਾਨ, ਭੁਪਿੰਦਰ ਸਿੰਘ ਪ੍ਰਧਾਨ ਮਿਲਕ ਸਪਲਾਇਰ, ਪਿਰਥੀ ਸਿੰਘ ਪ੍ਰਧਾਨ ਭੁਨਰਹੇੜੀ, ਨਰੇਸ਼ ਕੁਮਾਰ ਪ੍ਰਧਾਨ ਸਨੌਰੀ ਮੰਡੀ, ਰਣਜੀਤ ਕਪੂਰ ਪ੍ਰਧਾਨ ਸਨੌਰ ਮੰਡੀ, ਰਾਜਾ ਧੰਜੂ ਸਰਪੰਚ ਅਤੇ ਬਲਾਕ ਪ੍ਰਧਾਨ ਸਮੇਤ ਹਲਕੇ ਦੇ ਵੱਖ-ਵੱਖ ਬਾਜ਼ਾਰਾਂ ਦੇ ਪ੍ਰਧਾਨ, ਉਦਯੋਗਪਤੀ ਅਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਵੀ ਹਾਜ਼ਰ ਸਨ।

ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੇਲੇ ਵਪਾਰੀ ਵਰਗ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰਦਾ ਸੀ ਅਤੇ ‘ਇੰਸਪੈਕਟਰੀ ਰਾਜ’ ਤੋਂ ਪ੍ਰੇਸ਼ਾਨ ਸੀ। ਪਰ ਮਾਨ ਸਰਕਾਰ ਨੇ ਸੱਤਾ ਸੰਭਾਲਦਿਆਂ ਹੀ ਵਪਾਰੀਆਂ ਲਈ ਸੁਖਾਵਾਂ ਮਾਹੌਲ ਸਿਰਜਿਆ ਹੈ। ਹਡਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਨੌਰ ਹਲਕੇ ਦੇ ਵਪਾਰੀਆਂ ਦਾ ਇਹ ਪਿਆਰ ਅਤੇ ਸਾਥ ਸਾਨੂੰ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਕਰਨ ਲਈ ਹੋਰ ਵੀ ਉਤਸ਼ਾਹਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ’ਤੇ ਹੱਲ ਕਰਨ ਲਈ ਵਚਨਬੱਧ ਹੈ ਤਾਂ ਜੋ ਵਪਾਰ ਨੂੰ ਨਵੀਆਂ ਬੁਲੰਦੀਆਂ @ਤੇ ਲਿਜਾਇਆ ਜਾ ਸਕੇ। ਵਪਾਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਦਯੋਗਾਂ ਲਈ ਲਿਆਂਦੀ ਗਈ ਨਵੀਂ ਨੀਤੀ ਅਤੇ ਬਿਜਲੀ ਦਰਾਂ ਵਿੱਚ ਕੀਤੀ ਗਈ ਕਟੌਤੀ ਨੇ ਵਪਾਰਕ ਜਗਤ ਵਿੱਚ ਨਵੀਂ ਰੂਹ ਫੂਕੀ ਹੈ। ਵਪਾਰੀ ਆਗੂਆਂ ਨੇ ਦੱਸਿਆ ਕਿ ਹੁਣ ਉਨ੍ਹਾਂ ਨੂੰ ਦਫ਼ਤਰਾਂ ਦੇ ਚੱਕਰ ਨਹੀਂ ਕੱਟਣੇ ਪੈਂਦੇ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਆਨਲਾਈਨ ਸਹੂਲਤਾਂ ਨੇ ਕੰਮ ਨੂੰ ਬਹੁਤ ਸੌਖਾ ਕਰ ਦਿੱਤਾ ਹੈ। ਹਲਕੇ ਦੇ ਵਪਾਰੀਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਸੂਬੇ ਦੇ ਵਿਕਾਸ ਵਿੱਚ ਆਪਣਾ ਪੂਰਾ ਯੋਗਦਾਨ ਪਾਉਣਗੇ।

ਘਰੇਲੂ ਗੈਸ ਦੀ ਘਾਟ ਕਾਰਨ, ਖਪਤਕਾਰ ਪ੍ਰੇਸ਼ਾਨ

## ਪ੍ਰਵਾਸੀ ਮਜ਼ਦੂਰਾਂ ਨੂੰ ਗੈਸ ਕੁਨੈਕਸ਼ਨ ਦੇਣ ਲਈ ਸਰਕਾਰ ਦੀ ਕੋਈ ਨੀਤੀ ਨਹੀਂ : ਵਾਲੀਆ

ਸਮਾਣਾ, 12 ਮਾਰਚ (ਵਿਜੇ ਕੁਮਾਰ): ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਘਰੇਲੂ ਗੈਸ ਸਿਲੰਡਰਾਂ ਦੀ ਕਮੀ ਨੂੰ ਦੇਖਦੇ ਹੋਏ ਸਰਕਾਰਾ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਕਿਸੇ ਵੀ ਖਪਤਕਾਰ ਨੂੰ ਘਰੇਲੂ ਗੈਸ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ, ਪਰ ਹਦਾਇਤਾਂ ਦੇ ਬਾਵਜੂਦ ਕੁਨੈਕਸ਼ਨ ਹੋਲਡਰ ਤਾਂ ਆਪਣੇ ਸਮੇਂ ਅਨੁਸਾਰ ਗੈਸ ਲੈ ਰਹੇ ਹਨ, ਪਰ ਫੈਕਟਰੀਆਂ ਵਿੱਚ ਕੰਮ ਕਰਦੇ ਪ੍ਰਵਾਸੀ ਮਜ਼ਦੂਰਾਂ ਨੂੰ ਸਿਲੰਡਰ ਗੈਸ ਲਈ ਦਰ-ਦਰ ਭਟਕਣਾ ਪੈ ਰਿਹਾ ਹੈ, ਜਿਸ ਦੀ ਸਰਕਾਰ ਵੱਲੋਂ ਵੀ ਕੋਈ ਪਾਲਿਸੀ ਨਹੀਂ ਬਣਾਈ ਗਈ। ਜ਼ਿਕਰਯੋਗ ਹੈ ਕਿ ਸਮਾਣਾ ਦੀਆਂ ਸਾਰੀਆਂ ਗੈਸ ਏਜੰਸੀਆਂ ਨੂੰ ਪਹਿਲਾਂ ਨਾਲੋਂ 65 ਫੀਸਦੀ ਗੈਸ ਦੀ ਸਪਲਾਈ ਹੀ ਹੋ ਰਹੀ ਹੈ। ਸਰਕਾਰ ਵੱਲੋਂ ਕਮਰਸ਼ੀਅਲ ਗੈਸ ਦੀ ਸਪਲਾਈ 10 ਮਾਰਚ ਤੋਂ 31 ਮਾਰਚ ਤੱਕ ਬੰਦ ਕਰ ਦਿੱਤੀ ਗਈ ਹੈ, ਘਰੇਲੂ ਖਪਤਕਾਰਾਂ ਨੂੰ ਗੈਸ ਬੁਕਿੰਗ



ਲਈ ਸਮਾਂ 21 ਦਿਨਾਂ ਤੋਂ ਵਧਾ ਕੇ 25 ਦਿਨ ਕੀਤਾ ਗਿਆ ਹੈ। ਪ੍ਰਵਾਸੀ ਮਜ਼ਦੂਰ ਆਗੂ ਬਿਨੋ ਠਾਕੁਰ ਨੇ ਦੱਸਿਆ ਕਿ ਫੈਕਟਰੀਆਂ ਵਿੱਚ ਕੰਮ ਕਰਦੇ ਮਜ਼ਦੂਰ ਬਲੈਕ ਵਿੱਚ ਸਿਲੰਡਰ ਲੈ ਕੇ ਹੀ ਆਪਣੀ ਰੋਜ਼ਮਰਾ ਜ਼ਿੰਦਗੀ ਬਸਰ ਕਰਦੇ ਹਨ। ਉਹਨਾਂ ਦੱਸਿਆ ਕਿ ਪਹਿਲਾਂ ਗੈਸ ਸਿਲੰਡਰ ਆਮ ਥੋੜੀ ਬਲੈਕ ’ਤੇ ਹੀ ਮਿਲ ਜਾਂਦਾ ਸੀ, ਜੋ ਹੁਣ ਡਬਲ ਰੇਟਾਂ ’ਤੇ ਵੀ ਨਹੀਂ ਮਿਲ ਰਿਹਾ। ਉਹਨਾਂ ਮੰਗ ਕੀਤੀ ਕਿ ਸਰਕਾਰ ਫੈਕਟਰੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਲਈ ਘਰੇਲੂ ਗੈਸ ਦੀ ਸਪਲਾਈ ਦੇਣ ਲਈ ਕੋਈ ਪਾਲਿਸੀ ਬਣਾਵੇ ਤੇ ਜਮ੍ਹਾਂਖੋਰਾਂ ਖਿਲਾਫ ਕਾਰਵਾਈ ਕਰੇ। । ਇਸ ਸਬੰਧੀ ਜਦੋਂ ਸਹਾਇਕ ਜ਼ਿਲਾ ਖੁਰਾਕ ਤੇ ਸਿਵਲ ਸਪਲਾਈ ਅਫਸਰ ਨਿਖਿਲ ਵਾਲੀਆ ਨਾਲ ਗੱਲ ਕੀਤੀ ਤਾਂ ਉਹਨਾਂ ਦੱਸਿਆ ਕਿ ਪਰਵਾਸੀ ਮਜ਼ਦੂਰਾਂ ਨੂੰ ਗੈਸ ਕਨੈਕਸ਼ਨ ਦੇਣ ਲਈ ਸਰਕਾਰ ਵੱਲੋਂ ਕੋਈ ਪਾਲਿਸੀ ਨਹੀਂ ਹੈ। ਗੈਸ ਏਜੰਸੀਆਂ ਵਿੱਚ ਸਪਲਾਈ ਪਹਿਲਾਂ ਨਾਲੋਂ 65 ਫੀਸਦੀ ਹੋ ਰਹੀ ਹੈ। ਬੁੱਧਵਾਰ ਤੋਂ ਸਰਵਰ ਖਰਾਬ ਹੋਣ ਕਾਰਨ ਗੈਸ ਦੀ ਬੁਕਿੰਗ ਕਰਨ ਵਿੱਚ ਖਪਤਕਾਰਾਂ ਨੂੰ ਦਿੱਕਤ ਆ ਰਹੀ ਸੀ, ਜਿਸ ਨੂੰ ਉਨ੍ਹਾਂ ਨੇ ਗੈਸ ਏਜੰਸੀ ਮਾਲਕਾਂ ਨਾਲ ਰਾਬਤਾ ਕਾਇਮ ਕਰਕੇ ਮੈਨੂਅਲ ਪਰਚੀਆਂ ਕਟਾ ਕੇ ਖਪਤਕਾਰਾਂ ਨੂੰ ਗੈਸ ਦੀ ਸਪਲਾਈ ਕਰਵਾਈ ਹੈ। ਉਹਨਾਂ ਕਿਹਾ ਕਿ ਕਿਸੇ ਖਪਤਕਾਰ ਨੂੰ ਵੀ ਗੈਸ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ, ਜੇਕਰ ਕੋਈ ਬਲੈਕ ਵਿੱਚ ਸਿਲੰਡਰ ਵੇਚਦਾ ਹੈ ਤਾਂ ਉਹ ਉਹਨਾਂ ਕੋਲ ਸ਼ਿਕਾਇਤ ਕਰ ਸਕਦੇ ਹਨ। ਉਨ੍ਹਾਂ ਜਮਾਖੋਰਾਂ ਨੂੰ ਤਾੜਨਾ ਕਰਦਿਆਂ ਇਹ ਵੀ ਕਿਹਾ ਕਿ ਜੇਕਰ ਕੋਈ ਸਿਲੰਡਰ ਬਲੈਕ ਵਿੱਚ ਵੇਚਦਾ ਫੜਿਆ ਗਿਆ, ਤਾਂ ਉਸ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵੱਲੋਂ ਸਰਕਾਰੀ ਕਾਲਜ ਲੜਕੀਆਂ ਵਿਖੇ ਸੈਮੀਨਾਰ



ਪਟਿਆਲਾ, 12 ਮਾਰਚ (ਚ.ਨ.ਸ.): ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਅਵਤਾਰ ਸਿੰਘ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਤੇ ਮਾਨਯੋਗ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਜੀ ਦੀ ਸਰਪ੍ਰਸਤੀ ਹੇਠ ਸਰਕਾਰੀ ਮਹਿੰਦਰਾ ਕਾਲਜ ਪਟਿਆਲਾ ਵਿਖੇ ਡਾ.ਸੰਜੀਵ ਮਹਿਤਾ ਐਚ ਓ ਡੀ ਲਾਅ ਵਿਭਾਗ, ਡਾ. ਬਿਲਿੰਗ, ਡਾ.ਅੰਗਦ ਸਿੰਘ, ਡਾ.ਰਿਸ਼ਵ ਜੈਨਐਸ ਐਸ ਰੇਖੀ, ਡਾ.ਅਨੁਜ ਗੁਪਤਾ ਤੇ ਸਮੂਹ ਸਟਾਫ ਦੇ ਸਹਿਯੋਗ ਸਦਕਾ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਪੀਐਲਵੀ ਪਰਮਜੀਤ ਸਿੰਘ ਵੱਲੋਂ “ਔਰੇਲੀਆਨੋ ਫਰਨਾਂਡਿਸ ਬਨਾਮ ਗੋਆ ਰਾਜ ਮਾਣਯੋਗ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਨੂੰ ਲਾਗੂ ਕਰਨਾ, ਨਾਲਸਾ ਬੱਚਿਆਂ ਲਈ ਬਾਲ ਅਨੁਕੂਲ ਕਾਨੂੰਨੀ ਸੇਵਾਵਾਂ ਯੋਜਨਾ 2024, ਨਾਲਸਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਹੀਂ ਆਫ਼ਤ ਪੀੜਤਾਂ ਲਈ ਕਾਨੂੰਨੀ ਸੇਵਾਵਾਂ ਯੋਜਨਾ 2010, ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਅਭਿਆਨ ਸਾਡੇ ਬਜ਼ੁਰਗ ਸਾਡਾ ਮਾਣ, ਮਨੁੱਖੀ ਤਸਕਰੀ ਅਤੇ ਜਿਨਸੀ ਸ਼ੋਸ਼ਣ ਯੋਜਨਾ 2015, ਰਾਸ਼ਟਰੀ ਲੋਕ ਅਦਾਲਤ ਦੇ ਲਾਭ ਸੰਬੰਧੀ ਜਾਣਕਾਰੀ ਦਿਤੀ ਗਈ।ਪੀਐਲਵੀ ਗੁਰਕੀਰਤ ਸਿੰਘ ਵੱਲੋਂ ਸਥਾਈ ਲੋਕ ਅਦਾਲਤ ਜਨਤਕ ਉਪਯੋਗੀ ਸੇਵਾਵਾਂ ਦੀ ਜਾਣਕਾਰੀ ਦਿੱਤੀ ਗਈ।ਮਨੁੱਖੀ-ਜੰਗਲੀ ਜੀਵ ਟਕਰਾਅ ਦੇ ਪੀੜਤਾਂ ਲਈ ਨਿਆਂ ਤੱਕ ਪਹੁੰਚ ’ਤੇ ਨਾਲਸਾ ਯੋਜਨਾ, 2025, ਸਾਈਬਰ ਅਪਰਾਧ ਤੇ ਡਿਜੀਟਲ ਧੋਖਾਧੜੀ,ਪੰਜਾਬ ਪੀੜਤ ਮੁਆਵਜ਼ਾ ਯੋਜਨਾ 2017, ਕਿਸ਼ੋਰ ਨਿਆਂ ਐਕਟ, ਪੋਕਸੋ ਐਕਟ, ਬਾਲ ਵਿਆਹ ਐਕਟ, ਐਲਐਸਯੂਐਮ ਸਕੀਮਾਂ, ਐਲਐਸਯੂਸੀ ਸਕੀਮਾਂ, ਨਾਲਸਾ ਸਕੀਮਾਂ, ਸਮਵਾਦ, ਜਾਗ੍ਰਿਤੀ, ਆਸ਼, ਸਾਥੀ, ਡਾਨ, ਨਾਲਸਾ ਅਤੇ ਪੀ.ਐਸ.ਐਲ.ਐਸ.ਏ. ਸਕੀਮਾਂ, ਬਾਲ ਤੇ ਕਿਸ਼ੋਰ ਮਜ਼ਦੂਰੀ ਦੇ ਖਾਤਮੇ ਲਈ ਪੈਨ-ਇੰਡੀਆ ਬਚਾਅ ਤੇ ਪੁਨਰਵਾਸ ਮੁਹਿੰਮ ਤੇ ਅਪੰਗਤਾ ਅਧਿਕਾਰਾਂ ਦੀ ਜਾਣਕਾਰੀ ਦਿੱਤੀ ਗਈ।

## ਵਿਕੀਪੀਡੀਆ ਪ੍ਰੋਜੈਕਟਾਂ ਨਾਲ ਜੁੜਨ ਮਹਿਲਾਵਾਂ ਮਹਿਲਾ ਦਿਵਸ ਨੂੰ ਸਮਰਪਿਤ ਵਿਸ਼ੇਸ਼ ਮੀਟਿੰਗ

ਪਟਿਆਲਾ, 12 ਮਾਰਚ (ਚ.ਨ.ਸ.): ਪੰਜਾਬੀ ਵਿਕੀਮੀਡੀਆ ਯੂਜ਼ਰ ਗਰੁੱਪ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਪਟਿਆਲਾ ਬੁੱਕ ਹਾਊਸ ਵਿਖੇ ਕੀਤਾ ਗਿਆ, ਜਿਸ ਦਾ ਉਦੇਸ਼ ਡਿਜ਼ੀਟਲ ਮੰਚਾਂ ’ਤੇ ਮਹਿਲਾਵਾਂ ਦੀ ਭਾਗੀਦਾਰੀ ਨੂੰ ਹੋਰ ਮਜ਼ਬੂਤ ਬਣਾਉਣਾ ਅਤੇ ਇਸਤਰੀਆਂ ਨਾਲ



ਸੰਬੰਧਿਤ ਵਿਸ਼ਿਆਂ ਨੂੰ ਵਿਕੀਮੀਡੀਆ ਦੇ ਵੱਖ-ਵੱਖ ਪ੍ਰੋਜੈਕਟਾਂ ਵਿੱਚ ਵਧਾਉਣਾ ਸੀ। ਮੀਟਿੰਗ ਦੀ ਅਗਵਾਈ ਸੀਨੀਅਰ ਵਿਕੀਮੀਡੀਅਨ ਤਮਨਪ੍ਰੀਤ ਕੌਰ ਵੱਲੋਂ ਕੀਤੀ ਗਈ।

ਇਸ ਮੌਕੇ ਮੋਟੀਵੇਸ਼ਨਲ ਸਪੀਕਰ ਪ੍ਰਿੰਸੀਪਲ ਰਿਪਨਜੋਤ ਕੌਰ ਸੋਨੀ ਬੱਗਾ ਅਤੇ ਪ੍ਰਸਿੱਧ ਲੇਖਿਕਾ ਡਾ. ਅਸ਼ਵਿੰਦਰ ਕੌਰ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਏ। ਉਨ੍ਹਾਂ ਨੇ ਮਹਿਲਾਵਾਂ ਦੀ ਸਿੱਖਿਆ, ਸਮਾਜਿਕ ਜਾਗਰੂਕਤਾ ਅਤੇ ਡਿਜ਼ੀਟਲ ਪਲੇਟਫਾਰਮਾਂ ’ਤੇ ਵਧ ਰਹੀ ਭੂਮਿਕਾ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਗਿਆਨ ਦੀ ਸਿਰਜਣਾ ਅਤੇ ਗਿਆਨ ਸਾਂਝਾ ਕਰਨ ਵਾਲੇ ਮੰਚਾਂ ਨਾਲ ਮਹਿਲਾਵਾਂ ਦਾ ਜੁੜਨਾ ਬਹੁਤ ਜ਼ਰੂਰੀ ਹੈ, ਤਾਂ ਜੋ ਸਮਾਜ ਦੇ ਹਰ ਵਰਗ ਦੀ ਆਵਾਜ਼ ਨੂੰ ਵਿਸ਼ਵ ਪੱਧਰ ‘ਤੇ ਸਹੀ ਤਰੀਕੇ ਨਾਲ ਦਰਜ ਕੀਤਾ ਜਾ ਸਕੇ।

ਮੀਟਿੰਗ ਦੌਰਾਨ ਵਿਕੀਪੀਡੀਆ, ਵਿਕੀਸਰੋਤ, ਵਿਕੀਕਾਮਨਜ਼ ਅਤੇ ਵਿਕੀਮੀਡੀਆ ਫਾਊਂਡੇਸ਼ਨ ਦੇ ਹੋਰ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਵਕਤਾਵਾਂ ਵੱਲੋਂ ਭਾਗੀਦਾਰਾਂ ਨੂੰ ਦੱਸਿਆ ਗਿਆ ਕਿ ਇਹ ਮੰਚ ਸਿਰਫ਼ ਜਾਣਕਾਰੀ ਪ੍ਰਾਪਤ ਕਰਨ ਲਈ ਹੀ ਨਹੀਂ, ਸਗੋਂ ਜਾਣਕਾਰੀ ਬਣਾਉਣ ਅਤੇ ਸੰਪਾਦਿਤ ਕਰਨ ਲਈ ਵੀ ਮਹੱਤਵਪੂਰਨ ਹਨ। ਖ਼ਾਸ ਤੌਰ ‘ਤੇ ਇਸ ਗੱਲ ਉੱਤੇ ਜ਼ੋਰ ਦਿੱਤਾ ਗਿਆ ਕਿ ਮਹਿਲਾਵਾਂ ਨਾਲ ਜੁੜੇ ਵਿਸ਼ਿਆਂ, ਉਨ੍ਹਾਂ ਦੀਆਂ ਉਪਲਬਧੀਆਂ, ਇਤਿਹਾਸ ਅਤੇ ਯੋਗਦਾਨ ਨੂੰ ਵਿਕੀਮੀਡੀਆ ਪ੍ਰੋਜੈਕਟਾਂ ਵਿੱਚ ਹੋਰ ਵੱਧ ਦਰਜ ਕੀਤਾ ਜਾਣਾ ਚਾਹੀਦਾ ਹੈ।

ਤਮਨਪ੍ਰੀਤ ਕੌਰ ਨੇ ਕਿਹਾ ਕਿ ਡਿਜ਼ੀਟਲ ਯੁੱਗ ਵਿੱਚ ਮਹਿਲਾਵਾਂ ਦੀ ਸਰਗਰਮ ਭਾਗੀਦਾਰੀ ਨਾਲ ਨਾ ਸਿਰਫ਼ ਗਿਆਨ ਦੇ ਖਜ਼ਾਨੇ ਨੂੰ ਵਧਾਇਆ ਜਾ ਸਕਦਾ ਹੈ, ਸਗੋਂ ਸਮਾਜ ਵਿੱਚ ਲਿੰਗ ਸਮਾਨਤਾ ਦੇ ਵਿਚਾਰ ਨੂੰ ਵੀ ਮਜ਼ਬੂਤੀ ਮਿਲਦੀ ਹੈ। ਤਮਨਪ੍ਰੀਤ ਨੇ ਭਾਗੀਦਾਰਾਂ ਨੂੰ ਵਿਕੀਮੀਡੀਆ ਦੇ ਵੱਖ-ਵੱਖ ਪ੍ਰੋਜੈਕਟਾਂ ਨਾਲ ਜੁੜਨ ਅਤੇ ਇਸਤਰੀਆਂ ਨਾਲ ਸੰਬੰਧਿਤ ਵਿਸ਼ਿਆਂ ‘ਤੇ ਲੇਖ ਤਿਆਰ ਕਰਨ ਲਈ ਪ੍ਰੇਰਿਤ ਕੀਤਾ।

ਅੰਮ੍ਰਿਤਪਾਲ ਕੌਰ ਅਮਨ ਨੇ ਮੀਟਿੰਗ ਵਿੱਚ ਹਾਜ਼ਰ ਮਹਿਲਾਵਾਂ ਦੀ ਡਿਜ਼ੀਟਲ ਖੇਤਰ ਵਿੱਚ ਵਧ ਰਹੀ ਭੂਮਿਕਾ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨਵੀਂ ਪੀੜ੍ਹੀ ਨੂੰ ਵੀ ਗਿਆਨ-ਸਿਰਜਣਾ ਨਾਲ ਜੁੜਨ ਲਈ ਪ੍ਰੇਰਣਾ ਮਿਲਦੀ ਹੈ। ਉਨ੍ਹਾਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਜਾਣਕਾਰੀ ਵਧਾਉਣ ਵਾਲੀਆਂ ਪ੍ਰੇਰਕ ਮੀਟਿੰਗਾਂ ਦਾ ਆਯੋਜਨ ਕਰਦੇ ਰਹਿਣ ਦੀ ਲੋੜ ‘ਤੇ ਜ਼ੋਰ ਦਿੱਤਾ। ਤਰਨ ਗੋਸਵਾਮੀ ਵੱਲੋਂ ਮੀਟਿੰਗ ਵਿੱਚ ਸ਼ਾਮਲ ਮੈਂਬਰਾਂ ਅਤੇ ਮੀਟਿੰਗ ਲਈ ਸਥਾਨ ਉਪਲੱਬਧ ਕਰਵਾਉਣ ਲਈ ਪਟਿਆਲਾ ਬੁੱਕ ਹਾਊਸ ਦੇ ਪ੍ਰਬੰਧਕ ਗੁਰਦੀਪ ਕਾਫ਼ਰ ਦਾ ਧੰਨਵਾਦ ਕੀਤਾ ਗਿਆ। ਮੀਟਿੰਗ ਵਿੱਚ ਚਰਨ ਗਿੱਲ, ਸਤਦੀਪ ਗਿੱਲ, ਸੋਨੀਆ ਨੋਹਰਾ, ਜੈਸਮੀਨ ਗੋਸਵਾਮੀ, ਹਰਮਨ ਕੌਰ, ਅੰਸ਼ਪ੍ਰੀਤ ਕੌਰ, ਨਿਰਮਲ ਕੌਰ ਵੀ ਸ਼ਾਮਲ ਹੋਏ।

## ਧਾਰਮਿਕ ਗ੍ਰੰਥਾਂ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਰੱਖੜਾ ਵੱਲੋਂ 18 ਨੂੰ ਡੀਸੀ ਦਫ਼ਤਰ ਪਟਿਆਲਾ ਵਿਖੇ ਰੋਸ ਪ੍ਰਦਰਸ਼ਨ



ਪਟਿਆਲਾ, 12 ਮਾਰਚ (ਜਵੰਦਾ): ਸਾਬਕਾ ਕੈਬਨਿਟ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਆਪਣੇ ਗ੍ਰਹਿ ਵਿਖੇ ਹਲਕਾ ਸਮਾਣਾ ਦੇ ਮੋਹਤਬਰ ਸਾਥੀਆਂ ਨਾਲ ਸਮਾਣਾ ’ਚ ਚੱਲ ਰਹੇ ਧਰਮ ਯੁੱਧ ਮੋਰਚੇ ਦੇ ਸੰਦਰਭ ਅਹਿਮ ਮੀਟਿੰਗ ਕੀਤੀ ਗਈ।

ਇਸ ਮੀਟਿੰਗ ਤੋਂ ਦੌਰਾਨ ਫ਼ੈਸਲਾ ਲਿਆ ਗਿਆ ਹੈ ਕਿ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲੇ ਅਪਰਾਧੀਆਂ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਮਾਣਾ ’ਚ ਚੱਲ ਰਹੇ ਧਰਮ ਯੁੱਧ ਮੋਰਚੇ ਦੀ ਹਮਾਇਤ ਵਿੱਚ 18 ਮਾਰਚ 2026 ਨੂੰ ਡੀਸੀ ਦਫ਼ਤਰ ਪਟਿਆਲਾ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਸੁਰਜੀਤ ਸਿੰਘ ਰੱਖੜਾ ਨੇ ਦੱਸਿਆ ਕਿ ਪਿਛਲੇ 16 ਮਹੀਨਿਆਂ ਤੋਂ ਸਮਾਣਾ ’ਚ 400 ਫੁੱਟ ਉੱਚੇ ਟਾਵਰ @ਤੇ ਬੈਠ ਕੇ ਭਾਈ ਗੁਰਜੀਤ ਸਿੰਘ ਖ਼ਾਲਸਾ ਜੀ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਖ਼ਿਲਾਫ਼ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕਰ ਰਹੇ ਹਨ ਅਤੇ ਇਹ ਸੰਘਰਸ਼ ਪੰਥ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ, ਜਿਸ ਦੀ ਹਮਾਇਤ ਕਰਨਾ ਹਰ ਸਿੱਖ ਦਾ ਫਰਜ਼ ਬਣਦਾ ਹੈ।

ਉਨ੍ਹਾਂ ਸਮੁੱਚੀ ਸਾਧ ਸੰਗਤ ਨੂੰ ਅਪੀਲ ਕੀਤੀ ਕਿ 18 ਮਾਰਚ ਨੂੰ ਡੀਸੀ ਦਫ਼ਤਰ ਪਟਿਆਲਾ ਵਿਖੇ ਹੋਣ ਵਾਲੇ ਰੋਸ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਭਾਈ ਗੁਰਜੀਤ ਸਿੰਘ ਖ਼ਾਲਸਾ ਦੇ ਸਿਦਕ ਅਤੇ ਸੰਘਰਸ਼ ਦੀ ਹਮਾਇਤ ਕੀਤੀ ਜਾਵੇ। ਸੰਗਤਾਂ ਦੀ ਇਕਜੁੱਟਤਾ ਨਾਲ ਹੀ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਮਜ਼ਬੂਤੀ ਮਿਲੇਗੀ।

## ਹਲਕਾ ਸਨੌਰ ਦੀਆਂ ਸੜਕਾਂ ਦੇ ਮੁੱਦੇ ’ਤੇ ਹਲਕਾ ਇੰਚਾਰਜ ’ਤੇ ਵਰ੍ਹੇ ਸ਼ੈਰੀ ਰਿਆੜ

ਸਨੌਰ, 12 ਮਾਰਚ (ਪ੍ਰਥਮ ਕੁਮਾਰ): ਸਨੌਰ ਦੇ ਸੀਨੀਅਰ ਕਾਂਗਰਸੀ ਆਗੂ ਮਨਸਿਮਰਤ ਸਿੰਘ ਸ਼ੈਰੀ ਰਿਆੜ ਨੇ ਹਲਕਾ ਸਨੌਰ ਦੀਆਂ ਖਰਾਬ ਸੜਕਾਂ ਦੇ ਮੁੱਦੇ ਨੂੰ ਲੈ ਕੇ ਸਰਕਾਰ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ’ਤੇ ਤਿੱਖਾ ਨਿਸ਼ਾਨਾ ਸਾਧਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਹਲਕਾ ਸਨੌਰ ਦੇ ਕਈ ਪਿੰਡਾਂ ਅਤੇ ਮੁੱਖ ਮਾਰਗਾਂ ਦੀ ਹਾਲਤ ਬਹੁਤ ਹੀ ਖਰਾਬ ਹੋ ਚੁੱਕੀ ਹੈ, ਜਿਸ ਕਾਰਨ ਆਮ ਲੋਕਾਂ ਨੂੰ ਰੋਜ਼ਾਨਾ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ਼ੈਰੀ ਰਿਆੜ ਨੇ ਦੋਸ਼ ਲਗਾਇਆ ਕਿ ਹਲਕਾ ਇੰਚਾਰਜ ਵੱਲੋਂ ਕਈ ਸੜਕਾਂ ਦੇ ਨੀਂਹ ਪੱਥਰ ਤਾਂ ਰੱਖੇ ਗਏ ਹਨ, ਪਰ ਅਜੇ ਤੱਕ ਜ਼ਮੀਨੀ ਪੱਧਰ ’ਤੇ ਕੋਈ ਕੰਮ ਨਜ਼ਰ ਨਹੀਂ ਆ ਰਿਹਾ। ਉਨ੍ਹਾਂ ਕਿਹਾ ਕਿ ਸਿਰਫ ਨੀਂਹ ਪੱਥਰ ਰੱਖ ਕੇ ਅਤੇ ਵੱਡੇ-ਵੱਡੇ ਦਾਅਵੇ ਕਰਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ, ਜਦਕਿ ਹਕੀਕਤ ਇਹ ਹੈ ਕਿ ਸੜਕਾਂ ਦੀ ਮੁਰੰਮਤ ਜਾਂ ਨਵੀਂ ਤਾਮੀਰ ਦਾ ਕੰਮ ਸ਼ੁਰੂ ਹੀ ਨਹੀਂ ਹੋਇਆ। ਉਨ੍ਹਾਂ ਕਿਹਾ



ਕਿ ਸਨੌਰ ਹਲਕੇ ਦੇ ਕਈ ਇਲਾਕਿਆਂ ਵਿੱਚ ਸੜਕਾਂ ’ਤੇ ਵੱਡੇ-ਵੱਡੇ ਖੱਡੇ ਪੈ ਚੁੱਕੇ ਹਨ, ਜਿਸ ਕਾਰਨ ਹਾਦਸਿਆਂ ਦਾ ਖਤਰਾ ਵੀ ਵੱਧ ਗਿਆ ਹੈ। ਸਕੂਲੀ ਬੱਚਿਆਂ, ਕਿਸਾਨਾਂ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਇਸ ਕਾਰਨ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ਼ੈਰੀ ਰਿਆੜ ਨੇ ਕਿਹਾ ਕਿ ਲੋਕਾਂ ਨੇ ਵਿਕਾਸ ਦੀ ਉਮੀਦ ਨਾਲ ਸਰਕਾਰ ਨੂੰ ਚੁਣਿਆ ਸੀ, ਪਰ ਹੁਣ ਲੋਕਾਂ ਨੂੰ ਸਿਰਫ ਐਲਾਨ ਹੀ ਸੁਣਨ ਨੂੰ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਦੇ ਹਿੱਤਾਂ ਲਈ ਉਹ ਹਰ ਮੰਚ ’ਤੇ ਆਵਾਜ਼ ਉਠਾਉਂਦੇ ਰਹਿਣਗੇ। ਸ਼ੈਰੀ ਰਿਆੜ ਨੇ ਦੱਸਿਆ ਕਿ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ 15 ਅਕਤੂਬਰ 2025 ਨੂੰ ਸਨੌਰ ਦੇ ਪਿੰਡ ਹਰੀਗੜ੍ਹ ਤੋਂ ਪਟਿਆਲਾ-ਪਿਹੋਵਾ ਰੋਡ ਤੱਕ ਸੜਕ ਬਣਾਉਣ ਲਈ ਨੀਂਹ ਪੱਥਰ ਰੱਖਿਆ ਗਿਆ ਸੀ, ਪਰ ਅਜੇ ਤੱਕ ਇਸ ਸੜਕ ਦਾ ਨਿਰਮਾਣ ਕੰਮ ਸ਼ੁਰੂ ਨਹੀਂ ਹੋ ਸਕਿਆ। ਉਨ੍ਹਾਂ ਕਿਹਾ ਕਿ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸੜਕ ਨਾ ਬਣਨ ਕਾਰਨ ਇਲਾਕੇ ਦੇ ਲੋਕਾਂ ਵਿੱਚ ਨਾਰਾਜ਼ਗੀ ਪਾਈ ਜਾ ਰਹੀ ਹੈ।

## ਡੀ.ਬੀ.ਜੀ. ਨੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਵਾਇਆ

ਪਟਿਆਲਾ, 12 ਮਾਰਚ (ਚ.ਨ.ਸ.): ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ ਪਟਿਆਲਾ ਦੇ ਸੰਸਥਾਪਕ ਅਤੇ ਪ੍ਰਧਾਨ ਡਾ.ਰਾਕੇਸ਼ ਵਰਮੀ ਦੀ ਸਰਪ੍ਰਸਤੀ ਹੇਠ ਸ਼ਵੇਤਾ ਜਿੰਦਲ ਦੀ ਅਗਵਾਈ ਵਿੱਚ ਗੁਰਚਰਨ ਸਿੰਘ ਮਾਨ ਨੂੰ ਸਮਰਪਿਤ ਅੱਖਾਂ ਦਾ ਮੁਫਤ ਚੈਕਅੱਪ, ਮੁਫਤ ਦਵਾਈਆਂ, ਮੁਫਤ ਐਨਕਾਂ ਦਾ ਕੈਂਪ ਸਰਦਾਰ ਸੁੰਦਰ ਸਿੰਘ ਧਰਮਸ਼ਾਲਾ ਏਕਤਾ ਨਗਰ ਪਟਿਆਲਾ ਵਿਖੇ ਆਯੋਜਿਤ ਕੀਤਾ ਜਿਸਦਾ ਉਦਘਾਟਨ ਡਾ.ਰਾਕੇਸ਼ ਵਰਮੀ, ਅਮਨਇੰਦਰ ਸਿੰਘ ਸੈਣੀ, ਪਵਨ ਰਾਵਲ, ਖੇਮ ਚੰਦ, ਸ਼ਵੇਤਾ ਜਿੰਦਲ, ਆਰਤੀ ਬਿਸ਼ਟ, ਮਾਧੋ ਸਿੰਘ ਬਿਸ਼ਟ ਨੇ ਕੀਤਾ ਅੱਖਾਂ ਦੇ ਹਸਪਤਾਲ ਨੇਤਰ ਪਰਕਾਸ਼ ਦੇ ਡਾਕਟਰ ਅਤੇ ਪੈਰਾਮੈਡੀਕਲ ਸਟਾਫ ਨੇ 140 ਕਲੋਨੀ ਵਾਸੀਆਂ ਦੀ ਨਜ਼ਰ ਚੈਕ ਕਰਕੇ ਮੁਫਤ ਦਵਾਈਆਂ, ਐਨਕਾਂ ਦਿੱਤੀਆਂ 23 ਲੋਕਾਂ ਦੇ ਸਫੇਦ ਮੋਤੀਏ ਦੇ ਆਪਰੇਸ਼ਨ ਕਰਵਾਏ ਜਾਣਗੇ। ਸ਼ਵੇਤਾ ਜਿੰਦਲ ਨੇ ਘਰ-ਘਰ ਜਾ ਕੇ ਅੱਖਾਂ ਚੈਕ ਕਰਵਾਉਣ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ। ਉਨਾਂ ਨੇ ਕਿਹਾ ਗੁਰਚਰਨ ਸਿੰਘ ਮਾਨ ਡੀ.ਬੀ.ਜੀ ਦੇ ਮੈਂਬਰ ਰਹੇ ਸਨ ਹੁਣ ਪਰਮਜੀਤ ਕੌਰ ਖੁਦ ਡੀ.ਬੀ.ਜੀ ਦੇ ਮੈਂਬਰ ਵਜੋਂ ਸੇਵਾ ਕਰ ਰਹੇ ਹਨ ਕੁਲਵਿੰਦਰ ਸਿੰਘ ਨੇ ਕਿਹਾ ਦੂਸਰਿਆਂ ਦੀ ਮਦਦ ਕਰਨ ਦੀ ਸੇਵਾ ਵਾਹਿਗੁਰੂ ਵੱਲੋਂ ਕਿਸਮਤ ਵਾਲਿਆਂ ਨੂੰ ਹੀ ਮਿਲਦੀ ਹੈ ਕੈਂਪ ਦੀ ਸਫਲਤਾ ਲਈ ਅਨਿਲ ਕੁਮਾਰ ਸਿੰਘ, ਪ੍ਰਿਅੰਕ ਤ੍ਰਿਪਾਠੀ, ਸੁਰੇਸ਼ ਤ੍ਰਿਪਾਠੀ, ਸੰਨੀ ਕੁਮਾਰ, ਪੂਰਨ ਸਿੰਘ, ਡਾ.ਉਮਾ ਸ਼ੰਕਰ, ਗੋਪਾਲ ਚੰਦ, ਜੁਗ ਲਾਲ, ਕੈਲਾਸ਼ ਪ੍ਰਧਾਨ ਵੈਲਫੇਅਰ ਸੁਸਾਇਟੀ, ਅਨਿਲ ਕੁਮਾਰ, ਰਾਜੇਸ਼ ਕੋਟੀਆ, ਆਸ਼ਾ ਰਾਮ,ਗੀਤਾ ਦੇਵੀ, ਸੁਰੇਸ਼ ਰਾਣੀ, ਡਾ.ਰਾਕੇਸ਼ ਵਰਮੀ, ਅਮਨਇੰਦਰ ਸਿੰਘ ਸੈਣੀ, ਪਵਨ ਰਾਵਲ, ਖੇਮ ਚੰਦ, ਸ਼ਵੇਤਾ ਜਿੰਦਲ, ਆਰਤੀ ਬਿਸ਼ਟ, ਮਾਧੋ ਸਿੰਘ ਬਿਸ਼ਟ ਨੇ ਸਹਿਯੋਗ ਦਿੱਤਾ। ਇਹ ਜਾਣਕਾਰੀ ਅਮਨਇੰਦਰ ਸਿੰਘ ਸੈਣੀ ਨੇ ਦਿੱਤੀ।

## ਪੀਪੀਐਸ ਸਕੂਲ ਦੀ ਵਿਦਿਆਰਥਣ ਨੇ ਯੂਪੀਐਸਸੀ ’ਚ 13ਵਾਂ ਸਥਾਨ ਪ੍ਰਾਪਤ ਕੀਤਾ

ਨਾਭਾ, 12 ਮਾਰਚ (ਬਲਜਿੰਦਰ ਮਾਨ) : ਪੰਜਾਬ ਪਬਲਿਕ ਸਕੂਲ, ਨਾਭਾ ਦੀ ਸਾਬਕਾ ਵਿਦਿਆਰਥਣ ਅਨੰਨਿਆ ਸ਼ਰਮਾ ਨੇ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂਪੀਐਸਸੀ) ਦੀ ਪ੍ਰੀਖਿਆ ਸਫਲਤਾਪੂਰਵਕ ਪਾਸ ਕਰਕੇ ਮੈਰਿਟ ਦੇ ਕ੍ਰਮ ਵਿੱਚ 13ਵਾਂ ਸਥਾਨ ਪ੍ਰਾਪਤ ਕੀਤਾ ਹੈ। ਇਸ ਮੌਕੇ ਰਾਮਕ੍ਰਿਸ਼ਨ ਭੱਲਾ ਸੀਨੀਅਰ ਭਾਜਪਾ ਨੇਤਾ ਤੇ ਵਿਸ਼ਾਲ ਸ਼ਰਮਾ ਪ੍ਰਧਾਨ ਲੋਕਲ ਬਾਡੀ ਸੈੱਲ ਪਟਿਆਲਾ ਸਾਊਥ ਵਿਸ਼ੇਸ਼ ਤੌਰ ’ਤੇ ਸਕੂਲ ਪਹੁੰਚੇ ਅਤੇ ਉਨ੍ਹਾਂ ਨੇ ਆਨੰਨਿਆਂ ਸ਼ਰਮਾਂ ਦਾ ਇਸ ਸ਼ਾਨਦਾਰ ਪ੍ਰਾਪਤੀ ਲਈ ਸਨਮਾਨ ਕੀਤਾ ਅਤੇ ਵਧਾਈ ਦਿੱਤੀ।

ਇਸ ਮੌਕੇ ਆਨੰਨਿਆ ਸ਼ਰਮਾ ਦੇ ਪਿਤਾ ਅਤੇ ਸਕੂਲ ਹੈੱਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਸਕੂਲ ਦੇ ਵਿਦਿਆਰਥੀ ਸਕੂਲ ਦਾ ਨਾਮ ਹੋਰ ਰੌਸ਼ਨ ਕਰਨਗੇ।

## 14 ਨੂੰ ਮੋਗਾ ਰੈਲੀ ਪੰਜਾਬ ਦੀ ਸਿਆਸਤ ’ਚ ਮੀਲ ਪੱਥਰ ਸਾਬਤ ਹੋਵੇਗੀ : ਰਾਮ ਕੁਮਾਰ ਤੇਪਲਾ

ਘਨੌਰ 12 ਮਾਰਚ (ਰਾਜਿੰਦਰ ਸਿੰਘ ਕੰਬੋਜ): ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ 14 ਮਾਰਚ ਨੂੰ ਮੋਗਾ ਵਿਖੇ ਹੋਣ ਜਾ ਰਹੀ ਵਿਸ਼ਾਲ ਰੈਲੀ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਵੱਲੋਂ ਤਿਆਰੀਆਂ ਜੰਗੀ ਪੱਧਰ ’ਤੇ ਜਾਰੀ ਹੈ। ਇਸ ਸੰਬੰਧੀ ਮੰਡਲ ਪ੍ਰਧਾਨ ਰਾਮ ਕੁਮਾਰ ਰਾਣਾ ਤੇਪਲਾ ਨੇ ਇਕ ਅਹਿਮ ਬਿਆਨ ਜਾਰੀ



ਕਰਦਿਆਂ ਕਿਹਾ ਕਿ ਇਹ ਰੈਲੀ ਪੰਜਾਬ ਦੀ ਰਾਜਨੀਤਿਕ ਫ਼ਿਜ਼ਾ ਬਦਲਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਤੋਂ ਪਹਿਲਾਂ ਭਾਜਪਾ ਵੱਲੋਂ ਵਜਾਇਆ ਜਾਣ ਵਾਲਾ ਇਹ ਚੋਣ ਬਿਗਲ ਵਿਰੋਧੀ ਪਾਰਟੀਆਂ ਦੇ ਸਿਆਸੀ ਸਮੀਕਰਨ ਵਿਗਾੜ ਦੇਵੇਗਾ। ਰਾਮ ਕੁਮਾਰ ਰਾਣਾ ਤੇਪਲਾ ਨੇ ਦੱਸਿਆ ਕਿ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਦਿਨ-ਰਾਤ ਇਕ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਵਧਦੀ ਲੋਕਪ੍ਰਿਯਤਾ ਤੋਂ ਸਪੱਸ਼ਟ ਹੈ ਕਿ ਪੰਜਾਬ ਦੇ ਲੋਕ ਹੁਣ ਕੇਂਦਰ ਦੀਆਂ ਲੋਕ-ਪੱਖੀ ਨੀਤੀਆਂ ’ਤੇ ਭਰੋਸਾ ਜਤਾ ਰਹੇ ਹਨ। ਓਬੀਸੀ ਮੋਰਚੇ ਦੇ ਆਗੂ ਵਜੋਂ ਗੱਲ ਕਰਦਿਆਂ ਰਾਮ ਕੁਮਾਰ ਰਾਣਾ ਤੇਪਲਾ ਨੇ ਕਿਹਾ ਕਿ ਪਛੜੀਆਂ ਸ਼੍ਰੇਣੀਆਂ ਅਤੇ ਸਮਾਜ ਦੇ ਹਰ ਵਰਗ ਦੇ ਲੋਕਾਂ ਵਿਚ ਅਮਿਤ ਸ਼ਾਹ ਦੇ ਆਗਮਨ ਨੂੰ ਲੈ ਕੇ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ 14 ਮਾਰਚ ਦੀ ਰੈਲੀ ਵਿਰੋਧੀਆਂ ਦੇ ਸਾਰੇ ਕਿਆਸਾਂ ਨੂੰ ਖਤਮ ਕਰਕੇ ਭਾਜਪਾ ਦੀ ਮਜ਼ਬੂਤ ਸਥਿਤੀ ਨੂੰ ਦਰਸਾਏਗੀ।

## ਪਬਲਿਕ ਕਾਲਜ ’ਚ ਰਾਸ਼ਟਰੀ ਵਿਗਿਆਨ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ




ਸਮਾਣਾ, 12 ਮਾਰਚ (ਵਿਜੇ ਕੁਮਾਰ) : ਪਬਲਿਕ ਕਾਲਜ ਸਮਾਣਾ ਦੇ ਸਾਇੰਸ ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਰਾਸ਼ਟਰੀ ਵਿਗਿਆਨ ਦਿਵਸ ਨੂੰ ਸਮਰਪਿਤ ਇੱਕ ਪ੍ਰੋਗਰਾਮ ਦਾ ਆਯੋਜਨ ਕਾਲਜ ਕੈਂਪਸ ਵਿਖੇ ਕਰਵਾਇਆ ਗਿਆ, ਜਿਸ ਦਾ ਵਿਸ਼ਾ ਵੂਮੈਨ ਇਨ ਸਾਇੰਸ ਕੈਟਾਲਾਇਜ਼ਿੰਗ ਵਿਕਸਤ ਭਾਰਤ ਸੀ। ਪ੍ਰ. (ਡਾ) ਬਲਵਿੰਦਰ ਸਿੰਘ ਸੂਚ, ਬਾਇਓਟੈਕਨਾਲਾਜੀ ਐਂਡ ਫੂਡ ਟੈਕਨਾਲਾਜੀ ਵਿਭਾਗ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਇਸ ਪ੍ਰੋਗਰਾਮ ਵਿੱਚ ਮੁੱਖ ਬੁਲਾਰੇ ਦੇ ਤੌਰ ’ਤੇ ਸ਼ਿਰਕਤ ਕੀਤੀ। ਡਾ. ਸੂਚ ਨੇ ਸਾਇੰਸ, ਇਨੋਵੇਸ਼ਨ ਐਂਡ ਇੰਟਲੈਕਚੁਅਲ ਪ੍ਰੋਪਰਟੀ ਰਾਇਟਸ ਵਿਸ਼ੇ ਤੇ ਵਿਦਿਆਰਥੀਆਂ ਨੂੰ ਸੰਬੋਧਿਤ ਕੀਤਾ। ਮੁੱਖ ਵਕਤਾ ਨੇ ਆਪਣੇ ਲੈਕਚਰ ਵਿੱਚ ਪੇਟੈਂਟ, ਕਾਪੀਰਾਈਟ ਅਤੇ ਟਰੇਡਮਾਰਕ ਵਰਗੇ ਵਿਸ਼ਿਆਂ ਬਾਰੇ ਵਿਦਿਆਰਥੀਆਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਸਾਇੰਸ ਖੇਤਰ ਵਿੱਚ ਵਧੀਆ ਕੰਮ ਕਰ ਰਹੇ ਅਧਿਆਪਕਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਉਪਰੋਕਤ ਪ੍ਰੋਗਰਾਮ ਦੌਰਾਨ ਡਾ. ਹਰਨੀਤ ਕੌਰ, ਡਾ. ਨਿਧੀ ਬਾਂਸਲ, ਡਾ. ਇੰਦਰਪ੍ਰੀਤ ਸਿੰਘ ਗਰੋਵਰ, ਡਾ. ਰੁਪਿੰਦਰ ਕੌਰ (ਕੈਮਿਸਟਰੀ), ਡਾ. ਤਰਨਵੀਰ ਕੌਰ, ਡਾ. ਪੀ.ਐਸ.ਸੰਧੂ ਤੇ ਪ੍ਰੋ. ਸਿਮਰਨ ਮੌਜੂਦ ਰਹੇ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਟਿੱਬਾ ਵਿਖੇ ਵਿਦਿਆਰਥੀਆਂ ਨੂੰ ਕਿੱਟਾਂ ਵੰਡੀਆਂ

ਸ਼ੇਰਪੁਰ, 12 ਮਾਰਚ (ਬਲਜੀਤ ਸਿੰਘ ਟਿੱਬਾ): ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਟਿੱਬਾ ਵਿਖੇ ਅੱਜ ਰਾਸ਼ਟਰੀ ਸਕਿੱਲ ਯੋਗਤਾ ਫਰੇਮਵਰਕ ਅਧੀਨ ਆਈ ਟੀ ਅਤੇ ਬਿਊਟੀ ਵੈਲਨੈਸ ਵਿਸ਼ਿਆਂ ਨਾਲ ਸੰਬੰਧਿਤ ਵਿਦਿਆਰਥੀਆਂ ਨੂੰ ਕਿੱਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਨੂੰ ਕਿੱਟਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਇਨ੍ਹਾਂ ਸਾਧਨਾਂ ਦੀ ਮਦਦ ਨਾਲ ਆਪਣੇ ਪ੍ਰੈਕਟੀਕਲ ਹੁਨਰਾਂ ਨੂੰ ਹੋਰ ਨਿਖਾਰਣ। ਲੈਕਚਰਾਰ ਜਸਵੀਰ ਕੌਰ, ਲੈਕਚਰਾਰ ਬਲਵੀਰ ਸਿੰਘ, ਸ ਮਨਪ੍ਰੀਤ ਸਿੰਘ, ਸ ਦਰਸ਼ਨ ਸਿੰਘ, ਸ੍ਰੀਮਤੀ ਸੋਹਣਜੀਤ ਕੌਰ, ਸ੍ਰੀਮਤੀ ਜਸ਼ਨਪ੍ਰੀਤ ਕੌਰ ਨੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਕਿੱਟਾਂ ਵੰਡ ਕੇ ਸ਼ੁਭਕਾਮਨਾਮਾ ਦਿੰਦਿਆਂ ਕਿਹਾ ਕਿ ਇਹ ਯੋਜਨਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੜਾਈ ਦੇ ਨਾਲ-ਨਾਲ ਤਕਨੀਕੀ ਅਤੇ



ਰੋਜ਼ਗਾਰਮੁਖੀ ਹੁਨਰ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਭਵਿੱਖ ਵਿੱਚ ਆਪਣੇ ਲਈ ਚੰਗੇ ਰੋਜ਼ਗਾਰ ਦੇ ਮੌਕੇ ਪੈਦਾ ਕਰ ਸਕਣ। ਇਸ ਮੌਕੇ ਵਿਦਿਆਰਥੀਆਂ ਨੇ ਵੀ ਖੁਸ਼ੀ ਜਤਾਈ ਅਤੇ ਸਰਕਾਰ ਦਾ ਧੰਨਵਾਦ ਕੀਤਾ।

ਬਲਾਕ ਸੰਮਤੀ ਦੇ ਚੈਅਰਮੈਨ ਚਰਨ ਸਿੰਘ ਖੇੜੀ ਕਿਹਾ ਕਿ ਇਸ ਤਰ੍ਹਾਂ ਦੀਆਂ ਕਿੱਟਾਂ ਨਾਲ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਕੰਮ ਕਰਨ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਉਹ ਆਪਣੇ ਵਿਸ਼ਿਆਂ ਵਿੱਚ ਹੋਰ ਮਾਹਰ ਹੋ ਸਕਣਗੇ। ਇਸ ਮੌਕੇ ਹਰਪ੍ਰੀਤ ਸਿੰਘ ਟਿੱਬਾ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ, ਬਲਵਿੰਦਰ ਸਿੰਘ ਭੋਲਾ ਟਿੱਬਾ ਬਲਾਕ ਪ੍ਰਧਾਨ ਕਿਸਾਨ ਵਿੰਗ,ਬਲਾਕ ਪ੍ਰਧਾਨ ਹੈਪੀ ਔਲਖ,ਹਰਦੀਪ ਸਿੰਘ ਹੈਪੀ ਆਗੂ ਬੀਸੀ ਵਿੰਗ,ਚੇਅਰਮੈਨ ਐਸ ਐੱਮ ਸੀ ਸੁਰਜੀਤ ਸਿੰਘ, ਮੈਂਬਰ ਸ਼ਮਸ਼ੇਰ ਸਿੰਘ ਟਿੱਬਾ, ਡਾਕਟਰ ਅਮਨਦੀਪ ਸਿੰਘ ਟਿੱਬਾ, ਗੁਰਦੀਪ ਸਿੰਘ ਸੋਨੀ,ਤਰਸੇਮ ਸਿੰਘ,ਕਰਨੈਲ ਸਿੰਘ, ਸਤਨਾਮ ਸਿੰਘ ਸਾਬਕਾ ਪੰਚ ਤੋਂ ਇਲਾਵਾ ਸਕੂਲ ਸਟਾਫ਼ ਅਤੇ ਪਿੰਡ ਦੇ ਮੋਹਤਵਾਰ ਆਗੂ ਹਾਜ਼ਰ ਸਨ।

## ਪੀ.ਐੱਮ. ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈਣ ਲਈ ਫਾਰਮਰ ਨੂੰ ਰਜਿਸਟਰ ਕਰਵਾਉਣਾ ਜ਼ਰੂਰੀ : ਖੇਤੀਬਾੜੀ ਅਫ਼ਸਰ

ਸਮਾਣਾ,12 ਮਾਰਚ (ਵਿਜੇ ਕੁਮਾਰ) : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਪੀ ਐਮ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਲਾਭ ਲੈ ਰਹੇ ਲਾਭਪਾਤਰੀ ਕਿਸਾਨਾਂ ਨੂੰ ਆਪਣੀਆਂ ਕਿਸ਼ਤਾਂ ਨੂੰ ਜਾਰੀ ਰੱਖਣ ਲਈ ਕੇਂਦਰੀ ਕਿਸਾਨ ਰਜਿਸਟਰੀ ਸਿਸਟਮ ਤਹਿਤ ਫਾਰਮਰ ਰਜਿਸਟਰੀ ਕਰਵਾਉਣਾ ਜ਼ਰੂਰੀ ਕਰ ਦਿੱਤਾ ਹੈ। ਬਲਾਕ ਖੇਤੀਬਾੜੀ ਅਫਸਰ ਸਮਾਣਾ ਡਾ. ਸਤੀਸ਼ ਕੁਮਾਰ ਨੇ ਦੱਸਿਆ ਕਿ ਸਨਮਾਨ ਨਿਧੀ ਦਾ ਲਾਭ ਲੈ ਰਹੇ ਕਿਸਾਨਾਂ ਨੂੰ ਰਜਿਸਟਰੇਸ਼ਨ ਆਈ.ਡੀ ਬਣਾਉਣ ਲਈ ਐਗਰੀਸਟੈਕ ਪੋਰਟਲ ’ਤੇ ਰਜਿਸਟਰ ਹੋਣਾ ਲਾਜਮੀ ਹੋਵੇਗਾ। ਫਾਰਮਰ ਰਜਿਸਟਰੀ ਦਾ ਮੁੱਖ ਮੰਤਵ ਕਿਸਾਨਾਂ ਦਾ ਇੱਕ ਕੇਂਦਰਿਤ ਡਾਟਾਬੇਸ ਤਿਆਰ ਕਰਨਾ ਹੋਵੇਗਾ ਤਾਂ ਜੋ ਸਰਕਾਰ ਦੀਆਂ ਕਿਸਾਨ ਪੱਖੀ ਸਕੀਮਾਂ ਦਾ ਲਾਭ ਅਸਲੀ ਕਿਸਾਨ ਤੱਕ ਸਿੱਧੇ ਅਤੇ ਪਾਰਦਰਸੀ ਤਰੀਕੇ ਨਾਲ ਪਹੁੰਚ ਸਕੇ। ਉਹਨਾਂ ਨੇ ਕਿਹਾ ਕਿ ਭਵਿੱਖ ਵਿੱਚ ਪੀ. ਐਮ ਕਿਸਾਨ ਸਨਮਾਨ ਨਿਧੀ ਸਕੀਮ ਦਾ ਲਾਭ ਉਨ੍ਹਾਂ ਲਾਭਪਾਤਰੀ



ਕਿਸਾਨਾਂ ਨੂੰ ਹੀ ਮਿਲੇਗਾ, ਜਿਨ੍ਹਾਂ ਨੇ ਆਪਣੀ ਰਜਿਸਟ੍ਰੇਸਨ ਮੁਕੰਮਲ ਕਰਕੇ ਫਾਰਮਰ ਆਈ. ਡੀ ਪ੍ਰਾਪਤ ਕੀਤੀ ਹੋਵੇਗੀ, ਹਰੇਕ ਰਜਿਸਟਰਡ ਲਾਭਪਾਤਰੀ ਨੂੰ ਇੱਕ ਵਿਲੱਖਣ ਪਹਿਚਾਣ ਨੰਬਰ ਮਿਲੇਗਾ, ਜੋ ਉਹਨਾਂ ਦੇ ਮੌਜੂਦਾ ਪੀ. ਐਮ ਕਿਸਾਨ ਅਕਾਊਂਟ ਨਾਲ ਲਿੰਕ ਕੀਤਾ ਜਾਵੇਗਾ, ਤਾਂ ਜੋ ਵੈਰੀਫਿਕੇਸਨ ਅਤੇ ਜਮੀਨ ਦੇ ਰਿਕਾਰਡ ਦੀ ਪ੍ਰਮਾਣਤਾ ਨੂੰ ਸੌਖਾਲਾ ਬਣਾਇਆ ਜਾ ਸਕੇ। ਡਾ. ਸਤੀਸ ਕੁਮਾਰ ਨੇ ਕਿਸਾਨਾਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਕਿ ਜੋ ਕਿਸਾਨ ਰਜਿਸਟ੍ਰੇਸਨ ਪ੍ਰਕਿਰਿਆ ਨੂੰ ਮੁਕੰਮਲ ਕਰਨ ਵਿੱਚ ਅਸਫਲ ਰਹਿਣਗੇ ਉਹਨਾਂ ਦੀਆਂ ਭਵਿੱਖ ਵਿੱਚ ਆਉਣ ਵਾਲੀਆਂ ਕਿਸਤਾਂ ‘ਤੇ ਰੋਕ ਲੱਗ ਸਕਦੀ ਹੈ। ਉਹਨਾਂ ਕਿਸਾਨਾਂ ਨੂੰ ਕਿਹਾ ਕਿ ਲਾਭਪਾਤਰੀ ਕਿਸਾਨ ਆਪਣੇ ਨਜਦੀਕੀ ਕਾਮਨ ਸਰਵਿਸ ਸੈਂਟਰ ਵਿਖੇ ਆਪਣਾ ਆਧਾਰ ਕਾਰਡ ਲੈ ਕੇ ਜਾਣ ਤੇ ਬਿਨਾਂ ਦੇਰੀ ਦੇ ਰਜਿਸਟ੍ਰੇਸ਼ਨ ਕਰਵਾਉਣ। ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਬਲਾਕ ਸਮਾਣਾ/ ਪਾਤੜਾਂ (ਪਟਿਆਲਾ) ਵੱਲੋਂ ਵੀ ਵੱਖ-ਵੱਖ ਬਲਾਕਾਂ ਵਿੱਚ ਕਾਮਨ ਸਰਵਿਸ ਸੈਂਟਰ ਨਾਲ ਰਾਬਤਾ ਕਰਕੇ ਪਿੰਡ ਪੱਧਰੀ ਕੈਂਪ ਲਗਾਏ ਜਾ ਰਹੇ ਹਨ। ਕਿਸਾਨ ਹੋਰ ਮਦਦ ਲਈ ਆਪਣੇ ਬਲਾਕ ਦੇ ਖੇਤੀਬਾੜੀ ਦਫਤਰ ਵਿੱਚ ਜਾ ਕੇ ਇਸ ਬਾਰੇ ਜਾਣਕਾਰੀ ਲੈ ਸਕਦੇ ਹਨ।